ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 18 ਸਤੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੨ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




Exclusive News

## ਪਾਕਿਸਤਾਨ ਵੱਲੋਂ ਭਾਰਤ 'ਚ ਹਾਕੀ ਖੇਡਣ ਤੋਂ ਨਾਂਹ, ਹਾਕੀ ਫ਼ੈਡਰੇਸ਼ਨ ਨੇ ਵੀ ਕਹੀ ਦੋ ਟੁੱਕ

**ਚੰਡੀਗੜ੍ਹ, 17 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਭਾਰਤ-ਪਾਕਿਸਤਾਨ ਵਿਚਾਲੇ ਮੌਜੂਦਾ ਸੰਵੇਦਨਸ਼ੀਲ ਹਾਲਾਤ ਦਾ ਹਵਾਲਾ ਦਿੰਦਿਆਂ ਪਾਕਿਸਤਾਨ ਨੇ ਏਸ਼ਿਆਈ ਚੈਂਪੀਅਨਜ਼ ਟਰਾਫੀ ਲਈ ਭਾਰਤ ਆਉਣ ਤੋਂ ਇਨਕਾਰ ਕਰਦਿਆਂ ਏਸ਼ਿਆਈ ਹਾਕੀ ਫੈਡਰੇਸ਼ਨ ਤੋਂ ਟੂਰਨਾਮੈਂਟ ਕਿਸੇ ਹੋਰ ਦੇਸ਼ ਵਿੱਚ ਕਰਵਾਉਣ ਦੀ ਮੰਗ ਕੀਤੀ ਹੈ। ਦੂਜੇ ਪਾਸੇ, ਹਾਕੀ ਇੰਡੀਆ ਦੇ ਸਕੱਤਰ ਜਨਰਲ ਅਤੇ AHF ਦੇ ਮੀਤ ਪ੍ਰਧਾਨ ਭੋਲਾ ਨਾਥ ਸਿੰਘ ਨੇ ਇਹ ਮੰਗ ਸਿਰੇ ਤੋਂ ਰੱਦ ਕਰ ਦਿੱਤੀ ਹੈ। ਇਹ ਟੂਰਨਾਮੈਂਟ 27 ਅਕਤੂਬਰ ਤੋਂ 5 ਨਵੰਬਰ ਤੱਕ ਪੰਜਾਬ ਦੇ ਮੁਹਾਲੀ ਅਤੇ ਜਲੰਧਰ ਵਿੱਚ ਖੇਡਿਆ ਜਾਣਾ ਹੈ। ਭੋਲਾ ਨਾਥ ਨੇ ਸਪੱਸ਼ਟ ਕੀਤਾ ਕਿ ਮੈਚ ਦੀ ਥਾਂ ਵਿੱਚ ਕੋਈ ਤਬਦੀਲੀ ਨਹੀਂ ਹੋਵੇਗੀ, ਜੇ ਪਾਕਿਸਤਾਨ ਨੇ ਖੇਡਣਾ ਹੈ ਤਾਂ ਉਸ ਨੂੰ ਭਾਰਤ ਹੀ ਆਉਣਾ ਪਵੇਗਾ। ਜੇ ਪਾਕਿਸਤਾਨ ਆਪਣੀ ਜ਼ਿੱਦ 'ਤੇ ਅੜਿਆ ਰਿਹਾ ਤਾਂ ਉਸ ਦੀ ਥਾਂ ਬੰਗਲਾਦੇਸ਼ ਜਾਂ ਓਮਾਨ ਦੀ ਟੀਮ ਨੂੰ ਖਿਡਾਇਆ ਜਾਵੇਗਾ। ਪਾਕਿਸਤਾਨ ਹਾਕੀ ਫੈਡਰੇਸ਼ਨ ਦੇ ਕਾਰਜਕਾਰੀ ਪ੍ਰਧਾਨ ਮੋਹੀਉੱਦੀਨ ਅਹਿਮਦ ਵਾਨੀ ਨੇ ਕਿਹਾ ਕਿ ਉਹ ਚਾਹੁੰਦੇ ਹਨ ਕਿ ਜਾਂ ਤਾਂ ਪੂਰਾ ਟੂਰਨਾਮੈਂਟ ਕਿਸੇ ਹੋਰ ਥਾਂ 'ਤੇ ਤਬਦੀਲ ਕੀਤਾ ਜਾਵੇ ਜਾਂ ਫਿਰ ਸਿਰਫ਼ ਪਾਕਿਸਤਾਨ ਦੇ ਮੈਚ ਭਾਰਤ ਤੋਂ ਬਾਹਰ ਕਰਵਾਏ ਜਾਣ। ਉਨ੍ਹਾਂ ਸਪਸ਼ਟ ਕੀਤਾ ਕਿ ਇਹ ਫ਼ੈਸਲਾ ਭਾਰਤ ਅਤੇ ਪਾਕਿਸਤਾਨ ਵਿਚਾਲੇ ਮੌਜੂਦਾ ਤਣਾਅਪੂਰਨ ਹਾਲਾਤ ਅਤੇ ਸੁਰੱਖਿਆ ਪ੍ਰਬੰਧਾਂ ਨੂੰ ਧਿਆਨ ਵਿੱਚ ਰੱਖ ਕੇ ਕੀਤਾ ਗਿਆ ਹੈ।

### ਪ੍ਰਧਾਨ ਮੰਤਰੀ ਮੋਦੀ ਨੂੰ ਜਨਮ ਦਿਨ 'ਤੇ ਬਲਵੰਤ ਸਿੰਘ ਰਾਜੋਆਣਾ ਨੇ ਲਿਖੀ ਚਿੱਠੀ

# 'ਜੇਕਰ ਸਰਕਾਰ ਫਾਂਸੀ ਦੇਣ...'

**ਪਟਿਆਲਾ, 17 ਸਤੰਬਰ (ਆਵਾਜ਼ਿ ਕੌਮ ਬਿਊਰੋ)**-31 ਸਾਲ ਤੋਂ ਪੰਜਾਬ ਦੀ ਪਟਿਆਲਾ ਜੇਲ੍ਹ 'ਚ ਬੰਦੀ ਸਿੱਖ ਬਲਵੰਤ ਸਿੰਘ ਰਾਜੋਆਣਾ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਉਨ੍ਹਾਂ ਦੇ ਜਨਮ ਦਿਨ 'ਤੇ ਚਿੱਠੀ ਲਿਖੀ ਹੈ। ਰਾਜੋਆਣਾ ਨੇ ਚਿੱਠੀ ਵਿੱਚ



ਪੀਐਮ ਮੋਦੀ ਨੂੰ ਆਪਣੀ ਰਹਿਮ ਦੀ ਅਪੀਲ 'ਤੇ ਜਲਦ ਫੈਸਲਾ ਲੈਣ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਕੇਂਦਰ ਵੱਲੋਂ 15 ਸਾਲਾਂ 'ਚ ਰਹਿਮ ਦੀ ਅਪੀਲ 'ਤੇ ਕੋਈ ਫੈਸਲਾ ਨਹੀਂ ਲਿਆ ਗਿਆ ਹੈ। ਭਾਈ ਰਾਜੋਆਣਾ ਨੇ ਕਿਹਾ ਕਿ ਉਸ ਨੂੰ ਜੇਲ੍ਹ 'ਚ 31 ਸਾਲ ਹੋ ਗਏ ਹਨ ਅਤੇ ਲੰਬੇ ਸਮੇਂ ਤੋਂ ਫ਼ਾਂਸੀ ਦੀ ਸਜ਼ਾ ਦੇ ਸਬੰਧੀ ਆਖਰੀ ਫੈਸਲੇ ਦੀ ਉਡੀਕ ਵਿੱਚ ਹਨ। ਉਨ੍ਹਾਂ ਕਿਹਾ ਕਿ ਮੈਂ ਕਦੇ ਵੀ ਅਦਾਲਤ ਵਿੱਚ ਆਪਣੇ ਕੰਮ ਨੂੰ ਲੁਕਾਇਆ ਨਹੀਂ ਅਤੇ ਫਾਂਸੀ ਦੀ ਸਜ਼ਾ ਨੂੰ ਵੀ ਸਵੀਕਾਰਿਆ ਹੈ। ਬਲਵੰਤ ਸਿੰਘ ਰਾਜੋਆਣਾ ਨੇ ਕਿਹਾ, "ਫਾਂਸੀ ਦੀ ਸਜ਼ਾ ਨਾਲ ਸਬੰਧਤ ਅਪੀਲ ਪਿਛਲੇ ਤਕਰੀਬਨ 15 ਸਾਲਾਂ ਤੋਂ ਤੁਹਾਡੀ ਸਰਕਾਰ ਕੋਲ ਵਿਚਾਰ ਅਧੀਨ ਹੈ। ਤੁਸੀਂ 2019 ਵਿੱਚ ਵੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਇੱਕ ਨੋਟੀਫਿਕੇਸ਼ਨ ਜਾਰੀ ਕੀਤਾ ਸੀ, ਪਰ ਉਸ ਨੂੰ ਹੁਣ ਤੱਕ ਲਾਗੂ ਨਹੀਂ ਕੀਤਾ। ਦੇਸ਼ ਦੀ ਸੁਪਰੀਮ ਕੋਰਟ ਪਿਛਲੇ 6 ਸਾਲਾਂ ਤੋਂ ਤੁਹਾਡੀ ਇਸ ਅਪੀਲ 'ਤੇ ਫੈਸਲਾ ਲੈਣ ਲਈ ਵੱਖ-ਵੱਖ ਆਦੇਸ਼ ਜਾਰੀ ਕਰ ਰਹੀ ਹੈ, ਪਰ ਤੁਹਾਡੀ ਸਰਕਾਰ ਫਿਰ ਵੀ ਇਸ ਅਪੀਲ 'ਤੇ ਫੈਸਲਾ ਨਹੀਂ ਕਰ ਰਹੀ। ਤੁਸੀਂ 2023 ਵਿੱਚ ਸੁਪਰੀਮ ਕੋਰਟ ਵਿੱਚ ਇਹ ਹਲਫ਼ਨਾਮਾ ਦਾਖਲ ਕਰਕੇ ਕਿਹਾ ਸੀ ਕਿ ਫੈਸਲਾ ਟਾਲਣ ਨਾਲ ਦੇਸ਼ ਦੀ ਸੁਰੱਖਿਆ ਨੂੰ ਖ਼ਤਰਾ ਪੈਦਾ ਹੋ ਜਾਵੇਗਾ। ਜਿਹੜਾ ਇਨਸਾਨ ਪਿਛਲੇ 31 ਸਾਲਾਂ ਤੋਂ ਤੁਹਾਡੀ ਹਿਰਾਸਤ ਵਿੱਚ ਹੈ, ਜਿਸ ਦੇ ਪਲ-ਪਲ ਦੀ ਜਾਣਕਾਰੀ ਤੁਹਾਡੇ ਕੋਲ ਹੈ, ਫਿਰ ਵੀ ਤੁਸੀਂ ਕਹਿੰਦੇ ਹੋ ਕਿ ਇਸ ਦੀ ਅਪੀਲ 'ਤੇ ਫੈਸਲਾ ਟਾਲਣ ਨਾਲ ਦੇਸ਼ ਦੀ ਸੁਰੱਖਿਆ ਨੂੰ ਖ਼ਤਰਾ ਪੈਦਾ ਹੋ ਜਾਵੇਗਾ। ਕੀ ਪਰਮਾਣੂ ਸ਼ਕਤੀ ਵਾਲੇ ਦੇਸ਼ ਦੀ ਸੁਰੱਖਿਆ ਇੰਨੀ ਕਮਜ਼ੋਰ ਹੈ ਕਿ ਇੱਕ ਫੈਸਲੇ ਨਾਲ ਖ਼ਤਰੇ ਵਿੱਚ ਪੈ ਜਾਵੇਗੀ ? ਤੁਹਾਡੀ ਇਸ ਦਲੀਲ 'ਤੇ ਕੋਈ ਵੀ ਯਕੀਨ ਨਹੀਂ ਕਰ ਪਾ ਰਿਹਾ।" ਉਨ੍ਹਾਂ ਕਿਹਾ ਕਿ ਅਫ਼ਸੋਸ ਹੈ ਕਿ ਦੇਸ਼ ਦੀ ਸੁਪਰੀਮ ਕੋਰਟ ਵੱਲੋਂ ਪਿਛਲੇ 6 ਸਾਲਾਂ ਤੋਂ ਇਸ ਅਪੀਲ 'ਤੇ ਫੈਸਲਾ ਲੈਣ ਲਈ ਵਾਰ-ਵਾਰ ਆਦੇਸ਼ ਦਿੱਤੇ ਜਾਣ ਦੇ ਬਾਵਜੂਦ ਵੀ ਤੁਹਾਡੇ ਸਰਕਾਰੀ ਪੱਖ ਵੱਲੋਂ ਕੋਈ ਫੈਸਲਾ ਨਹੀਂ ਲਿਆ ਜਾ ਰਿਹਾ। ਦੇਸ਼ ਦੀ ਸੁਪਰੀਮ ਕੋਰਟ ਕਮਜ਼ੋਰ ਅਤੇ ਬੇਵੱਸ ਨਜ਼ਰ ਆ ਰਹੀ ਹੈ।" ਬਲਵੰਤ ਸਿੰਘ ਰਾਜੋਆਣਾ ਨੇ ਆਪਣੀ ਚਿੱਠੀ 'ਚ ਪੰਜਾਬ ਵਿੱਚ ਏਜੰਸੀਆਂ ਦੀ ਕਾਰਗੁਜ਼ਾਰੀ ਅਤੇ ਰਾਜਨੀਤਿਕ ਮਾਮਲਿਆਂ ਨੂੰ ਲੈ ਕੇ ਵੀ ਆਪਣੇ ਪੱਤਰ ਵਿੱਚ ਕਈ ਸਵਾਲ ਚੁੱਕੇ। ਪੱਤਰ ਦੇ ਅੰਤ ਵਿੱਚ ਰਾਜੋਆਣਾ ਨੇ ਪ੍ਰਧਾਨ ਮੰਤਰੀ ਨੂੰ ਅਪੀਲ ਕੀਤੀ ਕਿ ਉਨ੍ਹਾਂ ਦੀ ਰਹਿਮ ਦੀ ਅਪੀਲ 'ਤੇ ਹੋਰ ਦੇਰੀ ਨਾ ਕੀਤੀ ਜਾਵੇ ਅਤੇ ਸਰਕਾਰ ਵੱਲੋਂ ਜਲਦ ਤੋਂ ਜਲਦ ਅੰਤਿਮ ਫ਼ੈਸਲਾ ਲਿਆ ਜਾਵੇ।

## ਪਿੰਡ ਹਰੀ ਨੌਂ ਦੇ ਲੋਕਾਂ ਦਾ ਵੱਡਾ ਫੈਸਲਾ, ਅੰਮ੍ਰਿਤਪਾਲ ਸਿੰਘ ਦੀ ਪਾਰਟੀ ਦੇ ਪ੍ਰਚਾਰ 'ਤੇ ਲਾਈ ਰੋਕ; ਪੋਸਟਰ ਵੀ ਉਤਾਰੇ

**ਫਰੀਦਕੋਟ, 17 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਧਾਨ ਸਭਾ ਚੋਣਾਂ 2027 ਤੋਂ ਪਹਿਲਾਂ ਫਰੀਦਕੋਟ ਦੇ ਪਿੰਡ ਹਰੀ ਨੌਂ ਤੋਂ ਇੱਕ ਮਾਮਲਾ ਸਾਹਮਣੇ ਆਇਆ ਹੈ। ਪਿੰਡ ਦੇ ਲੋਕਾਂ ਤੇ ਗੁਰਪ੍ਰੀਤ ਸਿੰਘ ਹਰੀ ਨੌਂ ਦੇ ਪਰਿਵਾਰ ਵੱਲੋਂ ਅੰਮ੍ਰਿਤਪਾਲ ਸਿੰਘ ਦੀ ਪਾਰਟੀ 'ਅਕਾਲੀ ਦਲ ਵਾਰਿਸ ਪੰਜਾਬ ਦੇ' ਚੋਣ ਪ੍ਰਚਾਰ ਦਾ ਵਿਰੋਧ ਕਰਨ ਤੇ ਪਾਰਟੀ ਦਾ ਬਾਈਕਾਟ ਕਰਨ ਦਾ ਫੈਸਲਾ ਲਿਆ ਗਿਆ ਹੈ।



ਪਿੰਡ ਹਰੀ ਨੌਂ ਦੇ ਲੋਕਾਂ ਵੱਲੋਂ ਹੁਣ 'ਅਕਾਲੀ ਦਲ ਵਾਰਿਸ ਪੰਜਾਬ ਦੇ' ਪ੍ਰਚਾਰ 'ਤੇ ਰੋਕ ਲਗਾਉਣ ਤੋਂ ਬਾਅਦ, ਪਿੰਡ 'ਚ ਪਾਰਟੀ ਨਾਲ ਸਬੰਧਤ ਪੋਸਟਰ ਵੀ ਉਤਾਰ ਦਿੱਤੇ ਗਏ ਹਨ। ਪਰਿਵਾਰ ਤੇ ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਗੁਰਪ੍ਰੀਤ ਸਿੰਘ ਹਰੀ ਨੌਂ ਦੇ ਕਤਲ ਮਾਮਲੇ ਨੂੰ ਲੈ ਕੇ ਉਹ ਅੰਮ੍ਰਿਤਪਾਲ ਸਿੰਘ ਤੇ ਉਨ੍ਹਾਂ ਨਾਲ ਸਬੰਧਤ ਸਿਆਸੀ ਪਾਰਟੀ ਦਾ ਵਿਰੋਧ ਕਰ ਰਹੇ ਹਨ। ਇਹ ਮਾਮਲਾ ਗੁਰਪ੍ਰੀਤ ਸਿੰਘ ਹਰੀ ਨੌਂ ਦੇ ਕਤਲ ਨਾਲ ਜੁੜਿਆ ਹੋਇਆ ਹੈ। ਗੁਰਪ੍ਰੀਤ ਸਿੰਘ ਦਾ 9 ਅਕਤੂਬਰ, 2024 ਨੂੰ ਪਿੰਡ ਹਰੀ ਨੌਂ 'ਚ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ, ਉਹ 'ਵਾਰਿਸ ਪੰਜਾਬ ਦੇ' ਜਥੇਬੰਦੀ ਨਾਲ ਸ਼ੁਰੂਆਤੀ ਦੌਰ ਤੋਂ ਜੁੜੇ ਹੋਏ ਸਨ। ਰਿਪੋਰਟਾਂ ਮੁਤਾਬਕ ਉਹ ਦੀਪ ਸਿੱਧੂ ਨਾਲ ਵੀ ਜਥੇਬੰਦੀ ਦੇ ਸ਼ੁਰੂਆਤੀ ਸਮੇਂ ਤੋਂ ਕੰਮ ਕਰਦੇ ਰਹੇ ਸਨ। ਗੁਰਪ੍ਰੀਤ ਸਿੰਘ ਹਰੀ ਨੌਂ ਦੇ ਕਤਲ ਮਾਮਲੇ ਦੀ ਜਾਂਚ ਦੌਰਾਨ ਸ਼੍ਰੀ ਖਡੂਰ ਸਾਹਿਬ ਦੇ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ, ਜੋ ਕਿ ਡਿਬਰੂਗੜ੍ਹ ਜੇਲ੍ਹ 'ਚ ਬੰਦ ਹੈ, ਦਾ ਨਾਮ ਵੀ ਸਾਹਮਣੇ ਆਇਆ ਸੀ। ਇਸ ਮਾਮਲੇ 'ਚ ਪੁਲਿਸ ਦੀ ਜਾਂਚ ਤੇ ਦਰਜ ਕੀਤੇ ਮਾਮਲੇ ਤਹਿਤ ਉਨ੍ਹਾਂ 'ਤੇ ਇਲਜ਼ਾਮ ਲੱਗੇ ਸਨ। ਕਤਲਕਾਂਡ ਤੋਂ ਬਾਅਦ ਪੁਲਿਸ ਵੱਲੋਂ ਦੋਵਾਂ ਸ਼ੂਟਰਾਂ ਸਮੇਤ 9 ਹੋਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਜਦੋਂ ਕਿ ਇਸ ਮਾਮਲੇ 'ਚ ਅੰਮ੍ਰਿਤਪਾਲ ਸਿੰਘ ਤੇ ਵਿਦੇਸ਼ 'ਚ ਬੈਠੇ ਅੱਤਵਾਦੀ ਅਰਸ਼ ਡੱਲਾ ਸਮੇਤ 5 ਲੋਕਾਂ ਨੂੰ ਵੀ ਨਾਮਜ਼ਦ ਕੀਤਾ ਗਿਆ ਸੀ। ਇਨ੍ਹਾਂ ਮੁਲਜ਼ਮਾਂ 'ਤੇ ਯੂਏਪੀਏ ਤਹਿਤ ਇਲਜ਼ਾਮ ਲਗਾਏ ਗਏ ਹਨ।ਕਤਲ ਕੇਸ 'ਚ, SIT ਨੇ ਦੋ ਸ਼ੂਟਰਾਂ ਸਮੇਤ 12 ਮੁਲਜ਼ਮਾਂ ਵਿਰੁੱਧ ਲਗਭਗ 1435 ਪੰਨਿਆਂ ਦੀ ਚਾਰਜਸ਼ੀਟ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ ਕਮ ਵਿਸ਼ੇਸ਼ ਜੱਜ ਦਿਨੇਸ਼ ਕੁਮਾਰ ਵਧਵਾ ਦੀ ਕੋਰਟ 'ਚ ਦਾਇਰ ਕੀਤੀ ਸੀ। ਇਸ ਮਾਮਲੇ 'ਚ ਕੁੱਲ 17 ਮੁਲਜ਼ਮ ਨਾਮਜ਼ਦ ਹਨ।

# ਬਾਬੇ ਨਾਨਕ ਦੇ ਵਿਆਹ ਦਾ ਲੋਕਧਾਰਾਈ ਪ੍ਰਸੰਗ



**ਵਿਆਹ** ਇਕ ਅਜਿਹਾ ਵਰਤਾਰਾ ਹੈ ਜਿਸ ਵਿਚ ਬਹੁਤ ਸਾਰੇ ਰੀਤੀ ਰਿਵਾਜਾਂ ਦੀ ਸ਼ਮੂਲੀਅਤ ਹੁੰਦੀ ਹੈ। ਗੁਰੂ ਨਾਨਕ ਦੇਵ ਜੀ ਦੇ ਵਿਆਹ ਨਾਲ ਸੰਬੰਧਿਤ ਬਹੁਤ ਸਾਰੇ ਰੀਤੀ ਰਿਵਾਜ ਲੋਕਧਾਰਾ ਵਿਚ ਮਿਲ ਜਾਂਦੇ ਹਨ ਜਿਨ੍ਹਾਂ ਵਿਚ ਕੁੜਮਾਈ, ਚੌਕੜ, ਮੇਲ, ਵਾਰਨਾ, ਲਗਣ, ਜੇਵਣਹਾਰ, ਖਾਰੇ ਬਿਠਾਉਣਾ, ਤੰਬੋਲ, ਜੰਞ ਦੀ ਤਿਆਰੀ, ਜੰਞ ਦਾ ਸਵਾਗਤ, ਪੇਸ਼ਕਾਰਾ, ਤਣੀ ਛੋਹਣਾ, ਖੱਟ ਧਰਨਾ ਆਦਿ ਪ੍ਰਮੁੱਖ ਹਨ। ਵਿਆਹ ਸੰਬੰਧੀ ਸਭ ਤੋਂ ਪਹਿਲੀ ਰਸਮ ਕੁੜਮਾਈ ਦੀ ਹੁੰਦੀ ਹੈ। ਭਾਈ ਬਾਲੇ ਵਾਲੀ ਜਨਮਸਾਖੀ ਵਿਚ ਗੁਰੂ ਨਾਨਕ ਦੇਵ ਜੀ ਦੀ ਕੁੜਮਾਈ ਦਾ ਵੇਰਵਾ ਇਸ ਪ੍ਰਕਾਰ ਦਿੱਤਾ ਗਿਆ ਹੈ :-

ਸੰਮਤ 1545 ਮਿਤੀ ਮਘਰ ਸੁਦੀ ਪੰਚਮੀ ਗੁਰੂ ਜੀ ਦੀ ਕੁੜਮਾਈ ਹੋਈ ਮੂਲੇ ਦੇ ਘਰ ਪੱਖੋ ਕੇ ਰੰਧਾਵੈ। ਤਾਂ ਜੈ ਰਾਮ ਅਤੇ ਨਾਨਕੀ ਖਬਰਿ ਵਧਾਈ ਰਾਇ ਭੋਏ ਭੱਟੀ ਦੀ ਤਲਵੰਡੀ ਦੇ ਭੇਜੀ। ਕਾਲੂ ਤੇ ਅੰਮਾ ਬੀਬੀ ਨੂੰ ਸਦਾਇ ਭੇਜਿਆ ਜੋ, ਤੁਸੀ ਆਵਹੁ ਤਾਂ ਚਉਕੜ ਖਰਚੀਏ। ਤਾਂ ਕਾਲੂ ਸੁਣ ਕਰਿ ਬਹੁਤ ਖੁਸ਼ੀ ਹੋਇਆ ਅਤੇ ਅੰਮਾ ਬੀਬੀ ਭੀ ਬਹੁਤ ਰਾਜੀ ਹੋਈ, ਅਤੇ ਜਿਹੜਾ ਆਦਮੀ ਖਬਰਿ ਲੈ ਆਇਆ ਸੀ ਤਿਸ ਦਾ ਮੂਹੋਂ ਅੰਮਾ ਬੀਬੀ ਮਿਸਰੀ

ਆਵਾਜ਼ਿ ਕੌਮ AWAZE QAUM International Newspaper & WEB TV

ਨਾਲ ਭਰਿਆ, ਆਖਣ ਲੱਗੀ ਮੈ ਵਾਰਿ ਵਾਰਿ ਘਤੀ ਤੇਰੇ ਮੁਹਿ ਤੋਂ ਜਿਸ ਮੈਨੂੰ ਨਾਨਕ ਦੀ ਵਧਾਈ ਆਣ ਦਿਤੀ ਹੈ। ਤਾਂ ਰਾਤੀਂ ਜਿਤਨਾ ਕਬੀਲਾ ਬੇਦੀਆਂ ਦਾ ਆਹਾ ਤਿਤਨੀਆਂ ਗਾਵਨ ਬੈਠੀਆਂ, ਆਖਣ ਲੱਗੀਆਂ ਜੋ ਨਾਨਕ ਕੋਈ ਅਸਾਡੀ ਕੁਲ ਵਿਚ ਭਲਾ ਜੀ ਉਪਜਿਆ ਹੈ, ਜਿਸਦੀ ਧਰਮ ਕੁੜਮਾਈ ਹੋਈ ਹੈ, ਅਸਾਡੀ ਕੁਲ ਨਿਰਮਲ ਕੀਤੀਉਸੁ। ਅਤੇ ਮਾਤਾ ਬੀਬੀ ਮਾਝੈ ਆਪਣੇ ਮੇਕੇ ਪੇਕੇ ਆਹੇ, ਰਾਮਾ ਝੰਗੜਿ ਅੰਮਾ ਬੀਬੀ ਦਾ ਪਿਉ ਸੀ ਅਤੇ ਭਿਰਾਈ ਮਾਇ ਸੀ, ਗੁਰੂ ਨਾਨਕ ਦੇ ਨਾਨੀ ਨਾਨੇ ਸੇ ਅਤੇ ਕਾਲੂ ਦੇ ਸਸੁ ਸਹੁਰਾ ਸੇ। ਅੰਮਾ ਬੀਬੀ ਉਹਨਾਂ ਨੂੰ ਵਧਾਈ ਦਵਾਇ ਭੇਜੀ ਅਤੇ ਸਦ ਭੇਜੇ 'ਕੋਈ ਆਵਹੁ।' ਤਾਂ ਉਥੋਂ ਭਿਰਾਈ ਨਾਨੀ ਅਤੇ ਰਾਮਾ ਨਾਨਾ ਅਤੇ ਕਿਸ਼ਨਾ ਮਾਮਾ, ਏਹੁ ਤ੍ਰਾਏ, ਸੁਣਦੇ ਹੀ ਖੁਸੀ ਹੋਏ ਤਲਵੰਡੀ ਨੂੰ ਆਏ। ਆਂਵਦੇ ਹੀ ਛੇ ਆਦਮੀ ਤਿਆਰ ਹੋਏ : ਰਾਮਾ, ਕਿਸ਼ਨਾ, ਭਿਰਾਈ, ਕਾਲੂ, ਲਾਲੂ, ਅੰਮਾ ਬੀਬੀ ਅਤੇ ਤ੍ਰੈ ਨਫਰ, ਮਰਦਾਨਾ ਡੂਮ ਘਰ ਦਾ ਮਿਰਾਸੀ ਆਹਾ, ਸਭੋ ਬਾਰਾ ਆਦਮੀ ਕਾਲੂ ਨਾਲ ਹੋਏ। ਪਰ ਰਾਮੇ ਝੰਗੜਿ ਨਾਲ ਮਾਇਆ ਬਹੁਤ ਹੀ ਲੀਤੀ।

ਜਾਂ ਚਲਣ ਲਗੇ ਤਾਂ ਰਾਇ ਬੁਲਾਰਿ ਪਾਸ ਵਿਦਾ ਹੋਵਣ ਗਏ, ਤਾਂ ਅਗੋਂ ਰਾਇ ਬੁਲਾਰ ਕਹਿਆ, 'ਕਿਉਂ ਕਾਲੂ' ਤਾਂ ਕਾਲੂ ਕਹਿਆ ਜੀ, ਜੀ ਨਾਨਕ ਤੁਸਾਡੇ ਗੁਲਾਮ ਦੀ ਕੁੜਮਾਈ ਹੋਈ ਹੈ, ਚਉਕੜ ਖਰਚਣ ਜਾਂਦੇ ਹਾਂ, ਪਖੋ ਕੇ ਰੰਧਾਵੈ ਅਸਾਂ ਨੂੰ ਰਜਾਇ ਹੋਵੈ। ਤਾਂ ਰਾਇ ਕਹਿਆ ਭਲਾ ਹੋਵੇ, ਪਰ ਕਾਲੂ! ਅੱਗੇ ਨਾਨਕ ਹਈ ਖਬਰਦਾਰ ਹੋਵੈ। ਤਾਂ ਕਾਲੂ ਕਹਿਆ ਜੀ ਮੈਨੂੰ ਖਤਰਾ ਘਤਿਓ ਤਾਂ ਰਾਇ ਕਹਿਆ, ਕਾਲੂ ਮੈ ਹੋਰੀ ਵਾਸਤੇ ਕਹਿਆ ਹੈ ਜੋ ਤੇਰੀ ਤਰ੍ਹਾਂ ਕਰੜੀ ਹੈ ਅਗੇ ਉਹ ਅਗੇ ਸਾਧੂ ਜਨ ਹੈ, ਮਤਿ ਕੋਈ ਵਿਗਾੜ ਕਰਦਾ ਹੋਵੇ। ਤਾਂ ਕਾਲੂ ਕਹਿਆ, ਰਾਇ ਜੀ ਏਹੁ ਤਾਂ ਮੇਰੀ ਮੁਰਾਦ ਹੈ ਅਤੇ ਰਾਇ ਜੀ! ਤੁਸੀਂ ਪਰਮੇਸਰ ਦੇ ਪੈਦਾ ਕੀਤੇ ਹੋ ਤੁਸੀਂ ਮਿਹਰਵਾਨਗੀ ਨਾਲ ਆਖੋ। ਤਾਂ ਰਾਇ ਕਹਿਆ, ਜਾਹਿ ਕਾਲੂ! ਮੇਰਾ ਹੋਦਾ ਨਾਨਕ ਦਾ ਮਥਾ ਚੁੰਮੀ ਅਤੇ ਪੈਰਾਂ ਤੇ ਹੱਥ ਲਾਵੀਂ ਅਤੇ ਜੈਰਾਮ ਨੂੰ ਮੇਰੀ ਬੰਦਗੀ ਕਹੀਂ ਅਤੇ ਜਾਹ ਕਾਲੂ ਸਾਈਂ ਦੀ ਪਨਾਹ ਹੋਵੀ, ਤਾਂ ਕਾਲੂ ਆਇ ਕਰ ਛਕੜੇ ਉਤੇ ਸਵਾਰਿ ਹੋਇ ਚਲਿਆ, ਆਇਤਵਾਰ ਦੇ ਦਿਨ ਚਲਿਆ ਤਾਂ ਪੰਜਵੇਂ ਦਿਨ ਸੁਲਤਾਨਪੁਰ ਆਇ ਪਹੁਤੇ, ਵੀਰਵਾਰ ਕੇ ਦਿਨ ਪਰਮਾਨੰਦ ਪਲਤੇ ਘਰਿ ਆਇ ਵੜੇ, ਵਧਾਈਆਂ ਮਿਲਣ ਲੱਗੀਆਂ ਅਤੇ ਸਿੱਠਣੀਆਂ ਮਿਲਣ ਲੱਗੀਆਂ। ਤਾਂ ਗੁਰੂ ਨਾਨਕ ਜੀ ਨੂੰ ਖਬਰ ਹੋਈ ਜੋ ਮੇਰੇ ਮਾਂ, ਪਿਉ, ਚਾਚਾ, ਨਾਨਾ, ਨਾਨੀ, ਮਾਮਾ ਆਇ ਹੈਨ ਅਤੇ ਮਰਦਾਨਾ ਡੂਮ ਭੀ ਆਇਆ ਹੈ। ਤਾਂ ਗੁਰੂ ਨਾਨਕ ਜੀ ਸੁਣਦਾ ਹੈ ਉਠਿ ਚਲਿਆ, ਜਾਇ ਕਾਲੂ ਦੇ ਪੈਰਾਂ ਤੇ ਢਹਿ ਪਇਆ ਤਾਂ ਕਾਲੂ ਮੱਥਾ ਚੁੰਮਿਆ। ਤਾਂ ਗੁਰੂ ਨਾਨਕ ਕਹਿਆ, ਪਿਤਾ ਜੀ! ਰਾਇ ਜੀ ਤਾਜੇ ਆਹੇ? ਤਾਂ ਕਾਲੂ ਕਹਿਆ, ਪੁਤ! ਭਲਾ ਯਾਦ ਦਿਵਾਇਉ, ਰਾਇ ਜੀ ਤੇਰਾ ਮਥਾ ਚੁੰਮਣਾ ਕਹਿਆ ਸੀ ਅਸਾਂ ਨੂੰ ਵਿਸਰ ਗਇਆ ਸੀ। ਤਾਂ ਫੇਰ ਗੁਰੂ

ਨਾਨਕ ਮਾਤਾ ਜੀ ਦੇ ਪੈਰੀਂ ਜਾਇ ਪਇਆ, ਤਾਂ ਮਾਤਾ ਮੂਹੋ ਮਥਾ ਚੁੰਮਿਆ, ਗਲ ਨਾਲ ਲਾਇਆ। ਤਾਂ ਫੇਰ ਗੁਰੂ ਨਾਨਕ ਚਾਚੇ ਲਾਲੂ ਦੇ ਪੈਰੀਂ ਜਾਇ ਪਇਆ ਤਾਂ ਲਾਲੂ ਗਲ ਵਿਚ ਲੀਤਾ, ਲਗਾ ਆਖਣ, ਪੁਤ! ਤੈਂ ਅਸਾਡੀ ਕੁਲ ਏਥੇ ਤਾਂ ਨਿਰਮਲ ਕੀਤੀ ਅਗੇ ਦੀ ਖਬਰ ਨਾਹੀਂ। ਤਾਂ ਫੇਰ ਗੁਰੂ ਨਾਨਕ ਨਾਨੇ ਰਾਮੇ ਪੈਰੀਂ ਜਾਇ ਪਇਆ ਤਾਂ ਨਾਨੇ ਰਾਮੇ ਗਲ ਵਿਚ ਲੀਤਾ ਅਤੇ ਕਦੀ ਛਡੇ ਨਾਹੀਂ। ਨਾਨੀ ਭਿਰਾਈ ਆਖਿਆ, ਕਦੀ ਛਡ ਇਸਨੂੰ ਗਲ ਵਿਚੋਂ। ਤਾਂ ਰਾਮੇ ਕਹਿਆ ਮੇਰੀ ਸਿਕ ਪੂਰੀ ਹੋਵੇਗੀ ਤਾਂ ਮੈਂ ਛਡਾਂਗਾ। ਤਾਂ ਭਿਰਾਈ ਆਖਿਆ ਤੇਰੀ ਸਿਕ ਕਿਉਂ ਪੂਰੀ ਹੋਸੀ ? ਤਾਂ ਰਾਮੇ ਕਹਿਆ ਮੈਂ ਵੀਹਾਂ ਰੁਪਯਾਂ ਦੇ ਟਕੇ ਨਾਨਕ ਦੇ ਸਿਰ ਤੋਂ ਵਾਰ ਸੁਟਾਂਗਾ ਤਾਂ ਮੇਰੀ ਸਿਕ ਪੂਰੀ ਹੋਸੀ। ਤਾਂ ਭਿਰਾਈ ਆਖਿਆ ਵਾਰ ਸੁਟ। ਤਾਂ ਰਾਮੇ ਆਖਿਆ ਕੋਈ ਮੰਗਤਾ ਵੀ ਹੋਵੇ ਲੈਣ ਵਾਲਾ। ਤਾਂ ਬੇਬੇ ਨਾਨਕੀ ਆਖਿਆ ਜਾਹ ਨੀ ਤੁਲਸਾਂ! ਮੰਗਤੀਆਂ ਨੂੰ ਸੱਦ ਲੈ ਆਉ। ਤਾਂ ਤੁਲਸਾਂ ਮੰਗਤੀਆਂ ਨੂੰ ਸੱਦਣ ਗਈ ਤਾਂ ਨਾਨਕੀ ਆਖਿਆ ਨਾਨਾ ਜੀ! ਰੁਪਏ ਵਾਰੋਗੇ ਕੇ ਟਕੇ ਮੰਗਵਾਹੁਗੇ। ਤਾਂ ਰਾਮੇ ਕਹਿਆ ਬੇਟੀ ਜਿਉਂ ਤੂੰ ਆਖੇਂ ਸੋ ਕਰਾਂ ਤਾਂ ਨਾਨਕੀ ਆਖਿਆ ਨਾਨਾ ਜੀ ਟਕੇ ਮੰਗਵਾਹੁ। ਤਾਂ ਰਾਮੇ ਕਹਿਆ ਪੁਤ ਕਿਸ਼ਨਾ! ਤੂੰ ਵੀਹਾਂ ਰੁਪਯਾਂ ਦੇ ਟਕੇ ਲੈ ਆਉ। ਤਾਂ ਭਿਰਾਈ ਆਖਿਆ ਪੁਤ ਦਸਾਂ ਦੇ ਮੇਰੇ ਭੀ ਲੈ ਆਉ। ਅਤੇ ਪੰਜ ਰੁਪਏ ਕਿਸਨੇ ਆਪਣੇ ਪਾਏ। ਤਾਂ ਪੈਂਤ੍ਰੀਆਂ ਰੁਪਯਾਂ ਦੇ ਸਭੋ ਆਏ, ਵੀਹਾਂ ਦੇ ਰਾਮੇ ਵਾਰ ਸੁੱਟੇ, ਅਤੇ ਦਸਾਂ ਦੇ ਨਾਨੀ ਵਾਰ ਸੁੱਟੇ ਅਤੇ ਪੰਜਾਂ ਦੇ ਮਾਮੇ ਵਾਰ ਸੁੱਟੇ, ਸਭੇ ਪੈਂਤ੍ਰੀਆਂ ਰੁਪਯਾਂ ਦੇ ਵਾਰ ਸੁੱਟੇ। ਸੰਮਤ 1545 ਮਿਤੀ ਮਾਘ ਸੁਤੀ ਸਤਮੀ ਵੀਰਵਾਰ ਭਲਾ ਦਿਨ ਵੀਚਾਰ ਕੇ ਚਲੇ। ਕਉਣ ਕਉਣ ਚਲੇ ? ਕਾਲੂ, ਲਾਲੂ, ਰਾਮਾ, ਕਿਸਨਾ, ਪਰਮਾਨੰਦ, ਜੈਰਾਮ, ਹੋਰ ਨਫਰ ਚਾਰ ਅਤੇ ਅਗੇ ਨਿਧਾ ਬ੍ਰਾਹਮਣ ਭੇਜਿਆ ਜੈਰਾਮ ਮੂਲੇ ਚੋਣੇ ਨੂੰ, ਗਿਰਾਉ ਪੱਖੋ ਕੇ ਰੰਧਾਵੇ। ਤਿਸ ਕਾ ਪਟਵਾਰੀ ਮੂਲਾ ਚੋਣਾ ਹੀ। ਜਾਇ ਨਿਧੇ ਬ੍ਰਾਹਮਣ ਖਬਰ ਦਿਤੀ, ਕਹਿਉਸ ਮਹਤਾ ਮੂਲ ਚੰਦ! ਸੁਖੀ ਰਹੋ। ਤਾਂ ਮੂਲੇ ਚੋਣੇ ਕਹਿਆ- ਪਾਂਧਾ ਜੀ! ਨਿਮਸਕਾਰ ਹੈ। ਆਖ ਹੋ ਕਿਥੋਂ ਆਇਉ ? ਨਿਧੇ ਕਹਿਆ ਮਹਤਾ ਜੀ ਮੈਨੂੰ ਜੈਰਾਮ ਅਤੇ ਪਰਮਾਨੰਦ ਨੇ ਭੇਜਿਆ ਹੈ ਜੇ। ਮੂਲੇ ਕਹਿਆ ਕਿਸ ਵਾਸਤੇ ? ਨਿਧੇ ਕਹਿਆ ਜੀ ਮਹਤਾ ਕਾਲੂ ਤਿਲਵੰਡੀ ਅਹੁ ਆਇਆ ਹੈ ਚਉਕੜ ਕਰਨੇ ਨੂੰ, ਮੈਨੂੰ ਜੈਰਾਮ ਭੇਜਿਆ ਹੈ ਜੋ ਮਹਤੇ ਮੂਲੇ ਨੂੰ ਖਬਰਿਆਉ, ਮੈਂ ਇਤ ਵਾਸਤੇ ਆਇਆ ਹਾਂ। ਤਾਂ ਮੂਲੇ ਚੋਣੇ ਕਹਿਆ ਆਵਣ ਮੇਰੇ ਸਿਰ ਮਾਥੇ ਉਤੇ ਆਵਨਿ। ਤਾਂ ਆਇਤਵਾਰ ਦਸਮੀ ਕੇ ਦਿਨ ਪਹਿਰ ਦਿਨ ਚੜੇ ਆਇ ਵੜੇ, ਅਗੇ ਮੂਲੇ ਸਮਿਆਨ ਕਰ ਛਡਿਆ ਸੀ। ਤਾਂ ਜਾਇ ਪਰਮਾਨੰਦ ਆਪਣੇ ਹਥੇ ਚਉਕੜ ਖਰਚ ਕੀਤਾ। ਵਧਾਈ ਲੈਂਦਾ ਜੇ ਕੁਛ ਰਾਹ ਸੀ, ਸਭ ਭਲੀ ਹੋਈ ਦੁਹਾਂ ਵਲੋਂ। ਤਾਂ ਕਾਲੂ ਲਾਲੂ ਵੇਦੀ ਪਰਮਾਨੰਦ ਨੂੰ ਕਹਿਆ ਭਾਈਆ ਜੀ ਤੁਸੀਂ ਸਾਹਾ ਭੀ ਮੰਗੋ। ਤਾਂ ਪਰਮਾਨੰਦ ਕਹਿਆ ਭਲਾ ਮਹਤਾ ਜੀ। ਤਾਂ ਪਰਮਾਨੰਦ ਸਿਆਣਾ ਸੀ,

ਉਸ ਇਕੰਤ ਮੂਲੇ ਨੂੰ ਬੁਲਾਇਆ, ਪੁਛਿਆ, ਸਾਰੀ ਗੱਲ ਕੀਤੀ। ਦੇਖੋ ਮਹਤਾ ਜੀ! ਨੀਂਗਰ ਭੀ ਜੁਆਨ ਹੈ ਤੇ ਲੜਕੀ ਭੀ ਵਡੀ ਸੁਣੀਦੀ ਹੈ, ਸਾਹਾ ਭੀ ਦਿਤਾ ਲੋੜੀਏ। ਬੇਦੀ ਤਲਵੰਡੀਉਂ ਚਲ ਆਏ ਹੈਨ ਅਤੇ ਝੰਗੜਿ ਭੀ ਨੀਂਗਰ ਦੇ ਨਾਨਕੇ ਨਾਲ ਆਏ ਹੈਨ ਮਾਝਿਉਂ। ਤਾਂ ਮੂਲੇ ਅਗੋਂ ਜਵਾਬ ਦਿਤਾ ਸੁਣੋ ਭਾਈਆ ਜੀ! ਤੁਸੀਂ ਖਾਤਰ ਜਮ੍ਹਾਂ ਕਰੋ। ਇਕ ਬਰਸ ਅਸਾਂ ਨੂੰ ਮੁਹਲਤ ਦੇਹੋ, ਉਪਰੰਤ ਫਿਰ ਹਛਾ ਸਾਹਾ ਸੋਧਾਇ ਗਿਣਾਇ ਤੁਸਾਂ ਨੂੰ ਭੇਜਾਂਗੇ। ਤਾਂ ਪਰਮਾਨੰਦ ਕਹਿਆ, ਭਲਾ, ਮਹਤਾ ਜੀ! ਤਾਂ ਉਥੋਂ ਇਜਤ ਪਲ ਨਾਲ ਵਿਦਿਆ ਕੀਤੇ। ਬਹੁਤ ਅਨੰਦ ਨਾਲ ਸੁਲਤਾਨਪੁਰ ਆਇ ਵੜੇ। ਵਧਾਈਆਂ ਮਿਲਣ ਲਗੀਆਂ, ਨਾਨਕੀ ਸਭ ਸਰੀਕਣੀਆਂ ਗਾਵਣ ਲੈ ਬਹਾਲੀਆਂ।

ਲੋਕਧਾਰਾ ਦੇ ਅਸਲੀ ਮੁਹਾਂਦਰੇ ਨੂੰ ਵੇਖਣਾ ਹੋਵੇ ਤਾਂ ਗੁਰੂ ਨਾਨਕ ਦੇਵ ਜੀ ਨਾਲ ਸੰਬੰਧਿਤ ਇਹਨਾਂ ਰਸਮਾਂ ਗੀਤਾਂ ਵਿਚੋਂ ਵੇਖਿਆ ਜਾ ਸਕਦਾ ਹੈ। ਜਨਮ ਪੱਤਰੀ, ਗੁੜ੍ਹਤੀ, ਛਠੀ, ਨਾਮਕਰਨ, ਜਨੇਊ, ਕੁੜਮਾਈ, ਵਿਆਹ, ਮੇਲ, ਖਾਰਾ, ਸਿਹਰਾਬੰਦੀ, ਪਾਣੀ ਵਾਰਨਾ, ਖੱਟ ਧਰਨਾ ਆਦਿ ਮਹੱਤਵਪੂਰਨ ਰਸਮਾਂ ਹਨ ਜਿਨ੍ਹਾਂ ਵਿਚ ਗੁਰੂ ਜੀ ਨੂੰ ਚੌਂਕੀ ਉੱਤੇ ਬਿਠਾਇਆ ਜਾਂਦਾ ਹੈ, ਬ੍ਰਾਹਮਣ ਮੱਥੇ ਤੇ ਤਿਲਕ ਲਗਾ ਕੇ ਅਸੀਸ ਦਿੰਦਾ ਹੈ ਅਤੇ ਚੌਲਾਂ ਨਾਲ ਮੂੰਹ ਮਿੱਠਾ ਕਰਵਾਇਆ ਜਾਂਦਾ ਹੈ। ਖ਼ਬਰ ਲਿਆਉਣ ਵਾਲੇ ਦਾ ਮੂੰਹ ਮਿਸ਼ਰੀ ਨਾਲ ਮਿੱਠਾ ਕਰਵਾਇਆ ਜਾਂਦਾ ਹੈ, ਸਾਰਾ ਪਰਿਵਾਰ ਗੱਡੇ ਉੱਤੇ ਬੈਠ ਕੇ ਸੁਲਤਾਨਪੁਰ ਜਾਂਦਾ ਹੈ, ਨਾਨਾ, ਨਾਨੀ ਤੇ ਮਾਮਾ ਗੁਰੂ ਜੀ ਤੋਂ ਟਕੇ ਵਾਰਦੇ ਹਨ, ਸ਼ਰੀਕਣੀਆਂ ਇਕੱਠੀਆਂ ਹੋ ਕੇ ਗੀਤ ਗਾਉਂਦੀਆਂ ਹਨ ਆਦਿ ਅਸਲੀ ਲੋਕਧਾਰਾ ਦੇ ਵਰਤਾਰੇ ਹਨ।

ਘੋੜੀਆਂ :- ਵਿਆਹ ਦੇ ਦਿਨਾਂ ਵਿਚ ਮੁੰਡੇ ਦੇ ਘਰ ਇਸਤਰੀਆਂ ਵੱਲੋਂ ਗਾਏ ਜਾਣ ਵਾਲੇ ਲੋਕ ਗੀਤ ਘੋੜੀਆਂ ਅਖਵਾਉਂਦੇ ਹਨ। ਗੁਰੂ

ਨਾਨਕ ਦੇਵ ਜੀ ਨਾਲ ਸੰਬੰਧਿਤ ਕੁਝ ਘੋੜੀਆਂ ਪ੍ਰਚਲਿਤ ਹਨ ਜਿਹਨਾਂ ਵਿਚ ਗੁਰੂ ਜੀ ਦੇ ਸ਼ਾਹੀ ਜਲੌ ਨੂੰ ਪ੍ਰਸਤੁਤ ਕੀਤਾ ਗਿਆ ਹੈ।

ਮਾਂ ਤ੍ਰਿਪਤਾ ਦੀ ਅੱਖ ਦਾ ਤਾਰਾ ਨੀ।
ਪਿਤਾ ਕਾਲੂ ਦਾ ਰਾਜ ਦੁਲਾਰਾ ਨੀ।
ਗੁਰੂ ਨਾਨਕ ਪਿਆਰਾ।
ਸਿਹਰਾ ਬੰਨ ਕੇ ਬਣ ਲਾੜਾ
ਲੱਗੇ ਜੱਗ ਤੋਂ ਨਿਆਰਾ।
ਨਾਨਕ ਵੀਰਾ ਮੈਂ ਤੈਨੂੰ ਘੋੜੀ ਚੜ੍ਹੇਨੀਆਂ।

ਸੋਹਣਿਆ ਵੀਰਾ ਮੈਂ ਤੈਨੂੰ ਘੋੜੀ ਚੜ੍ਹੇਨੀਆਂ।
ਸਿਹਰੇ ਦੀਆਂ ਚਮਕਣ ਲੜੀਆਂ ਨੀ।
ਭੈਣ ਨਾਨਕੀ ਵਾਗਾਂ ਫੜੀਆਂ ਨੀ।
ਨਾਨਕ ਨਿਰੰਕਾਰੀ।
ਭੈਣ ਨਾਨਕੀ ਵੀਰੇ ਤੋਂ ਜਾਵੇ ਬਲਿਹਾਰੀ।
ਨਾਨਕ ਵੀਰਾ ਮੈਂ ਤੈਨੂੰ ਘੋੜੀ ਚੜ੍ਹੇਨੀਆਂ।
ਸੋਹਣਿਆ ਵੀਰਾ ਮੈਂ ਤੈਨੂੰ ਘੋੜੀ ਚੜ੍ਹੇਨੀਆਂ।
ਜੀਜਾ ਫੁੱਲਿਆ ਨਾ ਸਮਾਵੇ ਨੀ।
ਰਾਏ ਬੁਲਾਰ ਵੀ ਖ਼ੁਸ਼ੀ ਮਨਾਵੇ ਨੀ।
ਜੰਞ ਫੱਬਦੀ ਸੋਹਣੀ।
ਲਾੜੇ ਨਾਨਕ ਦੀ ਸੂਰਤ ਹੈ ਡਾਢੀ ਮਨਮੋਹਣੀ।
ਨਾਨਕ ਵੀਰਾ ਮੈਂ ਤੈਨੂੰ ਘੋੜੀ ਚੜ੍ਹੇਨੀਆਂ।
ਸੋਹਣਿਆ ਵੀਰਾ ਮੈਂ ਤੈਨੂੰ ਘੋੜੀ ਚੜ੍ਹੇਨੀਆਂ।
ਜੰਞ ਸ਼ਹਿਰ ਬਟਾਲੇ ਆਈ ਨੀ।
ਸਾਰੇ ਸ਼ਹਿਰ ਨੇ ਖ਼ੁਸ਼ੀ ਮਨਾਈ ਨੀ।
ਨੂਰ ਅਰਸ਼ੋਂ ਬਰਸੇ।
ਹਰ ਕੋਈ ਲਾੜੇ ਨਾਨਕ ਦੇ ਦਰਸ਼ਨ ਨੂੰ ਤਰਸੇ।
ਨਾਨਕ ਵੀਰਾ ਮੈਂ ਤੈਨੂੰ ਘੋੜੀ ਚੜ੍ਹੇਨੀਆਂ।
ਸੋਹਣਿਆ ਵੀਰਾ ਮੈਂ ਤੈਨੂੰ ਘੋੜੀ ਚੜ੍ਹੇਨੀਆਂ।
ਘਰ ਰਾਜੇ ਦੇ ਵੱਜੀ ਸ਼ਿਹਨਾਈ ਨੀ।
ਧੀ ਸੁਲੱਖਣੀ ਗਈ ਪਰਨਾਈ ਨੀ।
ਗਏ ਸ਼ਗਨ ਮਨਾਏ।
ਤੇਤੀ ਕਰੋੜ ਦੇਵਤਿਆਂ ਅਰਸ਼ੋਂ ਫੁੱਲ ਬਰਸਾਏ।
ਨਾਨਕ ਵੀਰਾ ਮੈਂ ਤੈਨੂੰ ਘੋੜੀ ਚੜ੍ਹੇਨੀਆਂ।
ਸੋਹਣਿਆ ਵੀਰਾ ਮੈਂ ਤੈਨੂੰ ਘੋੜੀ ਚੜ੍ਹੇਨੀਆਂ।
ਨਾਨਕ ਵੀਰਾ ਮੈਂ ਤੈਨੂੰ ਘੋੜੀ ਚੜ੍ਹੇਨੀਆਂ।

ਸਿੱਠਣੀਆਂ :- ਸਿੱਠਣੀਆਂ ਵਿਆਹ ਦੀਆਂ ਰਸਮਾਂ ਨਾਲ ਸੰਬੰਧਤ ਲੋਕ ਕਾਵਿ ਰੂਪ ਹੈ। ਕੁੜੀ ਦੇ ਵਿਆਹ ਵਾਲੇ ਦਿਨ ਮੇਲਣਾਂ (ਔਰਤਾਂ) ਇਕੱਠੀਆਂ ਹੋ ਕੇ ਸਿੱਠਣੀਆਂ ਰਾਹੀਂ ਲਾੜੇ ਨੂੰ, ਉਸ ਦੇ ਮਾਪਿਆਂ, ਸੰਬੰਧੀਆਂ ਅਤੇ ਜਾਂਞੀਆਂ ਨੂੰ ਸੰਬੋਧਨ ਕਰਕੇ ਨੋਕ ਝੋਕ ਅਤੇ ਮਖੌਲ ਕਰਦੀਆਂ ਹਨ। ਗੁਰੂ ਨਾਨਕ ਦੇਵ ਜੀ ਨਾਲ ਸੰਬੰਧਿਤ ਵੀ ਕੁਝ ਸਿੱਠਣੀਆਂ ਪ੍ਰਾਪਤ ਹੁੰਦੀਆਂ ਹਨ। ਇਹ ਸਿੱਠਣੀਆਂ ਸ਼ਾਇਦ ਗੁਰੂ ਜੀ ਦੇ ਵਿਆਹ ਤੇ ਗਾਈਆਂ ਗਈਆਂ ਹੋਣ ਪਰੰਤੂ ਵਰਤਮਾਨ ਸਮੇਂ ਵਿਚ ਜਦੋਂ ਬਾਬੇ ਨਾਨਕ ਦਾ ਵਿਆਹ ਪੁਰਬ ਮਨਾਇਆ ਜਾਂਦਾ ਹੈ ਤਾਂ ਉਦੋਂ ਸਿੱਠਣੀਆਂ ਗਾਉਣ ਦੀ ਪਰੰਪਰਾ ਹੈ। ਨਗਰ ਕੀਰਤਨ ਦੇ ਰੂਪ ਵਿਚ ਬਰਾਤ ਸੁਲਤਾਨਪੁਰ ਲੋਧੀ ਤੋਂ ਰਵਾਨਾ ਹੋ ਕੇ ਬਟਾਲੇ ਪਹੁੰਚਦੀ ਹੈ। ਰਸਤੇ ਵਿਚ ਸੰਗਤਾਂ ਗੁਰੂ ਨਾਨਕ ਦੇਵ ਜੀ ਨਾਲ ਸੰਬੰਧਿਤ ਸਿੱਠਣੀਆਂ ਗਾਉਂਦੀਆਂ ਹਨ। ਇਸਦਾ ਭਰਵਾਂ ਸਵਾਗਤ ਕੀਤਾ ਜਾਂਦਾ ਹੈ, ਸਥਾਨਕ ਲੋਕ ਬਰਾਤ ਦਾ ਸਵਾਗਤ ਮਿਲਨੀ ਦੇ ਰੂਪ ਵਿਚ ਫੁੱਲਾਂ ਦੇ ਹਾਰਾਂ ਨਾਲ ਕਰਦੇ ਹਨ। ਬਟਾਲੇ ਗੁਰਦੁਆਰਾ ਡੇਹਰਾ ਸਾਹਿਬ ਵਿਖੇ ਔਰਤਾਂ ਸਿੱਠਣੀਆਂ ਗਾਉਂਦੀਆਂ ਹਨ, ਸੁੱਖਣਾ ਵਜੋਂ ਸਿਹਰੇ ਤੇ ਕਲੀਰੇ ਚੜ੍ਹਾਏ ਜਾਂਦੇ ਹਨ ਤੇ ਸ਼ਗਨ ਵਜੋਂ ਠੂਠੀ, ਕਲੀਰੇ ਤੇ ਰੁਪਏ ਦਿੱਤੇ ਜਾਂਦੇ ਹਨ। ਔਰਤਾਂ ਸਿੱਠਣੀਆਂ ਗਾਉਂਦੀਆਂ ਹਨ :-

ਸਾਡੇ ਤਾਂ ਵਿਹੜੇ ਜੰਞ ਨਾਨਕ ਦੀ ਆਈ ਏ।
ਅਸਾਂ ਤਾਂ ਸੁਣਿਆ ਮੁੰਡਾ ਰੂਪ ਇਲਾਹੀ ਏ।
ਮੁੱਖ ਤਾਂ ਡਿੱਠਾ ਅਸਾਂ ਨਹੀਂ।
ਮੁੱਖ ਤਾਂ ਡਿੱਠਾ ਅਸਾਂ ਨਹੀਂ ਵੇ ਲਾੜਿਆ
ਸਿਹਰਾ ਹਟਾ ਕੇ ਸਦਾ ਬਹੀਂ।...
ਪਾਂਧੇ ਨੂੰ ਸੁਣਿਆ ਮੁੰਡਾ ਅਇਆ ਪੜ੍ਹਾ ਕੇ
ਬਣ ਗਿਆ ਗੁੰਗਾ ਅੱਜ ਸਾਡੇ ਕੋਲ ਆ ਕੇ
ਗੱਲ ਕੋਈ ਆਉਂਦੀ ਨਹੀਂ
ਗੱਲ ਕੋਈ ਆਉਂਦੀ ਨਹੀਂ ਵੇ ਲਾੜਿਆ
ਸਿਹਰਾ ਹਟਾ ਕੇ ਜ਼ਰਾ ਬਹੀਂ
ਲੋਕੀਂ ਤਾਂ ਆਖਣ ਮੁੰਡਾ ਰੂਪ ਅਵਤਾਰ ਦਾ
ਅਸਾਂ ਤਾਂ ਸੁਣਿਆ ਮੁੰਡਾ ਮੱਝੀਆਂ ਚਾਰਦਾ
ਕਾਲੀਆਂ ਬੂਰੀਆਂ ਮਹੀਂ
ਕਾਲੀਆਂ ਬੂਰੀਆਂ ਮਹੀਂ ਵੇ ਲਾੜਿਆ
ਸਿਹਰਾ ਹਟਾ ਕੇ ਜ਼ਰਾ ਬਹੀਂ

ਇਥੇ ਗੁਰੂ ਨਾਨਕ ਦੇਵ ਜੀ ਦਾ ਇਲਾਹੀ ਰੂਪ ਹੋਣਾ, ਪਾਂਧੇ ਨੂੰ ਪੜ੍ਹਾਉਣਾ, ਅਵਤਾਰ ਹੋਣਾ ਤਾਂ ਭਾਵੇਂ ਸਿੱਧ ਹੁੰਦਾ ਹੀ ਹੈ ਪਰ ਨਾਲ ਹੀ ਨਾਲ ਪਾਂਧੇ ਨੂੰ ਪੜ੍ਹਾਉਣ ਵਾਲਾ ਨਾਨਕ ਉਥੇ ਜਾ ਕੇ ਗੁੰਗਾ ਹੋ ਜਾਂਦਾ ਹੈ, ਤੇ ਅਵਤਾਰ ਹੋਣ ਦੇ ਬਾਵਜੂਦ ਮੱਝੀਆਂ ਚਾਰਦਾ ਹੈ ਕੁਝ ਅਜਿਹੇ ਪੱਖ ਹਨ ਜੋ ਮਖੌਲ ਦੇ ਰੂਪ ਵਿਚ ਜਾਣੇ ਗਏ ਹਨ।

ਕੰਧ :- ਬਟਾਲਾ ਵਿਖੇ ਗੁਰੂ ਨਾਨਕ ਦੇਵ ਜੀ ਦੀ ਛੋਹ ਪ੍ਰਾਪਤ ਕੰਧ ਅੱਜ ਤੱਕ ਸੁਰੱਖਿਅਤ ਹੈ। ਜਦੋਂ ਗੁਰੂ ਜੀ ਜੰਞ ਲੈ ਕੇ ਬਟਾਲੇ ਆਏ ਤਾਂ ਉਹ ਇਸ ਕੰਧ ਨੇੜੇ ਬੈਠ ਗਏ। ਇਕ ਬਜ਼ੁਰਗ ਔਰਤ ਨੇ ਗੁਰੂ ਜੀ ਨੂੰ ਆਖਿਆ ਕਿ ਇਹ ਕੰਧ ਢਹਿਣ ਵਾਲੀ ਹੈ ਤਾਂ ਗੁਰੂ ਜੀ ਨੇ ਉੱਤਰ ਦਿੱਤਾ ਕਿ ਮਾਈ ਇਹ ਕੰਧ ਚਾਰ ਜੁਗ ਇਸੇ ਤਰ੍ਹਾਂ ਰਹੇਗੀ। ਗੁਰਦੁਆਰਾ ਕੰਧ ਸਾਹਿਬ ਵਿਖੇ ਇਹ ਕੰਧ ਅੱਜ ਤੱਕ ਸੁਰੱਖਿਅਤ ਹੈ।

**ਵਿਆਹ ਸੰਬੰਧੀ ਸੁਖਣਾ** :- ਬਟਾਲੇ ਵਿਚ ਗੁਰਦੁਆਰਾ ਕੰਧ ਸਾਹਿਬ ਦੇ ਨੇੜੇ ਗੁਰਦੁਆਰਾ ਡੇਹਰਾ ਸਾਹਿਬ ਹੈ। ਇਸ ਅਸਥਾਨ ਤੇ ਗੁਰੂ ਨਾਨਕ ਦੇਵ ਜੀ ਦਾ ਵਿਆਹ ਹੋਇਆ ਸੀ। ਇਸ ਅਸਥਾਨ ਤੇ ਸਿਹਰੇ ਤੇ ਕਲੀਰੇ ਚੜ੍ਹਾਏ ਜਾਂਦੇ ਹਨ। ਜਿਹੜੇ ਲੜਕੇ ਜਾਂ ਲੜਕੀ ਦੇ ਵਿਆਹ ਵਿਚ ਕੋਈ ਵਿਘਨ ਪੈਂਦਾ ਹੈ ਉਹ ਸਿਹਰਾ ਜਾਂ ਕਲੀਰੇ ਚੜ੍ਹਾਉਂਦੇ ਹਨ ਤੇ ਗੁਰੂ ਜੀ ਦੀ ਬਖ਼ਸ਼ਿਸ਼ ਨਾਲ ਉਹਨਾਂ ਦਾ ਵਿਆਹ ਨਿਰਵਿਘਨ ਸੰਪੂਰਨ ਹੋ ਜਾਂਦਾ ਹੈ। ਇਹ ਰਸਮਾਂ ਗੀਤਾਂ ਜਿਥੇ ਲੋਕਧਾਰਾ ਦੀਆਂ ਅਮੀਰ ਪਰੰਪਰਾਵਾਂ ਦੀ ਪੇਸ਼ਕਾਰੀ ਕਰਦੀਆਂ ਹਨ ਉਥੇ ਉਸ ਵੇਲੇ ਦੇ ਸਮਾਜ ਸਭਿਆਚਾਰ ਦਾ ਚਿੱਤਰ ਵੀ ਪੇਸ਼ ਕਰਦੀਆਂ ਹਨ।



-ਡਾ. ਆਤਮਾ ਸਿੰਘ ਗਿੱਲ
ਬਾਬਾ ਅਜੈ ਸਿੰਘ ਖਾਲਸਾ ਕਾਲਜ,
ਗੁਰਦਾਸ ਨੰਗਲ, ਗੁਰਦਾਸਪੁਰ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਐਸ.ਜੀ.ਪੀ.ਸੀ ਮੈਂਬਰ ਅਤੇ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ 'ਤੇ

# ਬਲਾਤਕਾਰ ਦਾ ਦੋਸ਼ ਲੱਗਣਾ ਬਹੁਤ ਹੀ ਸ਼ਰਮਨਾਕ- ਸ. ਵਡਾਲਾ, ਸ. ਤਲਵੰਡੀ

**ਚੰਡੀਗੜ੍ਹ, 17 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ ਅਤੇ ਯੂਥ ਵਿੰਗ ਦੇ ਪ੍ਰਧਾਨ ਸ ਗੁਰਜੀਤ ਸਿੰਘ ਤਲਵੰਡੀ ਨੇ ਇਕ ਪ੍ਰੈਸ ਕਾਨਫਰੰਸ ਰਾਹੀਂ ਦੋਸ਼ ਲਗਾਇਆ ਕਿ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਸਿੱਖਾਂ ਦੀ ਧਾਰਮਿਕ ਸੰਸਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੈਂਬਰ ਉਤੇ ਕਿਸੇ ਔਰਤ ਦਾ ਜਿਨਸੀ ਸੋਸ਼ਣ ਕਰਨ ਦਾ ਇਲਜ਼ਾਮ ਲੱਗਣਾ, ਬਹੁਤ ਹੀ ਸ਼ਰਮਨਾਕ ਗੱਲ ਹੈ। ਦੋਹਾਂ ਆਗੂਆਂ ਨੇ ਦਰਜ ਹੋਈ ਐਫ ਆਈ ਆਰ ਦੇ ਹਵਾਲੇ ਨਾਲ ਕਿਹਾ ਕਿ ਉਸ ਔਰਤ ਨੇ ਸਪੱਸ਼ਟ ਕੀਤਾ ਹੈ ਕਿ ਉਸਨੇ ਪੀ ਏ ਦੇ ਰਾਹੀਂ ਸੁਖਬੀਰ ਸਿੰਘ ਬਾਦਲ ਨੂੰ ਆਪਣੇ 'ਤੇ ਹੋ ਰਹੇ



ਅੱਤਿਆਚਾਰ ਬਾਰੇ ਦੱਸਿਆ ਸੀ ਪਰ ਸੁਖਬੀਰ ਸਿੰਘ ਨੇ ਆਪਣੇ ਚਹੇਤੇ ਆਗੂ ਅਮਰਜੀਤ ਸਿੰਘ ਚਾਵਲਾ ਖਿਲਾਫ ਕੋਈ ਐਕਸ਼ਨ ਨਾ ਲਿਆ। ਏਸੇ ਤਰਾਂ ਉਸ ਔਰਤ ਨੇ ਐਸ ਜੀ ਪੀ ਸੀ ਪ੍ਰਧਾਨ ਨੂੰ ਵੀ ਸਾਰੀ ਘਟਨਾ ਤੋਂ ਜਾਣੂ ਕਰਵਾਇਆ ਸੀ, ਪਰ ਉਸਨੇ ਵੀ ਆਪਣੀ ਜਿੰਮੇਵਾਰੀ ਤੋਂ ਟਾਲਾ ਵੱਟ ਲਿਆ। ਏਥੋਂ ਤੱਕ ਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਐਕਟਿੰਗ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਵੀ ਦੁਖਿਆਰੀ ਔਰਤ ਦੀ ਸੁਣਵਾਈ ਨਹੀਂ ਕੀਤੀ। ਜਿਸਤੋਂ ਪਤਾ ਲੱਗਦਾ ਹੈ ਕਿ ਸੁਖਬੀਰ ਸਿੰਘ ਬਾਦਲ ਦਾ ਨਜਦੀਕੀ ਹੋਣ ਕਰਕੇ ਚਾਵਲਾ ਕਿੰਨਾ ਸ਼ਕਤੀਸ਼ਾਲੀ ਸੀ ਜਿਸਦੇ ਖਿਲਾਫ ਐਸ ਜੀ ਪੀ ਸੀ ਪ੍ਰਧਾਨ ਤਾਂ ਕੀ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਵੀ ਕਾਰਵਾਈ ਨਹੀਂ ਕਰ ਸਕੇ। ਦੋਹਾਂ ਆਗੂਆਂ ਨੇ ਦੋਸ਼ ਲਗਾਇਆ ਕਿ ਜੇ ਸਾਡੇ ਧਾਰਮਿਕ ਆਗੂ ਸਮਰੱਥ ਹੁੰਦੇ ਅਤੇ ਸ੍ਰੀ ਅਕਾਲ ਤਖਤ ਸਾਹਿਬ 'ਤੇ ਦੋਸ਼ੀ ਨੂੰ ਮਿਸਾਲੀ ਸਜਾ ਦਿੱਤੀ ਹੁੰਦੀ ਤਾਂ ਉਸ ਔਰਤ ਦੇ ਪੁਲਿਸ ਕੋਲ ਜਾਣ ਦੀ ਨੌਬਤ ਨਾ ਆਉਂਦੀ। ਜਿਸ ਨਾਲ ਧਾਰਮਿਕ ਸੰਸਥਾਵਾਂ ਦੀ ਬੇਹੱਦ ਬਦਨਾਮੀ ਹੋ ਰਹੀ ਹੈ। ਪ੍ਰੈੱਸ ਕਾਨਫਰੰਸ ਵਿੱਚ ਹਾਜਰ ਸ ਕਰਨੈਲ ਸਿੰਘ ਪੀਰਮੁਹੰਮਦ ਅਤੇ ਦਵਿੰਦਰ ਸਿੰਘ ਸੋਢੀ ਨੇ ਕਿਹਾ ਕਿ ਇਹ ਚਾਵਲਾ ਕੋਈ ਦੁੱਧ ਧੋਤਾ ਆਗੂ ਨਹੀਂ, ਪਹਿਲਾਂ ਅਕਾਲੀ ਸਰਕਾਰ ਵੇਲੇ ਇਸ 'ਤੇ ਨਸ਼ਾ ਤਸਕਰੀ ਦੇ ਇਲਜ਼ਾਮ ਵੀ ਲੱਗ ਚੁੱਕੇ ਹਨ। ਪਰ ਸ੍ਰੀ ਅਕਾਲ ਤਖਤ ਸਾਹਿਬ ਦੇ ਹੈਡ ਗ੍ਰੰਥੀ ਅਤੇ ਹੋਰ ਅਹੁਦੇਦਾਰਾਂ 'ਤੇ ਅਸ਼ਲੀਲ ਮੈਸੇਜ ਭੇਜਣ ਦੇ ਇਲਜ਼ਾਮ ਸਾਬਤ ਕਰਦੇ ਹਨ ਕਿ ਸੰਸਥਾਵਾਂ ਵਿੱਚ ਕਿੰਨਾ ਨਿਘਾਰ ਆ ਚੁੱਕਿਆ ਹੈ ਜਿਸ ਨਾਲ ਸ਼ਖਸੀਅਤਾਂ ਦੇ ਕਿਰਦਾਰ ਵੀ ਬਹੁਤ ਗਿਰ ਚੁੱਕੇ ਹਨ। ਇਹਨਾਂ ਆਗੂਆਂ ਨੇ ਕਿਹਾ ਕਿ ਸੰਸਥਾਵਾਂ ਵਿੱਚ ਇਨਕਲਾਬੀ ਤਬਦੀਲੀਆਂ ਬਿਨਾ ਹੁਣ ਸੁਧਾਰ ਦੀ ਕੋਈ ਗੁੰਜਾਇਸ਼ ਨਹੀਂ ਬਚੀ। ਜਿਸ ਬਾਰੇ ਲੋਕਾਂ ਨੂੰ ਗੰਭੀਰਤਾ ਨਾਲ ਸੋਚਣਾ ਚਾਹੀਦਾ ਹੈ। ਅੱਗੇ ਬਿਆਨ ਵਿੱਚ ਇਹਨਾ ਆਗੂਆਂ ਨੇ ਕਿਹਾ ਕਿ 21 ਜੁਲਾਈ ਦੀ ਐਫ ਆਈ ਆਰ ਹੋਣ ਦੇ ਬਾਵਜੂਦ ਅਜੇ ਤੱਕ ਗ੍ਰਿਫਤਾਰੀ ਨਹੀਂ ਹੋਈ ਜਦਕਿ ਬਲਾਤਕਾਰ ਦੇ ਦੋਸ਼ ਵਿੱਚ ਚੌਵੀ ਘੰਟੇ ਵਿੱਚ ਗ੍ਰਿਫਤਾਰੀ ਹੋਣੀ ਚਾਹੀਦੀ ਹੈ। ਇਹਨਾ ਆਗੂਆਂ ਨੇ ਪ੍ਰਧਾਨ ਸ ਹਰਜਿੰਦਰ ਸਿੰਘ ਧਾਮੀ ਨੂੰ ਸਵਾਲ ਕਰਦਿਆਂ ਜਵਾਬ ਮੰਗਿਆ ਕਿ ਗੁਰੂ ਘਰ ਦੀ ਸਰਾਂ ਵਿੱਚ ਉਸ ਬੀਬੀ ਨੂੰ ਐਨਾ ਚਿਰ ਰਹਿਣ ਲਈ ਕਮਰਾ, ਕਮੇਟੀ ਦੀ ਗੱਡੀ ਅਤੇ ਡਰਾਈਵਰ ਕਿਉਂ ਮੁਹੱਈਆ ਕਰਵਾਇਆ ਗਿਆ ਸੀ। ਉਹਨਾਂ ਨੂੰ ਸੰਗਤਾਂ ਸਾਹਮਣੇ ਜਵਾਬ ਦੇਣਾ ਚਾਹੀਦਾ ਹੈ ਕਿ ਇਕ ਧਾਰਮਿਕ ਸੰਸਥਾ ਦੇ ਮੈਬਰ ਵੱਲੋਂ ਗੁਰੂ ਘਰ ਦੀਆਂ ਸਰਾਵਾਂ ਵਿੱਚ ਕੀਤੇ ਗਏ ਕੁਕਰਮਾਂ ਬਾਰੇ ਸੁਣ ਕੇ ਵੀ ਉਹ ਚੁੱਪ ਕਿਉਂ ਰਹੇ। ਇਹਨਾਂ ਆਗੂਆਂ ਨੇ ਸਰਕਾਰ ਤੋਂ ਵੀ ਮੰਗ ਕੀਤੀ ਹੈ ਕਿ ਇਕ ਸਿਟ ਬਣਾਕੇ ਨਿਰਪੱਖ ਜਾਂਚ ਕਰਵਾਈ ਜਾਵੇ ਕਿ ਇਸ ਬੀਬੀ ਨੂੰ ਕੌਣ ਲੈ ਕੇ ਆਇਆ। ਏਨਾ ਚਿਰ ਉਸਨੂੰ ਗੁਰੂ ਘਰ ਦੀ ਸਰਾਂ ਵਿੱਚ ਕਿਉਂ ਰੱਖਿਆ ਗਿਆ। ਇਹ ਸਾਰੀ ਸੱਚਾਈ ਸੰਗਤ ਦੇ ਸਾਹਮਣੇ ਆਉਣੀ ਬਹੁਤ ਜਰੂਰੀ ਹੈ ਕਿਉਂਕਿ ਇਹ ਇਕ ਧਾਰਮਿਕ ਉਚ ਤਖਤ ਦੀ ਬੇਹੁਰਮਤੀ ਦਾ ਮਾਮਲਾ ਹੈ। ਤਾਂ ਜੋ ਲੋਕਾਂ ਦਾ ਧਾਰਮਿਕ ਸੰਸਥਾਵਾਂ ਵਿੱਚ ਥੋੜਾ ਬਹੁਤ ਵਿਸ਼ਵਾਸ ਬਹਾਲ ਹੋ ਸਕੇ। ਇਸ ਮੌਕੇ ਦਫਤਰ ਸਕੱਤਰ ਸ ਜਗਜੀਤ ਸਿੰਘ ਕੋਹਲੀ ਵੀ ਹਾਜਰ ਸਨ ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

**ਪੀੜਤਾ ਦੀ ਗੱਲ ਕਿਉਂ ਨਹੀਂ ਸੁਣੀ ਗਈ ? ਐਸ.ਜੀ.ਪੀ.ਸੀ ਪ੍ਰਧਾਨ ਅਤੇ ਅਕਾਲੀ ਦਲ ਪ੍ਰਧਾਨ ਜਵਾਬ ਦੇਣ**

ਆਵਾਜ਼ਿ ਕੌਮ AWAZE QAUM
International Newspaper & WEB TV

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ






Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)
(ਬੱਕਰਾਂ ਦੇ ਹਾਈ ਕੋਰਟ)

ਮਿਤੀ 1 ਨਵੰਬਰ 2026 ਦਿਨ ਐਤਵਾਰ
ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ ।
ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

# ਗੁਰੂ ਨਾਨਕ ਦੇਵ ਜੀ ਦੇ 539ਵੇਂ ਵਿਆਹ ਪੁਰਬ ’ਤੇ ਵਿਸ਼ੇਸ਼








**ਹਰਿ ਪ੍ਰਭਿ ਕਾਜੁ ਰਚਾਇਆ ।।**
**ਗੁਰਮੁਖਿ ਵੀਆਹਣਿ ਆਇਆ ।।**

ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਇਸ ਪ੍ਰਿਥਵੀ ਲੋਕ ਪਰ ਆਗਮਨ 26 ਵਿਸਾਖ ਸੰਮਤ 1526, ਮੁਤਾਬਕ 15 ਅਪ੍ਰੈਲ ਸੰਨ 1469 ਈ: ਨੂੰ ਰਾਇ ਭੋਇ ਦੀ ਤਲਵੰਡੀ, ਨਨਕਾਣਾ ਸਾਹਿਬ ਪਾਕਿਸਤਾਨ ਵਿੱਚ ਪਿਤਾ ਮਹਿਤਾ ਕਾਲੂ ਜੀ ਤੇ ਮਾਤਾ ਤ੍ਰਿਪਤਾ ਜੀ ਦੇ ਗ੍ਰਹਿ ਵਿਖੇ ਹੋਇਆ ਆਪ ਜੀ ਦੇ ਜਨਮ ਸਮੇਂ ਦਾਦਾ ਸ਼ਿਵਰਾਮ ਜੀ, ਦਾਦੀ ਬਨਾਰਸੀ ਜੀ, ਪਿਤਾ ਮਹਿਤਾ ਕਾਲੂ ਜੀ, ਮਾਤਾ ਤ੍ਰਿਪਤਾ ਜੀ , ਚਾਚਾ ਲਾਲੂ ਰਾਮ ਜੀ ਤੇ ਵੱਡੀ ਭੈਣ ਬੇਬੇ ਨਾਨਕੀ ਜੀ ਨੂੰ ਵਧਾਈਆ ਮਿਲੀਆਂ। ਭਾਈ ਗੁਰਦਾਸ ਜੀ ਲਿਖਦੇ ਹਨ ਕਿ:

**ਸਤਿਗੁਰ ਨਾਨਕ ਪ੍ਰਗਟਿਆ ਮਿਟੀ ਧੁੰਧੁ ਜਗਿ ਚਾਨਣੁ ਹੋਆ।**
**ਜਿਉ ਕਰਿ ਸੂਰਜੁ ਨਿਕਲਿਆ ਤਾਰੇ ਛਪੇ ਅੰਧੇਰ ਪਲੋਆ।**

ਗੁਰੂ ਸਾਹਬ ਜੀ ਦੇ ਜਨਮ ਸਮੇਂ ਇਸ ਜੱਗ ਵਿੱਚ ਜੋ ਜ਼ੁਲਮ ਤੇ ਕੂੜ ਪ੍ਰਚਾਰ ਦੀ ਧੁੰਧ ਛਾਈ ਹੋਈ ਸੀ, ਉਹ ਖਤਮ ਹੋਣੀ ਸ਼ੁਰੂ ਹੋ ਗਈ। ‘ਬਖਸ਼ੀ ਸਿੰਘ ਆਦਿਲ’ ਲਿੱਖਦੇ ਹਨ ਕਿ ਉਸ ਸਮੇਂ ਦਿੱਲੀ ਦੇ ਤਖਤ ਤੇ ਬਹਿਲੋਲ ਲੋਧੀ ਦਾ ਰਾਜ ਸੀ ਜੋ 1450 ਤੋਂ 1488 ਤੱਕ ਰਿਹਾ। ਫਿਰ ਸਿਕੰਦਰ ਲੋਧੀ ਦਾ ਰਾਜ ਆਇਆ ਜੋ 1488 ਤੋਂ 1517 ਤੱਕ ਰਿਹਾ। ਫਿਰ ਇਬਰਾਹਿਮ ਲੋਧੀ ਦਿੱਲੀ ਦੇ ਤਖਤ ਤੇ ਬੈਠਾ ਜਿਸ ਨੇ 1517 ਤੋਂ 1526 ਤੱਕ ਰਾਜ ਕੀਤਾ। ਇਹ ਬੜੇ ਕੱਟੜ ਤੇ ਜ਼ਾਲਿਮ ਰਾਜੇ ਸਨ। ਗੁਰੂ ਨਾਨਕ ਦੇਵ ਜੀ ਨੇ ਵਹਿਮ, ਭਰਮ, ਜ਼ੁਲਮ, ਜਬਰ ਨੂੰ ਸਾੜ ਕੇ ਸ਼ੁੱਧ ਗਿਆਨ ਮਈ ਚੰਦ ਦਾ ਚਾਨਣ ਕੀਤਾ। ਛੋਟੀ ਉਮਰ ਵਿੱਚ ਹੀ ਆਪ ਜੀ ਦੀ ਸੂਝ, ਗਿਆਨ ਅਤੇ ਪ੍ਰਤਿਭਾ ਵੇਖ, ਆਪ ਨੂੰ ਪੜ੍ਹਾਉਣ ਵਾਲੇ ਹੈਰਾਨ ਰਹਿ ਜਾਂਦੇ ਸਨ। ਆਪ ਬਚਪਨ ਸਮੇਂ ਹੀ ਈਸ਼ਵਰੀ ਜਪ ਸਾਧਨਾਂ ਵਿੱਚ ਜੁੜੇ ਰਹਿੰਦੇ ਅਤੇ ਨਾਮ ਖੁਮਾਰੀ ਵਿੱਚ ਮਸਤ ਰਹਿੰਦੇ ਸਨ। ਗੁਰੂ ਨਾਨਕ ਦੇਵ ਜੀ ਲੋਕਾਂ ਵਿੱਚ ਐਸੀ ਲਹਿਰ ਚਲਾਉਣੀ ਚਾਹੁੰਦੇ ਸਨ, ਜਿਸਦਾ ਸਦਕਾ ਉਹਨਾਂ ਦਾ ਦੁੱਖ ਵੀ ਘਟੇ ਤੇ ਉਹਨਾਂ ਦਾ ਆਚਰਣ ਵੀ ਉੱਚਾ ਹੋਵੇ ਤਾਂ ਜੋ ਮਾਲਕ ਦੇ ਪ੍ਰੀਵਰਤਨ ਦੇ ਬਾਵਜੂਦ ਉਹ ਨੈਤਿਕ ਸੰਕਟ ਦਾ ਸ਼ਿਕਾਰ ਨਾ ਹੋਏ ਰਹਿਣ ਸਥਿਰ ਪਰੀਵਰਤਨ ਲਈ ਕੌਮੀ ਆਚਰਣ ਦਾ ਸੁਧਾਰ ਜਰੂਰੀ ਹੈ ਤੇ ਆਚਰਣ ਦੇ ਸੁਧਾਰ ਲਈ ਵੀਚਾਰਾਂ ਦੀ ਤਬਦੀਲੀ ਗੁਰੂ ਨਾਨਕ ਨਿਸਚੇ ਨਵੇਂ ਵੀਚਾਰਾਂ ਦਾ ਝੰਡਾ ਲੈ ਕੇ ਆਪਣੇ ਮਿਸ਼ਨ ਉੱਤੇ ਚੱਲੇ ਸਨ, ਪਰ ਜਿਸ ਸ਼ਕਤੀ ਨੇ ਉਹਨਾਂ ਨੂੰ ਦੇਸ ਪ੍ਰਦੇਸ, ਜਲ-ਥਲ, ਨਗਰ-ਬਣ, ਪਹਾੜ-ਮੈਦਾਨ, ਕੱਛਦੇ ਫਿਰਨ ਲਈ ਮਜ਼ਬੂਰ ਕੀਤਾ ਸੀ, ਉਹ ਉਹਨਾਂ ਦੇ ਹਿਰਦੇ ਵਿੱਚ ਠਾਠਾਂ ਮਾਰ ਰਿਹਾ ਮਨੁੱਖੀ ਦਰਦ ਸੀ। ਇਸ ਲਈ ਗੁਰੂ ਸਾਹਿਬ ਜੀ ਨੇ ਉੱਤਰ, ਦੱਖਣ, ਪੂਰਬ, ਪੱਛਮ ਚਾਰੋਂ ਦਿਸ਼ਾਵਾਂ ਵੱਲ ਚਾਰ ਉਦਾਸੀਆਂ ਕੀਤੀਆਂ ਭਾਈ ਗੁਰਦਾਸ ਜੀ ਲਿੱਖਦੇ ਹਨ ਕਿ :

**ਬਾਬਾ ਦੇਖੈ ਧਿਆਨ ਧਰਿ ਜਲਤੀ ਸਭ ਪ੍ਰਿਥਮੀ ਦਿਸ ਆਈ।**
**ਬਾਝਹੁ ਗੁਰੂ ਗੁਬਾਰ ਹੈ, ਹੈ ਹੈ ਕਰਦੀ ਸੁਣੀ ਲੁਕਾਈ।**
**ਬਾਬੇ ਭੇਖ ਬਣਾਇਆ ਉਦਾਸੀ ਕੀ ਰਤਿ ਚਲਾਈ।**
**ਚੜ੍ਹਿਆ ਸੋਧਣ ਧਰਤਿ ਲੁਕਾਈ।**

ਗੁਰੂ ਨਾਨਕ ਸਾਹਿਬ ਜੀ ਨੇ ਬਹੁਤ ਪੈਦਲ ਯਾਤਰਾ ਕੀਤੀ । ਭੁੱਲੇ ਭਟਕਿਆਂ ਨੂੰ ਰਾਹੇ ਪਾਇਆ।

**ਜਿਥੈ ਬਾਬਾ ਪੈਰ ਧਰੈ ਪੂਜਾ ਆਸਣ ਥਾਪਣ ਸੋਆ।**

ਜਿੱਥੇ ਜਿੱਥੇ ਵੀ ਬਾਬਾ ਨਾਨਕ ਜੀ ਨੇ ਆਪਣੇ ਮੁਬਾਰਕ ਚਰਨ ਪਾਏ, ਉਸ ਹਰ ਥਾਂ ਤੇ ਗੁਰਦੁਆਰਾ ਸਹਿਬ ਸੁਸ਼ੋਭਿਤ ਹਨ। ਗੁਰੂ ਨਾਨਕ ਦੇਵ ਸਾਹਿਬ ਜੀ ਨੂੰ ਬਚਪਨ ਸਮੇਂ ਬੇਬੇ ਨਾਨਕੀ ਜੀ ਤੇ ਜੀਜਾ ਜੈਰਾਮ ਜੀ ਆਪਣੇ ਕੋਲ ਕਪੂਰਥਲੇ ਲੈ ਗਏ ਸਨ। ਉੱਥੇ ਮੋਦੀ ਖਾਨੇ ਵਿੱਚ ਨੌਕਰੀ ਲਵਾ ਦਿੱਤੀ। ਪ੍ਰਸਿੱਧ ਇਤਿਹਾਸਕਾਰ ਗਿਆਨੀ ਗਿਆਨ ਸਿੰਘ ਆਪਣੀ ਲਿੱਖਤ ‘ਤਵਾਰੀਖ ਗੁਰੂ ਖਾਲਸਾ’ ਵਿੱਚ ਬਾਬਾ ਨਾਨਕ ਜੀ ਦੀ ਮੰਗਣੀ ਤੇ ਵਿਆਹ ਬਾਰੇ ਲਿੱਖਦੇ ਹਨ ਕਿ ਏਸੇ ਮੋਦੀ ਖਾਨੇ ਦੀ ਵਡਿਆਈ ਵਿੱਚ ਕੁੜਮਾਈ ਹੋ ਕੇ 7 ਜੇਠ ਸੰ: 1545 ਬਿ: ਸੰ: 891 ਹਿ: 1487 ਈ: ਨੂੰ ਪਿਤਾ ਮੂਲ ਚੰਦ ਜੀ ਤੇ ਮਾਤਾ ਚੰਦੋ ਰਾਣੀ ਜੀ ਦੀ ਸਪੁੱਤਰੀ ਬੀਬੀ ਸੁਲੱਖਣੀ ਜੀ ਨਾਲ ਵਿਆਹ ਹੋਇਆ। ਉਸ ਸਮੇਂ ਗੁਰੂ ਸਾਹਿਬ ਜੀ ਦੀ ਉਮਰ 18 ਸਾਲ ਸੀ। ਬਰਾਤ ਬਟਾਲੇ ਪਹੁੰਚੀ। ਬਰਾਤ ਵਿੱਚ ਨਵਾਬ ਦੌਲਤ ਖਾਂ, ਚੌਧਰੀ ਰਾਏ ਬੁਲਾਰ, ਨਾਨਾ ਜੀ, ਪਿਤਾ ਕਾਲੂ ਜੀ, ਚਾਚਾ ਲਾਲੂ ਰਾਮ ਜੀ, ਜੀਜਾ ਜੈ ਰਾਮ ਜੀ, ਭਾਈ ਮਰਦਾਨਾ ਜੀ, ਭਾਈ ਬਾਲਾ ਜੀ, ਤੇ ਹੋਰ ਵੀ ਬਹੁਤ ਸਾਰੇ ਰਿਸ਼ਤੇਦਾਰ, ਸਾਕ ਸਬੰਧੀ ਤੇ ਸਾਧੂ ਸੰਤ ਫਕੀਰ ਬਰਾਤ ਵਿੱਚ ਸ਼ਾਮਿਲ ਹੋਏ। ਮਹਾਂਕਵੀ ਭਾਈ ਸੰਤੋਖ ਸਿੰਘ ਜੀ ‘ਸ਼੍ਰੀ ਗੁਰੂ ਨਾਨਕ ਪ੍ਰਕਾਸ਼’ ਵਿੱਚ ਲਿੱਖਦੇ ਹਨ ਕਿ:

**ਨਗਰ ਨਿਕਟਿ ਇਸਥਿਤ ਕਰੀ ਸਭਿ ਬਰਾਤ ਨੇ ਜਾਇ।**

ਭਾਵ ਕਿ ਸਾਰੀ ਬਰਾਤ ਨੇ ਨਗਰ ਦੇ ਨੇੜੇ ਜਾ ਕੇ ਟਿਕਾਣਾ ਕੀਤਾ। ਚੌਧਰੀ ਅਜਿੱਤਾ ਰੰਧਾਵਾ ਤੇ ਪਤਵੰਤੇ ਸੱਜਣਾਂ ਨੇ ਬਰਾਤ ਨੂੰ ਜੀ ਆਇਆਂ ਆਖਿਆ। ਖ਼ੂਬ ਆਉ ਭਗਤ ਕੀਤੀ ।ਉਸ ਦਿਨ ਬਾਰਸ਼ ਬਹੁਤ ਹੋ ਰਹੀ ਸੀ। ਬਰਾਤ ਨੂੰ ਇੱਕ ਕੱਚੀ ਕੰਧ ਲਾਗੇ ਬੈਠਾਇਆ ਗਿਆ। ਇੱਕ ਬਜ਼ੁਰਗ ਮਾਈ ਨੇ ਗੁਰੂ ਨਾਨਕ ਦੇਵ ਜੀ ਨੂੰ ਕਿਹਾ ਕਿ ‘ਪੁੱਤਰ, ਕੰਧ ਕੱਚੀ ਹੈ ਡਿੱਗ ਜਾਏਗੀ । ਤੁਸੀ ਪਾਸੇ ਹੋ ਕੇ ਬੈਠ ਜਾਉ।’ ਗੁਰੂ ਸਾਹਿਬ ਸਹਿਜ ਸੁਭਾ ਹੀ ਬੋਲੇ ਕਿ ‘ਮਾਤਾ, ਭੋਲੀਏ ਇਹ ਕੰਧ ਤਾਂ ਜੁਗਾਂ ਤੱਕ ਸਲਾਮਤ ਰਹੇਗੀ।’ ਉਸ ਜਗ੍ਹਾ ਤੇ ਅੱਜ ਗੁ. ਕੰਧ ਸਾਹਿਬ ਸੁਸ਼ੋਭਿਤ ਹੈ। ਉਸ ਕੰਧ ਨੂੰ ਸ਼ੀਸ਼ੇ ਵਿੱਚ ਜੜ੍ਹਿਆ ਹੋਇਆ ਹੈ। ਮਹਾਰਾਜ ਸ਼ੇਰ ਸਿੰਘ ਨੇ ਆਪਣੇ ਰਾਜਕਾਲ ਦੌਰਾਨ ਇਸ ਥਾਂ ਤੇ ਗੁਰਦੁਆਰਾ ਸਾਹਿਬ ਬਣਵਾਇਆ ।ਭਾਈ ਕਾਹਨ ਸਿੰਘ ਨਾਭਾ ਲਿੱਖਦੇ ਹਨ ਕਿ ਜਿਲ੍ਹਾ ਗੁਰਦਾਸਪੁਰ ਵਿੱਚ ਇੱਕ ਨਗਰ, ਜਿਸਦਾ ਸਟੇਸ਼ਨ ਪਠਾਨਕੋਟ ਅੰਮ੍ਰਿਤਸਰ ਰੇਲਵੇਪੁਰ ਹੈ, ਜੋ ਲਾਹੌਰੋਂ 57 ਮੀਲ ਹੈ, ਏਥੇ ਗੁਰੂ ਨਾਨਕ ਦੇਵ ਜੀ ਦੇ ਸਹੁਰੇ ਹਨ। ਬਾਬਾ ਗੁਰਦਿੱਤਾ ਜੀ ਨੂੰ ਵਿਆਹੁਣ ਲਈ ਗੁਰੂ ਹਰਿਗੋਬਿੰਦ ਸਾਹਿਬ ਜੀ ਇਸ ਥਾਂ ਪਧਾਰੇ ਸਨ। ਇਹ ਨਗਰ ਬਹਿਲੋਲ ਲੋਧੀ ਦੀ ਹਕੂਮ ਸਮੇਂ ਭੱਟੀ ਰਾਜਪੂਤ ਰਾਇ-ਰਾਮਦੇਉ ਨੇ ਆਬਾਦ ਕੀਤਾ ਸੀ।

ਕੱਚੀ ਕੰਧ- ਇਹ ਉਹ ਅਸਥਾਨ ਹੈ, ਜਿੱਥੇ ਗੁਰੂ ਨਾਨਕ ਦੇਵ ਜੀ ਦੀ ਬਰਾਤ ਦਾ ਡੇਰਾ ਸੀ। ਉਸ ਸਮੇਂ ਦੀ ਪੁਰਾਣੀ ਕੱਚੀ ਕੰਧ ਮੌਜੂਦ ਹੈ।

ਡੇਹਰਾ ਸਾਹਿਬ- ਇਹ ਉਹ ਅਸਥਾਨ ਹੈ ਜਿੱਥੇ ਗੁਰੂ ਨਾਨਕ ਦੇਵ ਜੀ ਦਾ ਵਿਆਹ ਹੋਇਆ ਸੀ।

ਬਾਬਾ ਗੁਰਦਿੱਤਾ ਜੀ ਦੇ ਵਿਆਹ ਦਾ ਅਸਥਾਨ ਅਤੇ ਗੁਰੂ ਹਰਿਗੋਬਿੰਦ ਸਾਹਿਬ ਜੀ ਜਿਸ ਥਾਂ ਵਿਰਾਜੇ ਸਨ। ਉਸ ਥਾਂ ਤੇ ਗੁਰਦੁਆਰਾ ਸਤਿਕਰਤਾਰੀਆ ਸਾਹਿਬ ਸ਼ੁਸ਼ੋਭਿਤ ਹੈ ।ਗੁਰਦਵਾਰਾ ਸਤਿਕਰਤਾਰੀਆ ਸਾਹਿਬ, ਗੁਰਦਵਾਰਾ ਕੰਧ ਸਾਹਿਬ ਤੇ ਗੁਰਦਵਾਰਾ ਸ੍ਰੀ ਡੇਹਰਾ ਸਾਹਿਬ ਵਿਖੇ 18 ਸਤੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ ਤੇ ਭੋਗ ਪੈਣ ਉਪਰੰਤ ਮਹਾਨ ਨਗਰ ਕੀਰਤਨ ਸਜਾਇਆ ਜਾਂਦਾ ਹੈ ।ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਸਿੱਖ ਸੰਗਤਾਂ ਦੇ ਸਹਿਯੋਗ ਨਾਲ 18 ਸਤੰਬਰ ਦਿਨ ਇਸ ਸ਼ੁੱਕਰਵਾਰ ਨੂੰ ਗੁਰੂ ਨਾਨਕ ਦੇਵ ਜੀ ਦੇ 539ਵੇਂ ਵਿਆਹ ਪੁਰਬ ਨਾਲ ਸੰਬੰਧਿਤ ਸਲਾਨਾ ਜੋੜ ਮੇਲਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਸੰਗਤਾਂ ਬੜੀ ਭਾਰੀ ਤਦਾਦ ਵਿੱਚ ਗੁਰੂ ਘਰ ਹਾਜ਼ਰੀ ਭਰਦੀਆਂ ਹਨ। ਸਭ ਸੰਗਤਾਂ ਨੂੰ ਵਿਆਹ ਪੁਰਬ ਦੀ ਲੱਖ-ਲੱਖ ਵਧਾਈ ਹੋਵੇ ਜੀ।

**- ਧਰਮਿੰਦਰ ਸਿੰਘ(ਚੱਬਾ), ਪਿੰਡ ਤੇ ਡਾਕ:ਚੱਬਾ,**
**ਤਰਨ ਤਾਰਨ ਰੋਡ, ਅੰਮ੍ਰਿਤਸਰ-143022**

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### "ਅਸੀਂ ਕੈਨੇਡਾ 'ਤੇ ਰਾਜ ਕਰਾਂਗੇ, 5,000 ਤੋਂ ਵੱਧ ਮੈਂਬਰ ਹਨ"

# ਲਾਰੈਂਸ ਬਿਸ਼ਨੋਈ ਗੈਂਗ ਵੱਲੋਂ ਕੈਨੇਡਾ ਨੂੰ ਖੁੱਲ੍ਹੀ ਧਮਕੀ

Organized Crime Branch - Edmonton Drug and Gang Enforcement (EDGE) Section


Ongoing Investigative Summary (Investigative Report)

Case File No.
25-0417645- Project Garter

JAI SRI RAM saree Canada nu from goldy brar gang wallo WARNING X

JAI SRI RAM LAWRENCE GANG , AND GOLDY BRAR AND ALL OUR GANG MEMBERS IN CANADA

warning to.
THIS IS FOR CANADA DEFENCE MINISTER , ARMY AND POLICE
We are giving you a written warning and challenge we are Indian gang Canada has no guts to stop us is that clear . we will rule in CANADA now no one can stop us we are very powerful no other gang bigger then us not even your fuckin hell angles ( white pigs ) this is our time now Indian we have more then 5000 gang members in Canada they can do shooting for only $1000 can you stop us no way . you will see we will takeover CANADA soon . this is warning to you all stay away from our activates ,otherwise you might see news next day shooting on police station all right . we have more guns then Canada police have . and very soon all white pigs community should leave this country this is not a joke alright this is order from Lawrence
very soon every business owner have to pay protection money to us it is like TAX no other way around for any business . so do not try to stop us and doesn't matter Indian or white or black community businessman they all have to pay us
from. Lawrence gang from INDIA



**ਸਰੀ/ਐਡਮੰਟਨ, 17 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਕੈਨੇਡੀਅਨ ਬ੍ਰੌਡਕਾਸਟਰ ਸੀਬੀਸੀ ਨਿਊਜ਼ ਨੇ ਅੱਜ (16 ਸਤੰਬਰ 2026) ਲਾਰੈਂਸ ਬਿਸ਼ਨੋਈ ਗੈਂਗ ਵੱਲੋਂ ਭੇਜੀ ਗਈ ਇੱਕ ਧਮਕੀ ਭਰੀ ਚਿੱਠੀ ਦੀ ਪੂਰੀ ਟੈਕਸਟ ਜਾਰੀ ਕੀਤੀ ਹੈ।ਇਹ ਚਿੱਠੀ ਗਤ ਸਾਲ ਅਗਸਤ 2025 ਵਿੱਚ ਬ੍ਰਿਟਿਸ਼ ਕੋਲੰਬੀਆ ਦੇ ਐਬੋਟਸਫੋਰਡ ਪੁਲਿਸ ਵਿਭਾਗ ਨੂੰ ਭੇਜੀ ਗਈ ਸੀ ਅਤੇ ਇਸ ਵਿੱਚ ਕੈਨੇਡਾ ਦੇ ਰੱਖਿਆ ਮੰਤਰੀ, ਫੌਜ ਅਤੇ ਪੁਲਿਸ ਨੂੰ ਸਿੱਧੀ ਚੁਣੌਤੀ ਦਿੱਤੀ ਗਈ ਹੈ।ਚਿੱਠੀ ਵਿੱਚ ਲਿਖਿਆ ਗਿਆ ਹੈ: "ਅਸੀਂ ਤੁਹਾਨੂੰ ਲਿਖਤੀ ਚੇਤਾਵਨੀ ਅਤੇ ਚੁਣੌਤੀ ਦੇ ਰਹੇ ਹਾਂ। ਅਸੀਂ ਭਾਰਤੀ ਗੈਂਗ ਹਾਂ ਅਤੇ ਕੈਨੇਡਾ ਸਾਨੂੰ ਰੋਕਣ ਦੀ ਹਿੰਮਤ ਨਹੀਂ ਰੱਖਦਾ। ਹੁਣ ਅਸੀਂ ਕੈਨੇਡਾ ਵਿੱਚ ਰਾਜ ਕਰਾਂਗੇ। ਸਾਨੂੰ ਕੋਈ ਨਹੀਂ ਰੋਕ ਸਕਦਾ।" ਇਸ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਕੈਨੇਡਾ ਵਿੱਚ ਗੈਂਗ ਦੇ 5,000 ਤੋਂ ਵੱਧ ਮੈਂਬਰ ਹਨ, ਜੋ ਸਿਰਫ਼ 1,000 ਡਾਲਰ ਵਿੱਚ ਗੋਲੀਬਾਰੀ ਕਰ ਸਕਦੇ ਹਨ। ਚਿੱਠੀ ਵਿੱਚ ਇਹ ਵੀ ਲਿਖਿਆ ਹੈ ਕਿ ਉਨ੍ਹਾਂ ਕੋਲ ਕੈਨੇਡੀਅਨ ਪੁਲਿਸ ਨਾਲੋਂ ਵੀ ਵੱਧ ਬੰਦੂਕਾਂ ਹਨ ਅਤੇ ਬਹੁਤ ਜਲਦੀ ਹਰ ਕਾਰੋਬਾਰੀ ਮਾਲਕ ਨੂੰ "ਪ੍ਰੋਟੈਕਸ਼ਨ ਮਨੀ" (ਟੈਕਸ ਵਾਂਗ) ਦੇਣੀ ਪਵੇਗੀ। ਭਾਵੇਂ ਕਾਰੋਬਾਰੀ ਭਾਰਤੀ ਹੋਵੇ, ਗੋਰਾ ਹੋਵੇ ਜਾਂ ਕਾਲਾ ਭਾਈਚਾਰਾ—ਸਾਰਿਆਂ ਨੂੰ ਪੈਸੇ ਦੇਣੇ ਪੈਣਗੇ। ਧਮਕੀ ਦਿੱਤੀ ਗਈ ਹੈ ਕਿ ਜੇ ਰੋਕਿਆ ਗਿਆ ਤਾਂ ਅਗਲੇ ਦਿਨ ਪੁਲਿਸ ਸਟੇਸ਼ਨਾਂ 'ਤੇ ਗੋਲੀਬਾਰੀ ਦੀਆਂ ਖਬਰਾਂ ਆ ਸਕਦੀਆਂ ਹਨ।ਇਹ ਚਿੱਠੀ ਐਡਮੰਟਨ ਪੁਲਿਸ ਸਰਵਿਸ ਦੇ ਆਰਗੇਨਾਈਜ਼ਡ ਕ੍ਰਾਈਮ ਬ੍ਰਾਂਚ ਦੀ *Project Garter* (ਕੇਸ ਫਾਈਲ ਨੰਬਰ 25-0417645) ਨਾਮਕ ਜਾਂਚ ਰਿਪੋਰਟ ਵਿੱਚ ਹੂ-ਬ-ਹੂ ਦਰਜ ਹੈ। ਲਗਭਗ 200 ਪੰਨਿਆਂ ਦੀ ਇਸ ਰਿਪੋਰਟ ਵਿੱਚ ਮਈ 2025 ਤੋਂ ਸ਼ੁਰੂ ਹੋਈ ਜਾਂਚ ਦਾ ਵਿਸਥਾਰ ਹੈ, ਜਿਸ ਵਿੱਚ ਐਡਮੰਟਨ, ਕੈਲਗਰੀ ਅਤੇ ਸਰੀ ਵਿੱਚ ਹੋਈਆਂ ਗੋਲੀਬਾਰੀਆਂ, ਐਕਸਟੋਰਸ਼ਨ ਅਤੇ ਅੱਗਜ਼ਨੀ ਦੀਆਂ ਘਟਨਾਵਾਂ ਨੂੰ ਬਿਸ਼ਨੋਈ ਗੈਂਗ ਨਾਲ ਜੋੜਿਆ ਗਿਆ ਹੈ।ਸੀਬੀਸੀ ਨੂੰ ਇਹ ਦਸਤਾਵੇਜ਼ ਇਮੀਗ੍ਰੇਸ਼ਨ ਐਂਡ ਰੈਫਿਊਜੀ ਬੋਰਡ ਦੀ ਇੱਕ ਡਿਪੋਰਟੇਸ਼ਨ ਸੁਣਵਾਈ ਦੇ ਐਕਸਹਿਬਿਟਸ ਰਾਹੀਂ ਐਕਸੈਸ ਟੂ ਇਨਫਰਮੇਸ਼ਨ ਬੇਨਤੀ ਤਹਿਤ ਮਿਲੇ ਹਨ।ਪਹਿਲਾਂ ਮਈ 2026 ਵਿੱਚ ਐਡਮੰਟਨ ਪੁਲਿਸ ਦੇ ਇੱਕ ਅਧਿਕਾਰੀ ਨੇ ਸੁਣਵਾਈ ਦੌਰਾਨ ਇਸ ਚਿੱਠੀ ਦਾ ਜ਼ਿਕਰ ਕੀਤਾ ਸੀ, ਪਰ ਉਸ ਵੇਲੇ 1,000 ਫੁੱਟ ਸੋਲਜਰਜ਼ ਦਾ ਦਾਅਵਾ ਸਾਹਮਣੇ ਆਇਆ ਸੀ। ਹੁਣ ਪੂਰੀ ਟੈਕਸਟ ਵਿੱਚ 5,000 ਮੈਂਬਰਾਂ ਦਾ ਜ਼ਿਕਰ ਹੈ। ਚਿੱਠੀ 'ਤੇ "ਲਾਰੈਂਸ ਗੈਂਗ ਫਰਾਮ ਇੰਡੀਆ" ਲਿਖਿਆ ਹੋਇਆ ਹੈ ਅਤੇ ਇਸ ਵਿੱਚ ਗੋਲਡੀ ਬਰਾੜ ਦਾ ਵੀ ਨਾਮ ਆਉਂਦਾ ਹੈ। ਪੁਲਿਸ ਦਸਤਾਵੇਜ਼ਾਂ ਅਨੁਸਾਰ ਲਾਰੈਂਸ ਬਿਸ਼ਨੋਈ ਅਤੇ ਗੋਲਡੀ ਬਰਾੜ ਵਿਚਾਲੇ ਪਿਛਲੇ ਸਾਲ ਫੁੱਟ ਪੈ ਗਈ ਸੀ, ਪਰ ਐਕਸਟੋਰਸ਼ਨ ਦੀਆਂ ਧਮਕੀਆਂ ਵਿੱਚ ਦੋਵਾਂ ਦੇ ਨਾਮ ਵਰਤੇ ਜਾਂਦੇ ਰਹੇ ਹਨ। ਕੈਨੇਡਾ ਸਰਕਾਰ ਨੇ ਬਿਸ਼ਨੋਈ ਗੈਂਗ ਨੂੰ ਪਹਿਲਾਂ ਹੀ ਆਤੰਕੀ ਸੰਗਠਨ ਘੋਸ਼ਿਤ ਕਰ ਚੁੱਕੀ ਹੈ। ਦੱਖਣੀ ਏਸ਼ੀਆਈ ਭਾਈਚਾਰੇ, ਖਾਸ ਕਰਕੇ ਕਾਰੋਬਾਰੀਆਂ ਨੂੰ ਨਿਸ਼ਾਨਾ ਬਣਾਉਂਦੀਆਂ ਇਨ੍ਹਾਂ ਗਤੀਵਿਧੀਆਂ ਵਿੱਚ ਵਟਸਐਪ ਰਾਹੀਂ ਧਮਕੀਆਂ, ਘਰਾਂ ਅਤੇ ਕਾਰੋਬਾਰਾਂ 'ਤੇ ਗੋਲੀਬਾਰੀ ਅਤੇ ਅੱਗਜ਼ਨੀ ਸ਼ਾਮਲ ਰਹੀ ਹੈ। ਪੁਲਿਸ ਇਨ੍ਹਾਂ ਮਾਮਲਿਆਂ ਵਿੱਚ ਕਈ ਸੰਦਿਗਧਾਂ ਨੂੰ ਡਿਪੋਰਟ ਕਰ ਚੁੱਕੀ ਹੈ ਅਤੇ ਖੋਜ ਜਾਰੀ ਹੈ।

### ਨਿਰਪੱਖਤਾ ਅਤੇ ਬੇਬਾਕੀ ਦੀ ਨੀਂਹ

# 'ਆਵਾਜ਼ਿ ਕੌਮ' ਯੂ. ਕੇ.' ਨਾਲ ਸਾਢੇ ਛੇ ਸਾਲਾਂ ਦਾ ਅਟੁੱਟ ਭਰੋਸੇਯੋਗ ਰਿਸ਼ਤਾ

**ਜ਼ੀਰਕਪੁਰ, 17 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਇੱਕ ਵਿਅਕਤੀ ਦੇ ਕਿਰਦਾਰ, ਨੀਅਤ ਅਤੇ ਸੋਚ ਦੀ ਅਸਲ ਪਰਖ ਇਸ ਗੱਲ ਤੋਂ ਹੁੰਦੀ ਹੈ ਕਿ ਉਹ ਆਪਣੇ ਸੱਚੇ ਸਾਥੀਆਂ ਅਤੇ ਅਦਾਰਿਆਂ ਨਾਲ ਕਿੰਨਾ ਪੁਰਾਣਾ ਤੇ ਪੱਕਾ ਜੁੜਿਆ ਹੋਇਆ ਹੈ। ਜ਼ਿੰਦਗੀ ਵਿੱਚ ਨਵੇਂ ਦੋਸਤ ਬਣਾਉਣਾ ਕੋਈ ਔਖਾ ਕੰਮ ਨਹੀਂ, ਪਰ ਬਚਪਨ ਦੇ ਚੁਣਵੇਂ ਅਤੇ ਗਿਣਵੇਂ 5-7 ਯਾਰਾਂ ਨਾਲ ਅੱਜ ਤੱਕ ਇੱਕੋ ਜਿਹਾ ਪ੍ਰੇਮ ਤੇ ਨਿਭਾਅ ਬਣਾ ਕੇ ਰੱਖਣਾ ਬਹੁਤ ਵੱਡੀ ਗੱਲ ਹੈ।ਇਹ ਅਨਮੋਲ ਸਾਂਝ ਸਪੱਸ਼ਟ ਦਰਸਾਉਂਦੀ ਹੈ ਕਿ ਦੋਹਾਂ ਪਾਸਿਆਂ ਤੋਂ ਰਿਸ਼ਤੇ ਨੂੰ ਪੂਰੀ ਇਮਾਨਦਾਰੀ, ਵਫ਼ਾਦਾਰੀ ਅਤੇ ਮਾਣ-ਸਤਿਕਾਰ ਨਾਲ ਨਿਭਾਇਆ ਜਾ ਰਿਹਾ ਹੈ।





ਇਹੀ ਇਮਾਨਦਾਰੀ, ਨਿਭਾਅ ਅਤੇ ਸੱਚਾਈ ਪੱਤਰਕਾਰੀ ਦੇ ਖੇਤਰ ਵਿੱਚ ਵੀ ਸਾਫ਼ ਨਜ਼ਰ ਆਉਂਦੀ ਹੈ। ਯੂ.ਕੇ. ("TM) ਦੀ ਧਰਤੀ ਤੋਂ ਪ੍ਰਕਾਸ਼ਿਤ ਹੁੰਦੇ 'ਆਵਾਜ਼ਿ ਕੌਮ' ਇੰਟਰਨੈਸ਼ਨਲ ਨਿਊਜ਼ਪੇਪਰ ਨਾਲ ਸਾਢੇ ਛੇ ਸਾਲਾਂ ਦਾ ਲੰਮਾ, ਪਰਿਵਾਰਕ ਅਤੇ ਪੂਰਨ ਭਰੋਸੇਯੋਗ ਰਿਸ਼ਤਾ ਕਾਇਮ ਹੈ। ਅੱਜ ਦੇ ਦੌਰ ਵਿੱਚ ਜਿੱਥੇ ਸਥਾਨਕ ਅਖ਼ਬਾਰਾਂ ਅਤੇ ਮੀਡੀਆ ਅਦਾਰੇ ਸਰਕਾਰੀ ਦਬਾਅ, ਰਾਜਨੀਤਕ ਪ੍ਰਭਾਵ ਅਤੇ ਹੋਰ ਹਿਤਾਂ ਹੇਠ ਆ ਕੇ ਕੰਮ ਕਰਨ ਲਈ ਮਜ਼ਬੂਰ ਹੋ ਜਾਂਦੇ ਹਨ, ਉੱਥੇ ਹੀ 'ਆਵਾਜ਼ਿ ਕੌਮ "TM ਬਿਨਾਂ ਕਿਸੇ ਦਬਾਅ, ਭੇਦਭਾਵ ਜਾਂ ਸੈਂਸਰਸ਼ਿਪ ਦੇ ਸੁਤੰਤਰਤਾ ਨਾਲ ਪੰਜਾਬ, ਪੰਜਾਬੀ ਭਾਈਚਾਰੇ ਅਤੇ ਸਿੱਖ ਕੌਮ ਦੀ ਆਵਾਜ਼ ਨੂੰ ਬੁਲੰਦ ਕਰ ਰਿਹਾ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਪੱਤਰਕਾਰ ਪਰਗਟ ਸਿੰਘ ਨੇ 'ਆਵਾਜ਼ਿ ਕੌਮ ਯੂ. ਕੇ. ਦੇ ਮੁੱਖ ਸੰਪਾਦਕ ਅਤੇ ਸਮੁੱਚੀ ਪ੍ਰਬੰਧਕੀ ਟੀਮ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ, "ਮੈਨੂੰ ਇਸ ਗੱਲ ਦਾ ਬਹੁਤ ਮਾਣ ਹੈ ਕਿ ਪਿਛਲੇ ਸਾਢੇ ਛੇ ਸਾਲਾਂ ਦੌਰਾਨ ਮੇਰੇ ਵੱਲੋਂ ਭੇਜੀ ਗਈ ਹਰ ਲਿਖਤ, ਖ਼ਬਰ ਅਤੇ ਵਿਸ਼ਲੇਸ਼ਣ ਨੂੰ 'ਆਵਾਜ਼ਿ ਕੌਮ' ਦੀ ਟੀਮ ਨੇ ਬਿਨਾਂ ਕਿਸੇ ਕਾਂਟ-ਛਾਂਟ ਦੇ ਪੂਰੇ ਸਤਿਕਾਰ ਨਾਲ ਛਾਪਿਆ ਹੈ। ਵਿਦੇਸ਼ੀ ਧਰਤੀ ਤੋਂ ਜਾਰੀ ਹੋਣ ਕਰਕੇ ਇਹ ਅਦਾਰਾ ਕਿਸੇ ਵੀ ਸਰਕਾਰੀ ਅਧੀਨਗੀ ਜਾਂ ਸਿਆਸੀ ਪ੍ਰੈਸ਼ਰ ਤੋਂ ਪੂਰੀ ਤਰ੍ਹਾਂ ਮੁਕਤ ਹੈ।" ਉਨ੍ਹਾਂ ਅੱਗੇ ਕਿਹਾ ਕਿ 'ਆਵਾਜ਼ਿ ਕੌਮ ਯੂ. ਕੇ. ਹੱਕ, ਸੱਚ, ਇਨਸਾਫ਼ ਅਤੇ ਸਿੱਖ ਕੌਮ ਦੀ ਸੁਤੰਤਰ ਆਵਾਜ਼ ਬਣ ਕੇ ਉੱਭਰਿਆ ਹੈ, ਜੋ ਕਿ ਅੱਜ ਦੀ ਪੱਤਰਕਾਰੀ ਲਈ ਇੱਕ ਵੱਡੀ ਮਿਸਾਲ ਹੈ। ਇਸ ਅਦਾਰੇ ਦੇ ਹੱਕ ਵਿੱਚ ਬੁਲੰਦ ਆਵਾਜ਼ ਚੁੱਕਣਾ, ਇਸ ਨਾਲ ਖੜ੍ਹਨਾ ਅਤੇ ਇਸ ਰਿਸ਼ਤੇ ਨੂੰ ਹੋਰ ਮਜ਼ਬੂਤ ਕਰਨਾ ਸਾਡਾ ਸਾਰਿਆਂ ਦਾ ਨੈਤਿਕ ਫ਼ਰਜ਼ ਹੈ। ਅਖ਼ੀਰ ਵਿੱਚ ਉਨ੍ਹਾਂ ਨੇ ਆਵਾਜ਼ਿ ਕੌਮ ਯੂ. ਕੇ. ਦੀ ਸਮੁੱਚੀ ਟੀਮ ਦੀ ਲੰਮੀ ਉਮਰ, ਚੜ੍ਹਦੀ ਕਲਾ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਨਿਰਪੱਖ ਪੱਤਰਕਾਰੀ ਜਾਰੀ ਰੱਖਣ ਲਈ ਸ਼ੁਭਕਾਮਨਾਵਾਂ ਦਿੱਤੀਆਂ।

**ਕਿਰਦਾਰ ਦੀ ਅਸਲ ਪਰਖ: ਨਿਭਾਅ ਵਾਲੀ ਦੋਸਤੀ ਅਤੇ ਪੁਰਾਣੇ ਯਾਰਾਂ ਦੀ ਅਨਮੋਲ ਸਾਂਝ**

# ਵਿਆਹ ਪੁਰਬ ਤੇ ਸੰਗਤਾਂ ਸਾਫ਼ ਸਫ਼ਾਈ ਦਾ ਖਾਸ ਧਿਆਨ ਰੱਖਣ -ਐਡਵੋਕੇਟ ਸੁਖਬੀਰ ਸਿੰਘ ਪੰਨਵਾਂ



**ਬਟਾਲਾ, 17 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦਾ ਵਿਆਹ 18 ਸਤੰਬਰ ਨੂੰ ਸ਼ਰਧਾ ਤੇ ਧਾਰਮਿਕ ਭਾਵਨਾਵਾਂ ਨਾਲ ਮਨਾਇਆ ਜਾ ਰਿਹਾ ਹੈ। ਇਸ ਪਵਿੱਤਰ ਦਿਨ ਤੇ ਸੰਗਤਾਂ ਵੱਲੋਂ ਲੰਗਰਾਂ ਦੀ ਸੇਵਾ ਕੀਤੀ ਜਾਂਦੀ ਹੈ ਇਸ ਦੌਰਾਨ ਲੰਗਰਾਂ ਦੀ ਰਹਿੰਦ-ਖੂੰਹਦ ਤੇ ਡਿਸਪੋਜਲ ਥਾਂ ਥਾਂ ਖਿਲਾਰੇ ਜਾਂਦੇ ਹਨ। ਵਿਆਹ ਪੁਰਬ ਉੱਤੇ ਸਫਾਈ ਕਾਰਜਾਂ ਦੀ ਸੇਵਾ ਪਿਛਲੇ ਤਿੰਨ ਸਾਲਾਂ ਤੋਂ ਨਿਭਾਅ ਰਹੇ ਅਤੇ ਐਡਵੋਕੇਟ ਸੁਖਬੀਰ ਸਿੰਘ ਪੰਨਵਾਂ ਅਤੇ ਬਲਦੇਵ ਸਿੰਘ ਐਸ ਈ ਵਿਆਹ ਪੁਰਬ ਤੇ ਆਉਣ ਵਾਲੀਆਂ ਸੰਗਤਾਂ ਅਤੇ ਲੰਗਰ ਲਗਾਉਣ ਵਾਲੀਆਂ ਸੰਸਥਾਵਾਂ, ਜਥੇਬੰਦੀਆਂ ਵਿਆਹ ਪੁਰਬ ਤੇ ਸਾਫ ਸਫਾਈ ਦਾ ਖਿਆਲ ਰੱਖਣ। ਇਸ ਸਬੰਧੀ ਉਹਨਾਂ ਨੇ ਉਹ ਵੱਧ ਤੋਂ ਵੱਧ ਜਥੇਬੰਦੀਆਂ ਅਤੇ ਸੱਜਣਾ ਮਿੱਤਰਾਂ ਨੂੰ 17 ਤਰੀਕ 1 ਵਜੇ ਸੁੱਖਾ ਸਿੰਘ ਮਹਿਤਾਬ ਸਿੰਘ ਪਾਰਕ ਪਹੁੰਚਣ ਦੀ ਵੀ ਅਪੀਲ ਕੀਤੀ ਜਿੱਥੋਂ ਸਫਾਈ ਮੁਹਿੰਮ ਹਰ ਸਾਲ ਦੀ ਤਰ੍ਹਾਂ ਸ਼ੁਰੂ ਹੋਣੀ ਹੈ। ਇਸੇ ਤਰ੍ਹਾਂ 18 ਤਰੀਕ ਨੂੰ ਵੀ ਸਾਰਾ ਦਿਨ ਸਫਾਈ ਮੁਹਿੰਮ ਜਾਰੀ ਰਹੇਗੀ ਵੱਧ ਤੋਂ ਵੱਧ ਵਲੰਟੀਅਰ ਸ਼ਾਮਲ ਹੋਣ ਲਈ ਬੇਨਤੀ ਕੀਤੀ ਗਈ।

### ਵੋਟਰਾਂ ਦਾ ਬਦਲਦਾ ਮਿਜ਼ਾਜ

# ਹੁਣੇ ਕੰਮ ਕਰੋ, ਕੱਲ੍ਹ ਤੱਕ ਨਤੀਜਾ ਦਿਓ, ਬਿਨਾਂ ਸਬਰ ਤੋਂ ਫ਼ੌਰੀ ਬਦਲਾਅ ਦੀ ਨਵੀਂ ਰਾਜਨੀਤੀ

ਵੋਟਰਾਂ ਦੀ ਕਾਹਲ ਅਤੇ ਅਧੂਰੀਆਂ ਆਸਾਂ

ਪੰਜਾਬ ਵਿੱਚ 'ਆਪ' ਲਈ ਮੁੜ ਸਰਕਾਰ ਬਣਾਉਣਾ ਕਿਉਂ ਬਣਿਆ ਔਖਾ ?

ਅੱਜ ਦਾ ਵੋਟਰ ਰਾਜਨੀਤਕ ਧਿਰਾਂ ਨੂੰ ਪਰਖਣ ਲਈ ਬਹੁਤਾ ਸਮਾਂ ਦੇਣ ਦੇ ਹੋੜ੍ਹ ਵਿੱਚ ਨਹੀਂ ਹੈ ।ਪਹਿਲਾਂ ਦੇ ਸਮਿਆਂ ਵਿੱਚ ਜਿੱਥੇ ਆਮ ਲੋਕ ਕਿਸੇ ਨਵੀਂ ਚੁਣੀ ਸਰਕਾਰ ਨੂੰ ਆਪਣੇ ਵਾਅਦੇ ਪੂਰੇ ਕਰਨ ਲਈ ਪੂਰੇ ਪੰਜ ਸਾਲ ਦਾ ਸਮਾਂ ਦਿੰਦੇ ਸਨ, ਉੱਥੇ ਹੀ ਹੁਣ ਵੋਟਰਾਂ ਵਿੱਚ ਸਬਰ ਅਤੇ ਟਿਕਾਅ ਦੀ ਘਾਟ ਸਾਫ਼ ਦਿਸਦੀ ਹੈ। ਅੱਜ ਦਾ ਨਾਗਰਿਕ ਮੰਗ ਕਰਦਾ ਹੈ ਕਿ ਜਿਸ ਪਾਰਟੀ ਨੂੰ ਅੱਜ ਵੋਟ ਪਾਈ ਹੈ, ਉਹ ਅੱਜ ਹੀ ਕੰਮ ਸ਼ੁਰੂ ਕਰੇ ਅਤੇ ਕੱਲ੍ਹ ਤੱਕ ਨਤੀਜੇ ਸਾਹਮਣੇ ਲਿਆਵੇ। ਜੇਕਰ ਸਰਕਾਰ ਤੁਰੰਤ ਸੁਧਾਰ ਦਿਖਾਉਣ ਵਿੱਚ ਨਾਕਾਮ ਰਹਿੰਦੀ ਹੈ, ਤਾਂ ਵੋਟਰ ਬਿਨਾਂ ਦੇਰੀ ਕੀਤੇ ਆਪਣਾ ਫ਼ੈਸਲਾ ਬਦਲਣ ਵਿੱਚ ਇੱਕ ਪਲ ਵੀ ਨਹੀਂ ਲਗਾਉਂਦਾ।

ਇਸ ਬਦਲਦੇ ਰਵੱਈਏ ਦੀ ਵੱਡੀ ਉਦਾਹਰਨ ਪੰਜਾਬ ਦੀ ਸੰਗਰੂਰ ਲੋਕ ਸਭਾ ਜ਼ਿਮਨੀ ਚੋਣ ਵਿੱਚ ਦੇਖਣ ਨੂੰ ਮਿਲੀ ਸੀ। ਮਾਰਚ 2022 ਵਿੱਚ ਆਮ ਆਦਮੀ ਪਾਰਟੀ ਨੇ ਪੰਜਾਬ ਵਿੱਚ 92 ਸੀਟਾਂ ਜਿੱਤ ਕੇ ਵੱਡਾ ਬਹੁਮਤ ਹਾਸਲ ਕੀਤਾ ਅਤੇ ਭਗਵੰਤ ਮਾਨ ਨੇ ਮੁੱਖ ਮੰਤਰੀ ਬਣਨ ਤੋਂ ਬਾਅਦ ਆਪਣੀ ਸੰਗਰੂਰ ਐੱਮ.ਪੀ. ਸੀਟ ਤੋਂ ਅਸਤੀਫ਼ਾ ਦੇ ਦਿੱਤਾ। ਪਰ ਮਹਿਜ਼ 3 ਮਹੀਨਿਆਂ ਬਾਅਦ ਜਦੋਂ ਉੱਥੇ ਜ਼ਿਮਨੀ ਚੋਣ ਹੋਈ, ਤਾਂ ਲੋਕਾਂ ਨੇ 'ਆਪ' ਉਮੀਦਵਾਰ ਨੂੰ ਹਰਾ ਕੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਸਿਮਰਨਜੀਤ ਸਿੰਘ ਮਾਨ ਨੂੰ ਜਿਤਾ ਦਿੱਤਾ। ਜਿਸ ਜਨਤਾ ਨੇ ਕੁਝ ਮਹੀਨੇ ਪਹਿਲਾਂ ਝੋਲੀਆਂ ਭਰ ਕੇ ਵੋਟਾਂ ਪਾਈਆਂ ਸਨ, ਉਸੇ ਵੋਟਰ ਨੇ ਸਰਕਾਰ ਦੇ ਸ਼ੁਰੂਆਤੀ ਮਹੀਨਿਆਂ ਤੋਂ ਅਸੰਤੁਸ਼ਟ ਹੋ ਕੇ ਬਿਨਾਂ ਇੰਤਜ਼ਾਰ ਕੀਤੇ ਆਪਣਾ ਫ਼ੈਸਲਾ ਬਦਲ ਲਿਆ।

ਵੋਟਰਾਂ ਦੀ ਇਸੇ ਕਾਹਲ ਅਤੇ ਤੁਰੰਤ ਨਤੀਜੇ ਮੰਗਣ ਦੀ ਆਦਤ ਕਾਰਨ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਦੂਜੀ ਵਾਰ ਵਾਪਸੀ 'ਤੇ ਵੱਡੇ ਸਵਾਲ ਖੜ੍ਹੇ ਹੋ ਰਹੇ ਹਨ। ਜਿਸ ਤਰ੍ਹਾਂ ਪੰਜਾਬ ਦੇ ਲੋਕਾਂ ਨੇ 2022 ਵਿੱਚ ਪੁਰਾਣੀਆਂ ਪਾਰਟੀਆਂ ਨੂੰ ਲਾਂਭੇ ਕਰਕੇ 'ਆਪ' ਨੂੰ ਮੌਕਾ ਦਿੱਤਾ ਸੀ, ਉਸੇ ਤਰ੍ਹਾਂ ਹੁਣ ਵੋਟਰਾਂ ਦਾ ਇੰਤਜ਼ਾਰ ਨਾ ਕਰਨ ਵਾਲਾ ਰਵੱਈਆ ਮੌਜੂਦਾ ਸਰਕਾਰ ਲਈ ਵੱਡੀ ਚੁਣੌਤੀ ਹੈ। ਜੇਕਰ ਜਨਤਾ ਨੂੰ ਲੱਗਦਾ ਹੈ ਕਿ ਉਨ੍ਹਾਂ ਦੀਆਂ ਮੁੱਖ ਮੰਗਾਂ ਅਤੇ ਵਾਅਦੇ ਤੁਰੰਤ ਪੂਰੇ ਨਹੀਂ ਹੋ ਰਹੇ, ਤਾਂ ਉਹ ਅਗਲੀ ਚੋਣ ਤੱਕ ਰੁਕਣ ਦੀ ਬਜਾਏ ਨਵੇਂ ਵਿਕਲਪਾਂ ਵੱਲ ਝੁਕਣਾ ਸ਼ੁਰੂ ਕਰ ਦਿੰਦੇ ਹਨ।

ਲੋਕਾਂ ਦੀ ਇਸ ਵੰਡਵੀਂ ਸੋਚ ਦਾ ਪ੍ਰਮਾਣਿਤ ਤੱਥ ਦਿੱਲੀ ਦੇ ਇਲੈਕਸ਼ਨ ਰਿਕਾਰਡ ਤੋਂ ਮਿਲਦਾ ਹੈ। ਦਿੱਲੀ ਦੇ ਵੋਟਰਾਂ ਨੇ 2015 ਅਤੇ 2020 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਭਾਰੀ ਬਹੁਮਤ ਦੇ ਕੇ ਮੁੱਖ ਮੰਤਰੀ ਅਤੇ ਐੱਮ.ਐੱਲ.ਏ. ਬਣਾਏ। ਪਰ ਦੂਜੇ ਪਾਸੇ, ਜਦੋਂ-ਜਦੋਂ ਲੋਕ ਸਭਾ ਚੋਣਾਂ (2014, 2019 ਅਤੇ 2024) ਆਈਆਂ, ਤਾਂ ਦਿੱਲੀ ਦੇ ਲੋਕਾਂ ਨੇ ਲਗਾਤਾਰ ਤਿੰਨ ਵਾਰ ਸਾਰੀਆਂ 7 ਦੀਆਂ 7 ਐੱਮ.ਪੀ. ਸੀਟਾਂ ਭਾਰਤੀ ਜਨਤਾ ਪਾਰਟੀ (ਭਾਜਪਾ) ਦੀ ਝੋਲੀ ਪਾਈਆਂ। ਲੋਕਾਂ ਨੇ ਸੂਬਾ ਚਲਾਉਣ ਲਈ 'ਆਪ' ਨੂੰ ਚੁਣਿਆ, ਪਰ ਕੇਂਦਰ ਦੀ ਰਾਜਨੀਤੀ ਲਈ ਭਾਜਪਾ ਦੇ ਐੱਮ.ਪੀ. ਬਣਾਏ। ਇਹ ਤੱਥ ਸਾਬਤ ਕਰਦੇ ਹਨ ਕਿ ਅੱਜ ਦਾ ਵੋਟਰ ਕਿਸੇ ਵੀ ਪਾਰਟੀ ਨਾਲ ਪੱਕਾ ਗੱਠਜੋੜ ਨਹੀਂ ਬਣਾਉਂਦਾ, ਬਲਕਿ ਹਰ ਮੌਕੇ 'ਤੇ ਆਪਣੀ ਲੋੜ ਮੁਤਾਬਕ ਵੱਖਰਾ ਫ਼ੈਸਲਾ ਲੈਂਦਾ ਹੈ।

ਕਾਨੂੰਨੀ ਅਤੇ ਸੰਵਿਧਾਨਕ ਪਹਿਲੂ ਤੋਂ ਦੇਖਿਆ ਜਾਵੇ ਤਾਂ ਹਰ ਨਾਗਰਿਕ ਕੋਲ ਗੁਪਤ ਮਤਦਾਨ ਰਾਹੀਂ ਆਪਣੀ ਮਰਜ਼ੀ ਨਾਲ ਵੋਟ ਪਾਉਣ ਦਾ ਸੰਵਿਧਾਨਕ ਅਧਿਕਾਰ ਹੈ। ਚੁਣੀ ਹੋਈ ਸਰਕਾਰ ਕੋਲ ਪੰਜ ਸਾਲ ਦਾ ਸੰਵਿਧਾਨਕ ਕਾਰਜਕਾਲ ਹੁੰਦਾ ਹੈ, ਪਰ ਵੋਟਰ ਦਾ ਵਿਸ਼ਵਾਸ ਬਣਾਈ ਰੱਖਣਾ ਕਾਨੂੰਨੀ ਬਚਨ ਬੰਦਿਸ਼ ਨਹੀਂ ਬਲਕਿ ਸਿਆਸੀ ਜਵਾਬਦੇਹੀ ਹੁੰਦੀ ਹੈ। ਜੇਕਰ ਸਰਕਾਰਾਂ ਆਪਣੇ ਵਾਅਦਿਆਂ ਅਤੇ ਕਾਨੂੰਨੀ ਜ਼ਿੰਮੇਵਾਰੀਆਂ 'ਤੇ ਫ਼ੌਰੀ ਅਮਲ ਨਹੀਂ ਕਰਦੀਆਂ, ਤਾਂ ਵੋਟਰਾਂ ਕੋਲ ਅਗਲੀ ਚੋਣ ਵਿੱਚ ਆਪਣਾ ਜਨਾਦੇਸ਼ ਬਦਲਣ ਦਾ ਪੂਰਾ ਸੰਵਿਧਾਨਕ ਹੱਕ ਸੁਰੱਖਿਅਤ ਹੈ।

**-ਪਰਗਟ ਸਿੰਘ ਬਲਬੇੜਾ, 9022000070**

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੀ ਹਰ ਪਾਸੇ ਹੋ ਰਹੀ ਹੈ ਸਲਾਘਾ ਰਜਿੰਦਰ ਸਿੰਘ ਧੀਮਾਨ



**ਧੂਰੀ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਚਲਾਈ ਜਾ ਰਹੀ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਧੂਰੀ ਤੋਂ ਸ੍ਰੀ ਖਾਟੂ ਸ਼ਿਆਮ-ਸਾਲਾਸਰ ਬਾਲਾਜੀ, ਹਰਿਦੁਆਰ-ਰਿਸ਼ੀਕੇਸ਼ ਅਤੇ ਮਥੁਰਾ-ਵ੍ਰਿੰਦਾਵਨ ਦੇ ਪਵਿੱਤਰ ਧਾਮਾਂ ਦੇ ਦਰਸ਼ਨ ਕਰਵਾਉਣ ਲਈ ਲੈ ਕੇ ਜਾਣਗੀਆਂ। ਮਾਨ ਸਰਕਾਰ ਦਾ ਇਹ ਫੈਸਲਾ ਬਹੁਤ ਹੀ ਸਲਾਘਾਯੋਗ ਫੈਸਲਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਰਜਿੰਦਰ ਸਿੰਘ ਧੀਮਾਨ ਬਲਾਕ ਪ੍ਰਧਾਨ ਬਿਸੀ ਵਿੰਗ ਨੇ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਹਰ ਵਰਗ ਦੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦਿਆਂ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਦਾ ਵਿਸਥਾਰ ਕੀਤਾ ਗਿਆ ਹੈ।ਇਸ ਯੋਜਨਾ ਤਹਿਤ ਸ਼ਰਧਾਲੂਆਂ ਨੂੰ ਵੱਖ-ਵੱਖ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ ਤਾਂ ਜੋ ਉਹ ਬਿਨਾਂ ਕਿਸੇ ਵਿੱਤੀ ਬੋਝ ਦੇ ਆਪਣੀ ਤੀਰਥ ਯਾਤਰਾ ਦੀ ਇੱਛਾ ਪੂਰੀ ਕਰ ਸਕਣ। ਉਨ੍ਹਾਂ ਕਿਹਾ ਕਿ ਯੋਜਨਾ ਤਹਿਤ 50 ਸਾਲ ਅਤੇ ਇਸ ਤੋਂ ਵੱਧ ਉਮਰ ਦੇ ਸ਼ਰਧਾਲੂ ਯਾਤਰਾ ਕਰ ਸਕਦੇ ਹਨ।ਪੰਜਾਬ ਸਰਕਾਰ ਵੱਲੋਂ ਸ਼ਰਧਾਲੂਆਂ ਲਈ ਏ.ਸੀ. ਸਲੀਪਰ ਬੱਸ ਯਾਤਰਾ ਦੇ ਨਾਲ-ਨਾਲ ਰਹਿਣ ਅਤੇ ਖਾਣ-ਪੀਣ ਦਾ ਪ੍ਰਬੰਧ ਵੀ ਮੁਫ਼ਤ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਯਾਤਰਾ ਦੌਰਾਨ ਸ਼ਰਧਾਲੂਆਂ ਦੀ ਸਹੂਲਤ ਅਤੇ ਸੁਰੱਖਿਆ ਲਈ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਯੋਜਨਾ ਦੇ ਪਹਿਲੇ ਪੜਾਅ ਤਹਿਤ ਹੁਣ ਤੱਕ ਕਰੀਬ 4 ਲੱਖ ਸ਼ਰਧਾਲੂ ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਸ੍ਰੀ ਅਨੰਦਪੁਰ ਸਾਹਿਬ-ਨੈਣਾ ਦੇਵੀ ਸਮੇਤ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰ ਚੁੱਕੇ ਹਨ।

ਆਵਾਜ਼ਿ ਕੌਮ AWAZE QAUM

ਈ ਦੀਵਾਨ ਸੋਸਾਇਟੀ ਕੈਲਗਰੀ ਵੱਲੋਂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ

# ਸਰਬ ਸਾਂਝਾ ਗਿਆਨ ਦਾ ਨੂਰ ਬਾਣੀ

ਕੈਲਗਰੀ (12-9-26) ਈ ਦੀਵਾਨ ਸੋਸਾਇਟੀ ਕੈਲਗਰੀ ਵੱਲੋਂ, ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ, ਇੰਟਰਨੈਸ਼ਨਲ ਆਨਲਾਈਨ ਕਵੀ ਦਰਬਾਰ ਕਰਵਾਇਆ ਗਿਆ। ਜਿਸ ਵਿੱਚ ਦੇਸ਼ ਵਿਦੇਸ਼ ਤੋਂ ਪੰਥਕ ਕਵੀਆਂ ਨੇ ਹਿੱਸਾ ਲਿਆ। ਇਹ ਸੋਸਾਇਟੀ ਦਸ਼ਮੇਸ਼ ਪਿਤਾ ਦੀ ਚਲਾਈ ਹੋਈ ਪਰੰਪਰਾ ਨੂੰ ਸੁਰਜੀਤ ਰੱਖਣ ਲਈ ਨਿਰੰਤਰ ਯਤਨਸ਼ੀਲ ਹੈ। ਸੋਸਾਇਟੀ ਵਿੱਚ ਕਵੀ ਦਰਬਾਰ ਆਰੰਭ ਕਰਨ ਲਈ, ਬਾਨੀ ਡਾਕਟਰ ਸੁਰਜੀਤ ਸਿੰਘ ਭੱਟੀ ਜੀ ਨੂੰ ਵੀ ਯਾਦ ਕੀਤਾ ਗਿਆ। ਸੰਸਥਾਪਕ ਜਗਬੀਰ ਸਿੰਘ ਨੇ ਕਵੀਆਂ ਨੂੰ ਜੀ ਆਇਆਂ ਕਿਹਾ ਅਤੇ ਡਾਕਟਰ ਬਲਰਾਜ ਸਿੰਘ ਨੇ, ਵਿਸ਼ੇ ਦੀ ਜਾਣਕਾਰੀ ਦਿੰਦਿਆਂ ਹੋਇਆਂ, ਸ਼ਬਦ ਗਾਇਨ ਕਰਨ ਦੀ ਬੇਨਤੀ ਕੀਤੀ। ਅਮਿਤੋਜ ਕੌਰ, ਅਨੁਰੀਤ ਕੌਰ ਟੋਰੰਟੋ, ਅਤੇ ਬ੍ਰਿਜਮਿੰਦਰ ਕੌਰ ਜੈਪੁਰ ਨੇ ਵਾਰੀ ਵਾਰੀ ਸ਼ਬਦ ਗਾਇਨ ਕਰਕੇ ਪ੍ਰੋਗਰਾਮ ਦੀ ਆਰੰਭਤਾ ਕੀਤੀ। ਕਵੀ ਦਰਬਾਰ ਦਾ ਆਗਾਜ਼, ਪਰਨੀਤ ਕੌਰ, ਸਿਮਰਲੀਨ ਕੌਰ ਅਤੇ ਪਰਮਜੀਤ ਸਿੰਘ ਟੋਰੰਟੋ ਨੇ, ਗੁਰਦੀਸ਼ ਕੌਰ ਗਰੇਵਾਲ ਦਾ ਲਿਖਿਆ ਹੋਇਆ ਗੀਤ, 'ਬਾਣੀ ਜਨਮ ਸਵਾਰੇ' ਸਾਜ਼ਾਂ ਨਾਲ ਗਾ ਕੇ, ਸੁਰਮਈ ਮਾਹੌਲ ਸਿਰਜ ਕੇ ਕੀਤਾ। ਸ਼੍ਰੋਮਣੀ ਕਵੀ ਕਰਮਜੀਤ ਸਿੰਘ ਨੂਰ ਜਲੰਧਰ ਨੇ 'ਮੈਂ ਤਾਂ ਕਹਿੰਨਾ ਇਹ ਗੁਰੂ ਦੀ ਆਤਮਾ ਹੈ' ਭਾਵਪੂਰਤ ਕਵਿਤਾ ਸੁਣਾ ਕੇ, ਵਾਹ ਵਾਹ ਖੱਟੀ। ਮਹਾਨ ਪੰਥਕ ਸ਼ਾਇਰ ਹਰੀ ਸਿੰਘ ਜਾਚਕ ਲੁਧਿਆਣਾ ਨੇ, ਆਪਣੇ ਅੰਦਾਜ਼ ਵਿੱਚ, ਬੈਂਤ ਛੰਦ ਵਿੱਚ ਕਵਿਤਾ ਸੁਣਾ ਕੇ, ਪੰਚਮ ਪਾਤਸ਼ਾਹ ਦੇ ਮਹਾਨ ਕਾਰਜ ਨੂੰ ਸਿਜਦਾ ਕੀਤਾ। ਪੰਥਕ ਕਵੀ ਨਿਰਵੈਰ ਸਿੰਘ ਅਰਸ਼ੀ ਆਨੰਦਪੁਰ ਨੇ ਆਪਣੀ ਕਵਿਤਾ ਵਿੱਚ ਅੰਮ੍ਰਿਤਮਈ ਬਾਣੀ ਦੀ ਮਹਿਮਾ ਦਾ ਵਰਨਣ ਕੀਤਾ। ਉੱਤਰਾਖੰਡ ਤੋਂ ਆਈ ਸਰਬਜੀਤ ਕੌਰ ਸਰਬ ਨੇ 'ਸਰਬ ਸਾਂਝਾ ਗਿਆਨ ਦਾ ਨੂਰ ਬਾਣੀ' ਤਰਹ ਮਿਸਰਾ ਤੇ ਬੈਂਤ ਛੰਦ ਵਿੱਚ ਲਿਖੀ ਹੋਈ ਕਵਿਤਾ ਦੀ ਸੰਗਤ ਨਾਲ ਸਾਂਝ ਪਾਈ। ਸ਼ਾਇਰਾ ਸੁੰਦਰਪਾਲ ਕੌਰ ਰਾਜਾਸਾਂਸੀ ਟੋਰੰਟੋ ਨੇ ਆਪਣੀ ਕੋਰੜਾ ਛੰਦ ਵਿੱਚ ਲਿਖੀ ਹੋਈ ਰਚਨਾ ਤਰੰਨਮ ਵਿੱਚ ਸੁਣਾਈ। ਬਲਕਾਰ ਸਿੰਘ ਬੱਲ ਇਟਲੀ ਨੇ 'ਨੰਗੇ ਪੈਰੀ ਸਤਿਗੁਰ ਮੇਰੇ ਚੌਰ ਕਰਨ ਗੁਰਬਾਣੀ ਨੂੰ' ਗੀਤ ਬੁਲੰਦ ਆਵਾਜ਼ ਵਿੱਚ ਗਾਇਆ। ਮੌਂਟ੍ਰੀਆਲ ਤੋਂ ਆਏ ਪ੍ਰਸਿੱਧ ਪੇਂਟਰ ਅਤੇ ਸ਼ਾਇਰ ਮਨਜੀਤ ਸਿੰਘ ਚਾਤ੍ਰਿਕ ਨੇ 'ਲਾਲ ਜਵੇਹਰ ਮਾਣਕ ਮੋਤੀ, ਹਰ ਅੱਖਰ ਵਿੱਚ ਪਾਏ ਰਾਮ', ਆਪਣੇ ਨਿਵੇਕਲੇ ਅੰਦਾਜ਼ ਵਿੱਚ ਸਾਂਝੀ ਕੀਤੀ। ਗੁਰਚਰਨ ਸਿੰਘ ਹੇਹਰ ਕੈਲਗਰੀ ਨੇ 'ਸ਼ਬਦ ਵਿਛੋੜਾ ਅਸੀਂ ਪਲ ਨਾ ਸਹਾਰਦੇ' ਗੀਤ ਤਰੰਨਮ ਵਿੱਚ ਗਾ ਕੇ, ਸ਼ਬਦ ਗੁਰੂ ਨਾਲ ਪਿਆਰ ਦਾ ਇਜ਼ਹਾਰ ਕੀਤਾ। ਸੁਖਮੰਦਰ ਸਿੰਘ ਗਿੱਲ ਕੈਲਗਰੀ ਨੇ ਆਪਣਾ ਲਿਖਿਆ ਗੀਤ, 'ਗੁਰੂ ਗ੍ਰੰਥ ਸਾਹਿਬ ਜੀ ਮਹਾਨ ਹੈ ਮਹਾਨ ਹੈ' ਹਾਰਮੋਨੀਅਮ ਤੇ ਗਾ ਕੇ ਵਾਤਾਵਰਣ ਸਿਰਜ ਦਿੱਤਾ। ਸੰਗਤ ਦੀ ਮੰਗ ਤੇ, ਗੁਰਦੀਸ਼ ਕੌਰ ਗਰੇਵਾਲ ਨੇ ਆਪਣੀ ਕਵਿਤਾ 'ਗੁਰੂ ਮਾਨਿਓ ਗ੍ਰੰਥ' ਕਬਿੱਤ ਛੰਦ ਵਿੱਚ ਸੁਣਾਈ। ਅੰਤ ਵਿੱਚ ਸੁਜਾਨ ਸਿੰਘ ਸੁਜਾਨ ਟੋਰੰਟੋ ਨੇ, ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਤੇ ਲਿਖੀ ਆਪਣੀ ਵਿਲੱਖਣ ਰਚਨਾ ਰਾਹੀਂ, ਇਸ ਵਿੱਚ ਆਏ ਰਾਗਾਂ ਅਤੇ ਬਾਣੀਕਾਰਾਂ ਦੇ ਸ਼ਬਦਾਂ ਦੀ ਪੂਰੀ ਗਿਣਤੀ ਪ੍ਰੋ ਕੇ, 1430 ਪੰਨਿਆਂ ਦੇ ਦਰਸ਼ਨ ਕਰਵਾ ਦਿੱਤੇ। ਜਦ ਕਿ ਪਲਵਿੰਦਰ ਸਿੰਘ ਰੰਧਾਵਾ ਸਰੀ ਬੀ ਸੀ, ਨੈੱਟ ਦੀ ਸਮੱਸਿਆ ਕਾਰਨ ਜੁਆਇਨ ਨਹੀਂ ਕਰ ਸਕੇ। ਸੰਗਤ ਨੇ ਜੈਕਾਰਿਆਂ ਨਾਲ ਕਵੀਆਂ ਦੀ ਹੌਸਲਾ ਅਫਜ਼ਾਈ ਕੀਤੀ। ਮੰਚ ਸੰਚਾਲਨ ਦੀ ਸੇਵਾ ਸੁਜਾਨ ਸਿੰਘ ਸੁਜਾਨ ਟੋਰੰਟੋ ਅਤੇ ਗੁਰਦੀਸ਼ ਕੌਰ ਗਰੇਵਾਲ ਨੇ ਸਾਂਝੇ ਤੌਰ ਤੇ ਨਿਭਾਈ। ਅੰਤ ਤੇ ਸੁਸਾਇਟੀ ਵੱਲੋਂ ਚਲਦੇ ਮਾਸਕ ਮੈਗਜੀਨ, 'ਸਾਂਝੀ ਵਿਰਾਸਤ' ਦੇ ਸੰਪਾਦਕ ਡਾਕਟਰ ਕਾਬਲ ਸਿੰਘ ਨੇ ਸੰਗਤ ਵੱਲੋਂ ਸਮੂਹ ਕਵੀਆਂ ਦਾ ਧੰਨਵਾਦ ਕੀਤਾ ਅਤੇ ਆਪਣੀਆਂ ਕਵਿਤਾਵਾਂ ਲਿਖਤੀ ਰੂਪ ਵਿੱਚ ਮੈਗਜ਼ੀਨ ਲਈ ਭੇਜਣ ਦੀ ਬੇਨਤੀ ਵੀ ਕੀਤੀ। ਸੋਸਾਇਟੀ ਦੀ ਮਰਿਆਦਾ ਅਨੁਸਾਰ, ਆਨੰਦ ਸਾਹਿਬ ਅਤੇ ਅਰਦਾਸ ਨਾਲ ਸਮਾਗਮ ਦੀ ਸਮਾਪਤੀ ਹੋਈ। ਢਾਈ ਘੰਟੇ ਚੱਲੇ ਇਸ ਸਮਾਗਮ ਦਾ, ਸਰੋਤਿਆਂ ਨੇ ਖ਼ੂਬ ਆਨੰਦ ਮਾਣਿਆ। ਵਧੇਰੇ ਜਾਣਕਾਰੀ ਲਈ ਗੁਰਦੀਸ਼ ਕੌਰ ਗਰੇਵਾਲ ਨਾਲ +1 403 404 1450 ਤੇ ਸੰਪਰਕ ਕੀਤਾ ਜਾ ਸਕਦਾ ਹੈ।




ਆਵਾਜ਼ਿ ਕੌਮ AWAZE QAUM International Newspaper & WEB TV

-ਗੁਰਦੀਸ਼ ਕੌਰ ਗਰੇਵਾਲ ਕੈਲਗਰੀ
+1 403 404 1450

## ਮਾਰਕੀਟ ਕਮੇਟੀ ਮਹਿਤਾ ਦੇ ਨਵ ਨਿਯੁਕਤ ਚੇਅਰਮੈਨ ਲਖਵਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੇ ਸੰਭਾਲਿਆ ਅਹੁਦਾ

### ਕਿਸਾਨਾਂ ਨੂੰ ਆਪਣੀ ਉਪਜ ਦੀ ਮੰਡੀਕਰਨ ਪ੍ਰਕਿਰਿਆ ਦੌਰਾਨ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ - ਕੈਬਨਿਟ ਮੰਤਰੀ ਈ.ਟੀ.ਓ.



ਚੌਕ ਮਹਿਤਾ, 16 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)- ਮਾਰਕੀਟ ਕਮੇਟੀ ਮਹਿਤਾ ਦੇ ਚੇਅਰਮੈਨ ਸ. ਲਖਵਿੰਦਰ ਸਿੰਘ ਉਸਮਾਂ ਨੇ ਅੱਜ ਕਰਵਾਏ ਗਏ ਤਾਜਪੋਸ਼ੀ ਸਮਾਗਮ ਦੌਰਾਨ ਅਹੁਦਾ ਸੰਭਾਲ ਲਿਆ ਹੈ। ਇਸ ਮੌਕੇ ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਅਤੇ ਨਵ ਨਿਯੁਕਤ ਚੇਅਰਮੈਨ ਨੂੰ ਅਹੁਦਾ ਸੰਭਾਲਣ 'ਤੇ ਵਧਾਈ ਦਿੱਤੀ। ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਕਿਸਾਨ, ਆੜ੍ਹਤੀਏ, ਇਲਾਕੇ ਦੇ ਹੋਰ ਮੁਹਤਬਰ ਵਿਅਕਤੀ ਅਤੇ ਆਮ ਆਦਮੀ ਪਾਰਟੀ ਦੇ ਵਲੰਟੀਅਰ ਵੀ ਹਾਜ਼ਰ ਸਨ। ਸਮਾਗਮ ਨੂੰ ਸੰਬੋਧਨ ਕਰਦਿਆਂ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਨਵ ਨਿਯੁਕਤ ਚੇਅਰਮੈਨ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਂਦਿਆਂ ਕਿਸਾਨਾਂ ਦੀ ਭਲਾਈ ਅਤੇ ਮਾਰਕੀਟ ਕਮੇਟੀ ਦੇ ਕੰਮਕਾਜ ਨੂੰ ਹੋਰ ਬਿਹਤਰ ਬਣਾਉਣ ਲਈ ਯਤਨਸ਼ੀਲ ਰਹਿਣਗੇ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਆਪਣੀ ਉਪਜ ਦੀ ਮੰਡੀਕਰਨ ਪ੍ਰਕਿਰਿਆ ਦੌਰਾਨ ਕਿਸੇ ਵੀ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ, ਇਸ ਲਈ ਹਰ ਸੰਭਵ ਉਪਰਾਲਾ ਕੀਤਾ ਜਾਵੇਗਾ। ਇਸ ਮੌਕੇ ਲੋਕ ਨਿਰਮਾਣ ਮੰਤਰੀ ਈ.ਟੀ.ਓ. ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਹਮੇਸ਼ਾ ਹੀ ਯੋਗ ਅਤੇ ਮਿਹਨਤੀ ਵਰਕਰਾਂ ਨੂੰ ਬਣਦਾ ਮਾਣ-

ਸਤਿਕਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਲਖਵਿੰਦਰ ਸਿੰਘ ਉਸਮਾਂ ਮਿਹਨਤੀ ਅਤੇ ਯੋਗ ਆਗੂ ਹਨ ਅਤੇ ਉਹ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਨਵ ਨਿਯੁਕਤ ਚੇਅਰਮੈਨ ਲਖਵਿੰਦਰ ਸਿੰਘ ਉਸਮਾਂ ਨੇ ਪੰਜਾਬ ਸਰਕਾਰ ਅਤੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਮਿਹਨਤ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਕਿਸਾਨਾਂ ਦੀ ਭਲਾਈ ਲਈ ਲਗਾਤਾਰ ਕੰਮ ਕਰਦੇ ਰਹਿਣਗੇ। ਇਸ ਮੌਕੇ ਸਾਬਕਾ ਚੇਅਰਮੈਨ ਗੁਰਵਿੰਦਰ ਸਿੰਘ ਸਿੰਘ ਰੰਧਾਵਾ ਖੱਬੇ ਰਾਜਪੂਤਾਂ, ਚੇਅਰਮੈਨ ਸੁੱਖ ਰੰਧਾਵਾ, ਪ੍ਰਧਾਨ ਸੁਖਦੇਵ ਸਿੰਘ ਬੁੱਟਰ, ਪ੍ਰਧਾਨ ਗੁਰਮੁੱਖ ਸਿੰਘ ਔਜਲਾ ਆੜ੍ਹਤੀਆ, ਬਲਾਕ ਪ੍ਰਧਾਨ ਤੇ ਜਿਲਾ ਪ੍ਰੀਸ਼ਦ ਮੈਂਬਰ ਜਰਮਨ ਉਦੋਂ ਨੰਗਲ, ਬਲਾਕ ਪ੍ਰਧਾਨ ਤੇ ਬਲਾਕ ਪ੍ਰਧਾਨ ਤੇ ਸਰਪੰਚ ਅਜੇ ਗਾਂਧੀ, ਬਲਾਕ ਪ੍ਰਧਾਨ ਗੁਰਜਿੰਦਰ ਸਿੰਘ ਘੁਹਾਟਵਿੰਡ, ਇਸਤਰੀ ਵਿੰਗ ਪ੍ਰਧਾਨ ਮਨਜਿੰਦਰ ਕੌਰ ਰੰਧਾਵਾ ਮਹਿਤਾ, ਯੂਥ ਵਿੰਗ ਬਲਾਕ ਪ੍ਰਧਾਨ ਤਰਲੋਚਨ ਸਿੰਘ ਖੱਬੇ ਰਾਜਪੂਤਾਂ, ਜਥੇ. ਹਰਜੀਤ ਸਿੰਘ ਮਹਿਤੀਆ ਬਲਾਕ ਸੰਮਤੀ ਮੈਂਬਰ, ਸਰਪੰਚ ਪਰਮਜੀਤ ਕੌਰ, ਕੰਵਲਜੀਤ ਸਿੰਘ ਸੋਨੀ ਸਰਪੰਚ, ਸਰਪੰਚ ਨਿਸ਼ਾਨ ਸਿੰਘ, ਸਰਪੰਚ ਪ੍ਰਗਟ ਸਿੰਘ ਬੁੱਟਰ, ਬਲਵਿੰਦਰ ਸਿੰਘ ਰਜਧਾਨ, ਬਲਜੀਤ ਸਿੰਘ ਚਾਹਲ ਬਲਾਕ ਸੰਮਤੀ ਮੈਂਬਰ ਤੇ (ਜਨਰਲ ਸੈਕਟਰੀ ਪੰਜਾਬ), ਹਲਕਾ ਕੋਆਰਡੀਨੇਟਰ ਜੁਗਰਾਜ ਸਿੰਘ ਵੜੈਚ, ਸਰਪੰਚ ਪ੍ਰਗਟ ਸਿੰਘ ਬੁੱਟਰ, ਪ੍ਰਧਾਨ ਹਰਜੀਤ ਸਿੰਘ ਖੱਬੇ ਰਾਜਪੂਤਾਂ, ਸਰਪੰਚ ਰਣਜੀਤ ਸਿੰਘ ਮਹਿਤਾ, ਦੀਆ ਸਿੰਘ ਮਹਿਤਾ, ਸਰਪੰਚ ਦੀਪੂ ਨੰਗਲ ਖੁਰਦ, ਪਰਗਟ ਸਿੰਘ ਪੰਚ, ਪਰਮਜੀਤ ਸਿੰਘ ਪੰਚ, ਰਸ਼ਪਾਲ ਸਿੰਘ ਨੂਰੀ ਪੰਚ, ਦਲਜੀਤ ਸਿੰਘ ਗਾਨੀ ਪੰਚ, ਰਾਜੂ ਪੰਚ, ਪੰਚ ਅਜੀਤ ਸਿੰਘ ਬੱਬੀ, ਚੀਨਾ ਸੰਧੂ ਮਹਿਤਾ ਆਦਿ ਪਾਰਟੀ ਦੇ ਅਹੁਦੇਦਾਰ, ਆੜ੍ਹਤੀਏ ਅਤੇ ਆਗੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਗ਼ਦਰੀ ਬਾਬਾ ਹਰਨਾਮ ਸਿੰਘ ਟੁੰਡੀਲਾਟ ਦੀ ਸੰਘਰਸ਼ਮਈ ਦਾਸਤਾਨ


## 18 ਸਤੰਬਰ ਨੂੰ ਬਰਸੀ 'ਤੇ ਵਿਸ਼ੇਸ਼



-ਭਗਵਾਨ ਸਿੰਘ ਜੌਹਲ
bhagwansinghjohal@gmail.com

**ਅਸੀਂ** ਸਾਰੇ ਇਸ ਗੱਲ ਤੋਂ ਭਲੀ ਭਾਂਤ ਜਾਣਦੇ ਹਾਂ ਕਿ ਦੇਸ਼ ਨੂੰ ਗੁਲਾਮੀ ਦੀਆਂ ਜੰਜੀਰਾਂ ਤੋਂ ਨਿਜਾਤ ਦਿਵਾਉਣ ਲਈ ਅਨੇਕਾਂ ਸਿੱਖ ਅਣਖੀ ਯੋਧਿਆਂ ਨੇ ਆਪਣੀ ਚੜ੍ਹਦੀ ਉਮਰ ਦੇ ਬੇਸ਼ਕੀਮਤੀ ਵਰ੍ਹੇ ਦੇਸ਼ ਅਤੇ ਵਿਦੇਸ਼ ਦੀਆਂ ਜੇਲ੍ਹਾਂ ਦੀਆਂ ਕਾਲ ਕੋਠੜੀਆਂ ਵਿੱਚ ਬਤੀਤ ਕੀਤੇ। ਅਜਿਹੇ ਸੂਰਬੀਰ ਯੋਧਿਆਂ ਵਿੱਚੋਂ ਪੰਜਾਬ ਦੀ ਧਰਤੀ ਦੇ ਮਹਾਨ ਸਪੁੱਤਰ ਬਾਬਾ ਹਰਨਾਮ ਸਿੰਘ ਟੁੰਡੀਲਾਟ ਨੂੰ ਅੱਜ ਵੀ ਬੜੇ ਸਤਿਕਾਰ ਨਾਲ ਯਾਦ ਕੀਤਾ ਜਾਂਦਾ ਹੈ। ਇਸ ਅਣਖੀਲੇ ਨੌਜਵਾਨ ਦਾ ਜਨਮ ਮਾਰਚ 1882 ਈ: ਵਿੱਚ ਪਿਤਾ ਸ। ਗੁਰਦਿੱਤ ਸਿੰਘ ਦੇ ਗ੍ਰਹਿ ਵਿਖੇ ਚੜ੍ਹਦੇ ਪੰਜਾਬ ਦੇ ਜ਼ਿਲ੍ਹਾ ਹੁਸ਼ਿਆਰਪੁਰ ਦੇ ਪਿੰਡ ਕੋਟਲਾ ਨੌਧ ਸਿੰਘ ਵਿਖੇ ਹੋਇਆ। ਪਿਤਾ ਜੀ ਕਿਸਾਨੀ ਦਾ ਧੰਦਾ ਕਰਦੇ ਸਨ। ਬਾਬਾ ਹਰਨਾਮ ਸਿੰਘ ਨੇ ਮੁੱਢਲੀ ਸਿੱਖਿਆ ਉਸ ਸਮੇਂ ਪਰੰਪਰਾ ਮੁਤਾਬਿਕ ਪਿੰਡ ਦੀ ਧਰਮਸ਼ਾਲਾ ਤੋਂ ਹੀ ਪ੍ਰਾਪਤ ਕੀਤੀ। ਜਵਾਨੀ ਵਿੱਚ ਪੈਰ ਧਰਦਿਆਂ ਹੀ ਭਾਰਤੀ ਫੌਜ ਵਿੱਚ ਭਰਤੀ ਹੋ ਗਏ। ਘਰ ਦੇ ਗੁਜ਼ਾਰੇ ਲਈ ਜਵਾਨਾਂ ਨੂੰ ਫੌਜ ਤੋਂ ਬਿਨਾਂ ਕੋਈ ਹੋਰ ਕੰਮਕਾਰ ਵੀ ਨਹੀਂ ਸੀ। ਥੋੜ੍ਹਾ ਸਮਾਂ ਫੌਜ ਦੀ ਨੌਕਰੀ ਵਿੱਚ ਸੇਵਾ ਨਿਭਾਉਣ ਤੋਂ ਪਿੱਛੋਂ ਆਪ 24 ਕੁ ਸਾਲ ਦੀ ਉਮਰ ਵਿੱਚ 12 ਜੁਲਾਈ 1906 ਈ: ਨੂੰ ਕੈਨੇਡਾ ਚਲੇ ਗਏ। ਤਿੰਨ ਕੁ ਸਾਲ ਕੈਨੇਡਾ ਵਿੱਚ ਸਖ਼ਤ ਮਿਹਨਤ ਕੀਤੀ। ਉਥੋਂ 1909 ਈ: ਵਿੱਚ ਅਮਰੀਕਾ ਦੇ ਸੂਬਾ ਕੈਲੇਫੋਰਨੀਆ ਚਲੇ ਗਏ। ਤਿੰਨ ਸਾਲ ਅਮਰੀਕਾ ਵਿੱਚ ਰਹਿੰਦਿਆਂ ਆਪਣੇ ਦੇਸ਼ ਵਾਸੀਆਂ ਦੀ ਤੰਗੀ-ਤੁਰਸ਼ੀ ਅਤੇ ਗੁਲਾਮੀ ਵਾਲੀ ਜ਼ਿੰਦਗੀ ਦੇ ਦਿਨਾਂ ਨੂੰ ਯਾਦ ਕਰਦਿਆਂ 1912 ਈ: ਵਿੱਚ ਦੇਸ਼-ਵਾਸੀਆਂ ਦੇ ਗਲੋਂ ਗੁਲਾਮੀ ਦੇ ਜੂਲੇ ਨੂੰ ਗਲੋਂ ਲਾਹੁਣ ਲਈ ਪੋਰਟਲੈਂਡ ਵਿੱਚ ਬਾਕੀ ਪ੍ਰਵਾਸੀ ਹਿੰਦੁਸਤਾਨੀਆਂ ਨਾਲ ਰਲ ਮਿਲ ਕੇ ਗ਼ਦਰ ਪਾਰਟੀ ਦੀ ਸਥਾਪਨਾ ਵਿੱਚ ਯੋਗਦਾਨ ਪਾਇਆ। ਇਹ ਫੈਸਲਾ ਇਨ੍ਹਾਂ ਦਾ ਹੀ ਸੀ ਕਿ ਗ਼ਦਰ ਨਾਂਅ ਦਾ ਹਫ਼ਤਾਵਾਰੀ ਅਖ਼ਬਾਰ ਉਰਦੂ, ਪੰਜਾਬੀ ਅਤੇ ਹਿੰਦੀ ਵਿੱਚ ਪ੍ਰਕਾਸ਼ਿਤ ਕੀਤਾ ਜਾਵੇ। ਗ਼ਦਰ ਅਖ਼ਬਾਰ ਦੇ ਸੰਪਾਦਕੀ ਬੋਰਡ ਨਾਲ ਸ। ਹਰਨਾਮ ਸਿੰਘ ਦਾ ਸਬੰਧ ਵੀ ਸੀ। ਇਨ੍ਹਾਂ ਸਰਗਰਮੀਆਂ ਅਧੀਨ ਜਦੋਂ 5 ਜੁਲਾਈ, 1914 ਈ: ਨੂੰ ਹਰਨਾਮ ਸਿੰਘ ਵਰਗਾ ਅਣਖੀਲਾ ਗੱਭਰੂ ਬੰਬ ਬਣਾ ਰਿਹਾ ਸੀ ਤਾਂ ਇਸ ਬੰਬ ਨੂੰ ਬਨਾਉਣ ਸਮੇਂ ਇਸ ਬੰਬ ਦੇ ਫਟਣ ਨਾਲ ਉਸ ਦਾ ਖੱਬਾ ਹੱਥ ਉੱਡ ਗਿਆ। ਇਸ ਜ਼ਖ਼ਮ ਦੇ ਕਾਰਨ ਹੀ ਉਸ ਦੀ ਖੱਬੀ ਬਾਂਹ ਗੁੱਟ ਦੇ ਉੱਪਰੋਂ ਕੱਟਣੀ ਪਈ। ਇਸ ਤੋਂ ਪਿੱਛੋਂ ਉਸ ਦੇ ਨਾਂਅ ਦੇ ਨਾਲ ਟੁੰਡੀਲਾਟ ਪਿਛੇਤਰ ਪੱਕੇ ਤੌਰ 'ਤੇ ਜੁੜ ਗਿਆ। ਅਸਲ ਵਿੱਚ ਟੁੰਡੀਲਾਟ ਪੰਜਾਬੀਆਂ ਦੇ ਜ਼ਿਹਨ ਵਿੱਚ ਗਵਰਨਰ ਜਨਰਲ ਸਰ ਹੈਨਰੀ ਹਾਰਡਿੰਗ ਜੋ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਸਿੱਖ ਰਾਜ ਪਿੱਛੋਂ (1844 ਤੋਂ 1848) ਪੰਜਾਬੀਆਂ ਨੂੰ ਦਿੱਤੇ ਤਸੀਹਿਆਂ ਕਾਰਨ ਜੁੜਿਆ ਹੋਇਆ ਸੀ, ਜਿਸ ਦਾ ਜ਼ਿਕਰ ਸ਼ਾਹ ਮੁਹੰਮਦ ਦੇ ਜੰਗਨਾਮੇ ਵਿੱਚ ਕੀਤਾ ਮਿਲਦਾ ਹੈ। ਇਸ ਗਵਰਨਰ ਜਰਨਲ ਦੀ ਬਾਂਹ ਨੈਪੋਲੀਅਨ ਨਾਲ ਯੁੱਧ ਸਮੇਂ ਕੱਟੀ ਗਈ ਸੀ, ਜਿਸ ਨੂੰ ਪੰਜਾਬੀ ਟੁੰਡੀਲਾਟ ਕਰਕੇ ਹੁਣ ਤੱਕ ਯਾਦ ਕਰਦੇ ਹਨ। 25 ਜੁਲਾਈ, 1914 ਨੂੰ ਜਦੋਂ ਪਹਿਲਾ ਸੰਸਾਰ ਯੁੱਧ ਆਰੰਭ ਹੋ ਗਿਆ, ਗ਼ਦਰ ਪਾਰਟੀ ਦੇ ਸਾਰੇ ਅਣਖੀ ਯੋਧਿਆਂ ਨੂੰ ਵਾਪਸ ਆਪਣੇ ਦੇਸ਼ ਹਿੰਦੁਸਤਾਨ ਪਹੁੰਚਣ ਲਈ ਹੁਕਮ ਜਾਰੀ ਹੋ ਗਏ। ਗ਼ਦਰੀ ਬਾਬਾ ਹਰਨਾਮ ਸਿੰਘ 24 ਦਸੰਬਰ, 1914 ਨੂੰ ਵਾਪਸ ਪੰਜਾਬ ਪਰਤ ਆਇਆ। ਇਨ੍ਹਾਂ ਪੰਜਾਬ ਪਹੁੰਚਦਿਆਂ ਹੀ ਰਮਤੇ ਸਾਧੂ ਦੇ ਰੂਪ ਵਿੱਚ ਹਰ ਪਿੰਡ ਅਤੇ ਸ਼ਹਿਰ ਵਿੱਚ ਗ਼ਦਰ ਪਾਰਟੀ ਦੇ ਪ੍ਰਚਾਰ ਲਈ ਅਲਖ ਜਗਾਈ। ਇਸ ਪ੍ਰਚਾਰ ਲਈ ਉਨ੍ਹਾਂ ਵਿਸ਼ੇਸ਼ ਕਰਕੇ ਦੁਆਬਾ ਖੇਤਰ ਦੇ ਲੋਕਾਂ ਨੂੰ ਜਾਗ੍ਰਿਤ ਕੀਤਾ। ਇਸ ਤੋਂ ਇਲਾਵਾ ਬਾਬਾ ਹਰਨਾਮ ਸਿੰਘ ਨੇ ਲਹਿੰਦੇ ਪੰਜਾਬ ਦੇ ਰਾਵਲਪਿੰਡੀ, ਨੌਸ਼ਹਿਰਾ, ਪਿਸ਼ਾਵਰ ਅਤੇ ਪੰਤੂ ਛਾਉਣੀਆਂ ਵਿੱਚ ਤਾਇਨਾਤ ਨੌਕਰੀ ਕਰ ਰਹੇ ਫੌਜੀਆਂ ਨਾਲ ਸੰਪਰਕ ਬਣਾ ਲਿਆ, ਤਾਂ ਜੋ ਬਗਾਵਤ ਦਾ ਝੰਡਾ ਬੁਲੰਦ ਕੀਤਾ ਜਾ ਸਕੇ। ਜਦੋਂ ਪੰਜਾਬ ਅਤੇ ਦੇਸ਼ ਦੀ ਅੰਗ੍ਰੇਜ਼ ਹਕੂਮਤ ਦੇ ਸੂਹੀਆ ਤੰਤਰ ਨੂੰ ਇਸ ਗੱਲ ਦੀ ਸੂਹ ਲੱਗੀ ਤਾਂ ਬਾਬਾ ਹਰਨਾਮ ਸਿੰਘ ਨੇ ਦੇਸ਼ ਦੀ ਸਰਹੱਦ ਨੂੰ ਟੱਪ ਕੇ ਅਫਗਾਨਿਸਤਾਨ ਵੱਲ ਜਾਣ ਵਿੱਚ ਸਫ਼ਲ ਹੋ ਗਿਆ। ਜਦੋਂ ਉਸ ਨੂੰ ਉਸ ਦੇਸ਼ ਵਿੱਚੋਂ ਕੋਈ ਸਹਾਇਤਾ ਆਦਿ ਦਾ ਹੁੰਗਾਰਾ ਨਾ ਮਿਲਿਆ ਤਾਂ ਆਪ 2 ਮਾਰਚ, 1915 ਈ: ਨੂੰ ਸ਼ਾਹਪੁਰ (ਸਰਗੋਧਾ) (ਲਹਿੰਦੇ ਪੰਜਾਬ) ਦੇ ਚੱਕ ਨੰਬਰ 5 ਵਿਖੇ ਕਿਸੇ ਜਾਣਕਾਰ ਦੇ ਘਰ ਵਿੱਚ ਕਿਸੇ ਹੋਰ ਗ਼ਦਰ ਪਾਰਟੀ ਦੇ ਸਰਗਰਮ ਸਾਥੀਆਂ ਨਾਲ ਠਹਿਰੇ ਹੋਏ ਸਨ ਤਾਂ ਸੂਹੀਏ ਤੰਤਰ ਦੀ ਖ਼ਬਰ ਨਾਲ ਸਾਰੇ ਸਾਥੀਆਂ ਸਮੇਤ ਬਾਬਾ ਹਰਨਾਮ ਸਿੰਘ ਫੜੇ ਗਏ। ਇਸ ਤੋਂ ਪਿੱਛੋਂ 13 ਦਸੰਬਰ, 1915 ਈ: ਲਾਹੌਰ ਸਾਜਿਸ਼ ਕੇਸ ਅਧੀਨ ਬਾਬਾ ਹਰਨਾਮ ਸਿੰਘ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਗਈ। ਬਾਬਾ ਹਰਨਾਮ ਸਿੰਘ ਬਾਕੀ ਸਾਥੀਆਂ ਸਮੇਤ ਲਗਪਗ 30 ਸਾਲ ਅੰਡੇਮਾਨ, ਮਦਰਾਸ, ਪੂਨਾ, ਮੁੰਬਈ, ਮਿੰਟਗੁਮਰੀ ਆਦਿ ਬਹੁਤ ਸਾਰੀਆਂ ਜੇਲ੍ਹਾਂ ਵਿੱਚ ਤੰਗੀਆਂ-ਤੁਰਸ਼ੀਆਂ ਤੇ ਤਸੀਹੇ ਕੱਟ ਕੇ ਦੇਸ਼ ਦੀ ਅਜ਼ਾਦੀ ਤੇ ਪੰਜਾਬ ਬਟਵਾਰੇ ਤੋਂ ਪਹਿਲਾਂ 1945 ਈ: ਨੂੰ ਜੇਲ੍ਹ ਤੋਂ ਬਾਹਰ ਆਏ। ਇਹ ਅਣਖੀ ਯੋਧਾ 80 ਸਾਲ ਦੀ ਉਮਰ ਭੋਗ ਕੇ 18 ਸਤੰਬਰ, 1962 ਈ: ਨੂੰ ਸਾਨੂੰ ਸਦੀਵੀ ਵਿਛੋੜਾ ਦੇ ਗਿਆ। ਅੱਜ ਜਦੋਂ ਮੁੜ ਪੰਜਾਬ ਆਪਣੀ ਹੋਂਦ ਲਈ ਤਰਲੋ ਮੱਛੀ ਹੋ ਰਿਹਾ ਹੈ, ਉਸ ਸਮੇਂ ਇਸ ਸਮੇਂ ਆਪਣੇ ਇਸ ਅਣਖੀਲੇ ਸੂਰਬੀਰ ਨੂੰ ਵੀ ਯਾਦ ਕਰ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV


ਗ਼ਦਰੀ ਬਾਬਾ ਹਰਨਾਮ ਸਿੰਘ ਟੁੰਡੀਲਾਟ

### ਸਰਨਾ ਨੇ ਕਾਲਕਾ ਨੂੰ ਦਿੱਤੀ ਦੋ-ਧਾਰੀ ਚੁਣੌਤੀ

# ਅਕਾਲ ਤਖ਼ਤ ਦੇ ਫ਼ੈਸਲੇ 'ਤੇ ਜਵਾਬ ਦਿਓ, ਪਿਛਲੇ 24 ਸਾਲਾਂ ਦਾ ਹਿਸਾਬ ਕਰੋ ਜਨਤਕ



**ਨਵੀਂ ਦਿੱਲੀ, 17 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਅਕਾਲੀ ਆਗੂ ਪਰਮਜੀਤ ਸਿੰਘ ਸਰਨਾ ਨੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੂੰ ਸਿੱਧੀ ਚੁਣੌਤੀ ਦਿੰਦਿਆਂ ਕਿਹਾ ਹੈ ਕਿ ਗੁਰਦੁਆਰਾ ਪ੍ਰਬੰਧਕ ਸੰਸਥਾ ਨੂੰ ਸਿੱਖ ਦੀ ਪਛਾਣ ਬਾਰੇ ਆਪਣੇ ਪੱਧਰ 'ਤੇ ਫ਼ੈਸਲਾ ਸੁਣਾਉਣ ਦਾ ਅਧਿਕਾਰ ਨਹੀਂ। ਸਰਨਾ ਨੇ ਕਿਹਾ ਕਿ 16 ਸਤੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵੱਲੋਂ ਐਸ.ਓ.ਆਈ. ਉਮੀਦਵਾਰ ਅਸ਼ਮੀਤ ਸਿੰਘ ਨੂੰ ਸਾਬਤ-ਸੂਰਤ ਹੋਣ ਦੀ ਲਿਖਤੀ ਪੁਸ਼ਟੀ ਕੀਤੇ ਜਾਣ ਨਾਲ ਕਾਲਕਾ ਪ੍ਰਸ਼ਾਸਨ ਵੱਲੋਂ ਉਸ ਨੂੰ ਪਤਿਤ ਕਰਾਰ ਦੇਣ ਦੀ ਕੋਸ਼ਿਸ਼ 'ਤੇ ਗੰਭੀਰ ਸਵਾਲ ਖੜ੍ਹੇ ਹੋ ਗਏ ਹਨ। ਸਰਨਾ ਨੇ ਦੋਸ਼ ਲਾਇਆ ਕਿ ਚੋਣੀ ਸਿਆਸਤ ਲਈ ਧਾਰਮਿਕ ਪਛਾਣ ਨੂੰ ਹਥਿਆਰ ਬਣਾਉਣਾ ਸਿੱਖ ਸੰਸਥਾਵਾਂ ਦੀ ਮਰਿਆਦਾ ਦੇ ਉਲਟ ਹੈ। ਉਨ੍ਹਾਂ ਕਿਹਾ ਕਿ ਡੀ.ਐਸ.ਜੀ.ਐਮ.ਸੀ. ਇੱਕ ਚੁਣੀ ਹੋਈ ਗੁਰਦੁਆਰਾ ਪ੍ਰਬੰਧਕ ਸੰਸਥਾ ਹੈ, ਕੋਈ ਸਮਾਨਾਂਤਰ ਅਕਾਲ ਤਖ਼ਤ ਸਾਹਿਬ ਨਹੀਂ। ਸਰਨਾ ਨੇ ਕਾਲਕਾ ਤੋਂ ਪੁੱਛਿਆ ਕਿ ਜਦੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵੱਲੋਂ ਅਸ਼ਮੀਤ ਸਿੰਘ ਦੀ ਸਿੱਖੀ ਸਥਿਤੀ ਸਪੱਸ਼ਟ ਕੀਤੀ ਜਾ ਚੁੱਕੀ ਹੈ ਤਾਂ ਫਿਰ ਉਨ੍ਹਾਂ ਦੀ ਪ੍ਰਸ਼ਾਸਨਿਕ ਟੀਮ ਨੇ ਕਿਸ ਅਧਿਕਾਰ ਨਾਲ ਉਸ ਨੂੰ ਪਤਿਤ ਕਰਾਰ ਦੇਣ ਦੀ ਕੋਸ਼ਿਸ਼ ਕੀਤੀ? ਸਰਨਾ ਨੇ ਵਿੱਤੀ ਮਾਮਲਿਆਂ ਨੂੰ ਲੈ ਕੇ ਵੀ ਹਰਮੀਤ ਸਿੰਘ ਕਾਲਕਾ ਨੂੰ ਖੁੱਲ੍ਹੀ ਚੁਣੌਤੀ ਦਿੰਦਿਆਂ ਮੰਗ ਕੀਤੀ ਕਿ ਡੀ.ਐਸ.ਜੀ.ਐਮ.ਸੀ. ਵੱਲੋਂ ਕਰਵਾਈ ਗਈ ਡੈਲੋਇਟ ਆਡਿਟ ਰਿਪੋਰਟ ਤੁਰੰਤ ਸੰਗਤ ਦੇ ਸਾਹਮਣੇ ਜਨਤਕ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਪਿਛਲੀਆਂ ਸਰਨਾ ਪ੍ਰਬੰਧਕ ਕਮੇਟੀਆਂ ਜਾਂ ਪਰਮਜੀਤ ਸਿੰਘ ਸਰਨਾ ਅਤੇ ਹਰਵਿੰਦਰ ਸਿੰਘ ਸਰਨਾ ਦੇ ਕਾਰਜਕਾਲ ਬਾਰੇ ਕੋਈ ਵਿੱਤੀ ਗੜਬੜੀ ਦੇ ਸਬੂਤ ਹਨ ਤਾਂ ਉਹ ਰਿਪੋਰਟ ਸਮੇਤ ਸੰਗਤ ਅੱਗੇ ਰੱਖੇ ਜਾਣ। ਇਸ ਦੇ ਨਾਲ ਹੀ ਸਰਨਾ ਨੇ 2002 ਤੋਂ ਮੌਜੂਦਾ ਸਮੇਂ ਤੱਕ ਡੀ.ਐਸ.ਜੀ.ਐਮ.ਸੀ. ਦੇ ਪੂਰੇ ਵਿੱਤੀ ਪ੍ਰਬੰਧ ਦਾ ਨਵਾਂ ਅਤੇ ਸੁਤੰਤਰ ਆਡਿਟ ਕਿਸੇ ਕੌਮੀ ਜਾਂ ਕੌਮਾਂਤਰੀ ਪੱਧਰ ਦੀ ਪ੍ਰਸਿੱਧ ਫ਼ਰਮ ਤੋਂ ਕਰਵਾਉਣ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਜਾਂਚ ਵਿੱਚ ਸਕੂਲਾਂ, ਕਾਲਜਾਂ, ਹਸਪਤਾਲਾਂ, ਟਰੱਸਟਾਂ, ਜਾਇਦਾਦਾਂ, ਕਰਜ਼ਿਆਂ, ਦੇਣਦਾਰੀਆਂ, ਠੇਕਿਆਂ ਅਤੇ ਸਾਰੇ ਵੱਡੇ ਵਿੱਤੀ ਲੈਣ-ਦੇਣ ਨੂੰ ਸ਼ਾਮਲ ਕੀਤਾ ਜਾਵੇ ਅਤੇ ਪੂਰੀ ਰਿਪੋਰਟ ਸੰਗਤ ਸਾਹਮਣੇ ਰੱਖੀ ਜਾਵੇ। ਸਰਨਾ ਨੇ ਬਾਲਾ ਸਾਹਿਬ ਹਸਪਤਾਲ ਅਤੇ ਇਸ ਦੀ ਪਾਰਕਿੰਗ ਵੇਚੇ ਜਾਣ ਦੇ ਦੋਸ਼ਾਂ ਸਬੰਧੀ ਵੀ ਕਾਲਕਾ ਤੋਂ ਮਤੇ, ਵਿਕਰੀ ਦਸਤਾਵੇਜ਼ ਅਤੇ ਵਿੱਤੀ ਰਿਕਾਰਡ ਜਨਤਕ ਕਰਨ ਦੀ ਮੰਗ ਕੀਤੀ। ਇਸ ਦੇ ਨਾਲ ਹੀ ਉਨ੍ਹਾਂ ਡੀ.ਐਸ.ਜੀ.ਐਮ.ਸੀ. ਦਾ ਐਫ.ਸੀ.ਆਰ.ਏ. ਰਜਿਸਟ੍ਰੇਸ਼ਨ ਖ਼ਤਮ ਹੋਣ ਦੇ ਕਾਰਨਾਂ ਬਾਰੇ ਵੀ ਸਪੱਸ਼ਟ ਜਵਾਬ ਮੰਗਿਆ। ਸਰਨਾ ਨੇ ਕਿਹਾ ਕਿ "ਡੀ.ਐਸ.ਜੀ.ਐਮ.ਸੀ. ਅਤੇ ਇਸ ਦੀਆਂ ਸੰਸਥਾਵਾਂ ਕਿਸੇ ਸਿਆਸੀ ਧੜੇ ਦੀ ਨਹੀਂ, ਸਿੱਖ ਪੰਥ ਦੀਆਂ ਹਨ; ਹਿਸਾਬ-ਕਿਤਾਬ ਸੰਗਤ ਦੇ ਸਾਹਮਣੇ ਰੱਖਿਆ ਜਾਵੇ ਅਤੇ ਫ਼ੈਸਲਾ ਸਬੂਤਾਂ ਦੇ ਆਧਾਰ 'ਤੇ ਹੋਣ ਦਿੱਤਾ ਜਾਵੇ।"

ਆਵਾਜ਼ਿ ਕੌਮ AWAZE QAUM International Newspaper & WEB TV

### ਨਸ਼ਿਆਂ ਵਿਰੁੱਧ ਪੰਜਾਬ ਦੀ ਪੁਕਾਰ ਬਣਿਆ ਸ਼ੈਗੀ ਬੌਸ ਦਾ ਗੀਤ

# ਭਾਜਪਾ ਪੰਜਾਬ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਜਾਰੀ ਕੀਤਾ ਗੀਤ ਦਾ ਪੋਸਟਰ

**ਚੰਡੀਗੜ੍ਹ, 17 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਸਮਾਜ ਵਿੱਚ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਪੰਜਾਬੀ ਗੀਤਕਾਰ, ਗਾਇਕ ਤੇ ਫ਼ਿਲਮ ਮੇਕਰ ਸ਼ੈਗੀ ਬੌਸ ਵੱਲੋਂ ਤਿਆਰ ਕੀਤਾ ਗੀਤ "ਮੈਂ ਪੰਜਾਬ ਬੋਲ ਰਿਹਾ" ਭਾਜਪਾ ਦੀ ਨਸ਼ਾ ਮੁਕਤ ਪੰਜਾਬ ਯਾਤਰਾ ਨਾਲ ਜੁੜੀ ਇੱਕ ਪ੍ਰਭਾਵਸ਼ਾਲੀ ਸੱਭਿਆਚਾਰਕ ਆਵਾਜ਼ ਬਣ ਕੇ ਸਾਹਮਣੇ ਆਇਆ ਹੈ। ਅੱਜ ਚੰਡੀਗੜ੍ਹ ਵਿਖੇ ਭਾਜਪਾ ਪੰਜਾਬ ਦੇ ਪ੍ਰਧਾਨ ਸਰਦਾਰ ਕੇਵਲ ਸਿੰਘ ਢਿੱਲੋਂ ਨੇ ਇਸ ਦਾ ਪੋਸਟਰ ਜਾਰੀ ਕੀਤਾ। ਇਸ ਮੌਕੇ ਸ਼ੈਗੀ ਬੌਸ ਤੋਂ ਇਲਾਵਾ ਹੋਬੀ ਧਾਲੀਵਾਲ, ਜਤਿੰਦਰ ਸਿੰਘ ਸਰਾਂ, ਇੰਦਰ ਸੇਖੜੀ, ਰਣਜੀਤ ਸਿੰਘ ਗਿੱਲਗੋ ਅਤੇ ਪ੍ਰੋ. ਸਰਚਾਂਦ ਸਿੰਘ ਖਿਆਲਾ ਵੀ ਮੌਜੂਦ ਸਨ।



ਸਰਦਾਰ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ "ਮੈਂ ਪੰਜਾਬ ਬੋਲ ਰਿਹਾ" ਸਿਰਫ਼ ਇੱਕ ਗੀਤ ਨਹੀਂ, ਸਗੋਂ ਨਸ਼ਿਆਂ ਦੀ ਮਾਰ ਝੱਲ ਰਹੇ ਪੰਜਾਬ ਦੇ ਦਰਦ ਅਤੇ ਆਪਣੀ ਜਵਾਨੀ ਨੂੰ ਬਚਾਉਣ ਦੀ ਪੁਕਾਰ ਹੈ। "ਮੇਰੀ ਜਵਾਨੀ ਨੂੰ ਬਚਾ ਲਓ, ਮੈਂ ਪੰਜਾਬ ਬੋਲ ਰਿਹਾ" ਗੀਤ ਦਾ ਕੇਂਦਰੀ ਸੁਨੇਹਾ ਹੈ, ਜੋ ਨਸ਼ਿਆਂ ਕਾਰਨ ਪ੍ਰਭਾਵਿਤ ਪਰਿਵਾਰਾਂ ਅਤੇ ਪਿੰਡਾਂ ਦੇ ਦਰਦ ਨੂੰ ਭਾਵਨਾਤਮਕ ਢੰਗ ਨਾਲ ਪ੍ਰਗਟ ਕਰਦਾ ਹੈ।

ਉਨ੍ਹਾਂ ਕਿਹਾ ਕਿ "ਮਾਵਾਂ ਹੱਥ ਆਟੇ ਰਹਿ ਗਏ", "ਪਿੰਡਾਂ ਦੇ ਪਿੰਡ ਹੋ ਗਏ ਸੁੰਨੇ" ਅਤੇ "ਗੱਭਰੂ ਛੱਡ ਕੇ ਧੀਆਂ ਮਾਵਾਂ ਰੋਂਦੀਆਂ" ਵਰਗੀਆਂ ਸਤਰਾਂ ਨਸ਼ਿਆਂ ਦੇ ਸਮਾਜਕ ਅਤੇ ਪਰਿਵਾਰਕ ਪ੍ਰਭਾਵ ਨੂੰ ਉਜਾਗਰ ਕਰਦੀਆਂ ਹਨ। ਗੀਤ ਵਿੱਚ ਮਹਾਰਾਜਾ ਰਣਜੀਤ ਸਿੰਘ, ਜਨਰਲ ਹਰੀ ਸਿੰਘ ਨਲੂਆ, ਸ਼ਹੀਦ ਕਰਤਾਰ ਸਿੰਘ ਸਰਾਭਾ ਅਤੇ ਸ਼ਹੀਦ ਭਗਤ ਸਿੰਘ ਦਾ ਜ਼ਿਕਰ ਕਰਕੇ ਪੰਜਾਬ ਦੀ ਇਤਿਹਾਸਕ ਵਿਰਾਸਤ ਅਤੇ ਅੱਜ ਦੀ ਜਵਾਨੀ ਵਿਚਕਾਰ ਸੰਵਾਦ ਸਥਾਪਿਤ ਕੀਤਾ ਗਿਆ ਹੈ।

> **"ਮੈਂ ਪੰਜਾਬ ਬੋਲ ਰਿਹਾ" ਪੰਜਾਬ ਦੇ ਦਰਦ ਅਤੇ ਜਵਾਨੀ ਨੂੰ ਬਚਾਉਣ ਦੀ ਪੁਕਾਰ ਹੈ: ਕੇਵਲ ਸਿੰਘ ਢਿੱਲੋਂ**

ਸਰਦਾਰ ਢਿੱਲੋਂ ਨੇ ਕਿਹਾ ਕਿ ਪੰਜਾਬ ਦੀ ਪਛਾਣ ਨਸ਼ਿਆਂ ਨਾਲ ਨਹੀਂ, ਸਗੋਂ ਹਿੰਮਤ, ਕਿਰਦਾਰ, ਮਿਹਨਤ ਅਤੇ ਕੁਰਬਾਨੀ ਨਾਲ ਬਣੀ ਹੈ। ਨਸ਼ਾ ਮੁਕਤ ਪੰਜਾਬ ਦੀ ਲੜਾਈ ਸਿਰਫ਼ ਨਸ਼ਾ ਤਸਕਰਾਂ ਖ਼ਿਲਾਫ਼ ਕਾਰਵਾਈ ਤੱਕ ਸੀਮਿਤ ਨਹੀਂ, ਬਲਕਿ ਪਰਿਵਾਰ, ਸਮਾਜ, ਸਿੱਖਿਆ, ਰੋਜ਼ਗਾਰ, ਕਾਨੂੰਨ-ਵਿਵਸਥਾ ਅਤੇ ਨੌਜਵਾਨਾਂ ਦੇ ਭਵਿੱਖ ਨਾਲ ਜੁੜਿਆ ਵੱਡਾ ਸਮਾਜਕ ਮਸਲਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦੀ ਨਸ਼ਾ ਮੁਕਤ ਪੰਜਾਬ ਯਾਤਰਾ ਨੂੰ ਸਮਾਜ ਦੇ ਹਰ ਵਰਗ ਦੀ ਭਾਗੀਦਾਰੀ ਨਾਲ ਜਨ-ਜਾਗਰੂਕਤਾ ਦਾ ਮਾਧਿਅਮ ਬਣਾਉਣ ਦਾ ਯਤਨ ਕੀਤਾ ਜਾ ਰਿਹਾ ਹੈ। ਪੰਜਾਬੀ ਸੰਗੀਤ ਅਤੇ ਫ਼ਿਲਮ ਖੇਤਰ ਨਾਲ ਜੁੜੀਆਂ ਸ਼ਖ਼ਸੀਅਤਾਂ ਦੀ ਭਾਗੀਦਾਰੀ ਇਸ ਸੁਨੇਹੇ ਨੂੰ ਨੌਜਵਾਨਾਂ ਤੱਕ ਉਨ੍ਹਾਂ ਦੀ ਆਪਣੀ ਭਾਸ਼ਾ ਅਤੇ ਸੱਭਿਆਚਾਰਕ ਮਾਧਿਅਮ ਰਾਹੀਂ ਪਹੁੰਚਾਉਣ ਵਿੱਚ ਸਹਾਇਕ ਹੋ ਸਕਦੀ ਹੈ। ਸ਼ੈਗੀ ਬੌਸ ਦਾ ਧੰਨਵਾਦ ਕਰਦਿਆਂ ਸਰਦਾਰ ਢਿੱਲੋਂ ਨੇ ਕਿਹਾ, "ਸਾਡਾ ਸੰਕਲਪ ਹੈ ਕਿ ਪੰਜਾਬ ਦੀ ਜਵਾਨੀ ਨੂੰ ਨਸ਼ੇ ਨਹੀਂ, ਮੌਕੇ ਮਿਲਣ; ਪੰਜਾਬ ਛੱਡਣ ਦੀ ਮਜਬੂਰੀ ਨਹੀਂ, ਪੰਜਾਬ ਵਿੱਚ ਆਪਣਾ ਭਵਿੱਖ ਬਣਾਉਣ ਦਾ ਵਿਸ਼ਵਾਸ ਮਿਲੇ। 'ਮੈਂ ਪੰਜਾਬ ਬੋਲ ਰਿਹਾ' ਇਸੇ ਸੰਕਲਪ ਦੀ ਇੱਕ ਭਾਵਨਾਤਮਕ ਆਵਾਜ਼ ਹੈ।" ਭਾਜਪਾ ਦੀ ਨਸ਼ਾ ਮੁਕਤ ਪੰਜਾਬ ਯਾਤਰਾ ਨੂੰ ਪੰਜਾਬ ਦੀ ਕਲਾ, ਸੰਗੀਤ ਅਤੇ ਫ਼ਿਲਮ ਖੇਤਰ ਨਾਲ ਜੁੜੀਆਂ ਸ਼ਖ਼ਸੀਅਤਾਂ ਦਾ ਸਮਰਥਨ ਮਿਲਣਾ ਇਸ ਗੱਲ ਦਾ ਸੰਕੇਤ ਹੈ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਸਰਕਾਰ ਜਾਂ ਕਿਸੇ ਇੱਕ ਸੰਸਥਾ ਦੀ ਜ਼ਿੰਮੇਵਾਰੀ ਨਹੀਂ, ਸਗੋਂ ਸਮਾਜ ਦੇ ਹਰ ਵਰਗ ਦੀ ਸਾਂਝੀ ਜ਼ਿੰਮੇਵਾਰੀ ਹੈ।

"ਮੈਂ ਪੰਜਾਬ ਬੋਲ ਰਿਹਾ" ਇੱਕ ਮਨੋਰੰਜਨਕ ਗੀਤ ਦੀ ਸੀਮਾ ਤੋਂ ਅੱਗੇ ਵਧ ਕੇ ਨਸ਼ਿਆਂ ਵਿਰੁੱਧ ਜਨ-ਜਾਗਰੂਕਤਾ ਦਾ ਸੱਭਿਆਚਾਰਕ ਮਾਧਿਅਮ ਬਣਦਾ ਹੈ। ਭਾਜਪਾ ਦੀ ਨਸ਼ਾ ਮੁਕਤ ਪੰਜਾਬ ਯਾਤਰਾ ਦਾ ਸੁਨੇਹਾ ਜਿੱਥੇ ਜਨਤਕ ਸੰਪਰਕ ਰਾਹੀਂ ਲੋਕਾਂ ਤੱਕ ਪਹੁੰਚ ਰਿਹਾ ਹੈ, ਉੱਥੇ ਅਜਿਹੇ ਗੀਤ ਉਸ ਸੁਨੇਹੇ ਨੂੰ ਪੰਜਾਬੀ ਸੰਗੀਤ ਅਤੇ ਨੌਜਵਾਨਾਂ ਦੀ ਭਾਸ਼ਾ ਵਿੱਚ ਘਰ-ਘਰ ਤੱਕ ਪਹੁੰਚਾਉਣ ਦੀ ਸਮਰੱਥਾ ਰੱਖਦੇ ਹਨ।

ਸ਼ੈਗੀ ਬੌਸ ਪੰਜਾਬੀ ਗੀਤਕਾਰੀ ਅਤੇ ਗਾਇਕੀ ਦੇ ਨਾਲ-ਨਾਲ ਵੀਡੀਓ ਨਿਰਦੇਸ਼ਨ, ਸ਼ਾਰਟ ਫ਼ਿਲਮਾਂ ਅਤੇ ਮਿਊਜ਼ਿਕ ਵੀਡੀਓਜ਼ ਦੇ ਨਿਰਮਾਣ ਨਾਲ ਵੀ ਜੁੜੇ ਹੋਏ ਹਨ ਅਤੇ ਨੌਜਵਾਨ ਪੀੜ੍ਹੀ ਵਿੱਚ ਆਪਣੀ ਪਛਾਣ ਰੱਖਦੇ ਹਨ। ਉਨ੍ਹਾਂ ਵੱਲੋਂ ਨਸ਼ਾ ਵਿਰੋਧੀ ਮੁਹਿੰਮ ਨਾਲ ਜੁੜਨਾ ਇਸ ਮੁੱਦੇ ਨੂੰ ਸਮਾਜਕ ਅਤੇ ਸੱਭਿਆਚਾਰਕ ਪੱਧਰ 'ਤੇ ਨਵੀਂ ਪਹੁੰਚ ਦੇਣ ਵਾਲਾ ਕਦਮ ਹੈ।

"ਮੈਂ ਪੰਜਾਬ ਬੋਲ ਰਿਹਾ" ਦੀ ਆਵਾਜ਼ ਇਸੇ ਸਾਂਝੀ ਜ਼ਿੰਮੇਵਾਰੀ ਨੂੰ ਪੰਜਾਬੀ ਅੰਦਾਜ਼ ਵਿੱਚ ਉਭਾਰਦੀ ਹੈ—ਪੰਜਾਬ ਦੀ ਪੁਕਾਰ ਇੱਕੋ ਹੈ: ਮੇਰੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਓ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਪੰਜਾਬ ਦੀ ਲੜਾਈ ਸਿਰਫ਼ ਨਸ਼ਾ ਵੇਚਣ ਵਾਲਿਆਂ ਖ਼ਿਲਾਫ਼ ਕਾਰਵਾਈ ਤੱਕ ਸੀਮਿਤ ਨਹੀਂ ਹੈ। ਇਹ ਪੰਜਾਬ ਦੇ ਪਰਿਵਾਰ, ਸਮਾਜ, ਸਿੱਖਿਆ, ਰੋਜ਼ਗਾਰ, ਕਾਨੂੰਨ-ਵਿਵਸਥਾ ਅਤੇ ਆਉਣ ਵਾਲੀ ਪੀੜ੍ਹੀ ਦੇ ਭਵਿੱਖ ਦੀ ਲੜਾਈ ਹੈ। ਇਸੇ ਲਈ ਭਾਜਪਾ ਦੀ ਨਸ਼ਾ ਮੁਕਤ ਪੰਜਾਬ ਯਾਤਰਾ ਨੂੰ ਸਮਾਜ ਦੇ ਹਰ ਵਰਗ ਦੀ ਭਾਗੀਦਾਰੀ ਨਾਲ ਇੱਕ ਜਨ-ਅੰਦੋਲਨ ਬਣਾਉਣ ਦਾ ਯਤਨ ਕੀਤਾ ਜਾ ਰਿਹਾ ਹੈ। "ਸਾਡਾ ਸੰਕਲਪ ਹੈ ਕਿ ਪੰਜਾਬ ਦੀ ਜਵਾਨੀ ਨੂੰ ਨਸ਼ੇ ਨਹੀਂ, ਮੌਕੇ ਮਿਲਣ; ਪੰਜਾਬ ਛੱਡਣ ਦੀ ਮਜਬੂਰੀ ਨਹੀਂ, ਪੰਜਾਬ ਵਿੱਚ ਆਪਣਾ ਭਵਿੱਖ ਬਣਾਉਣ ਦਾ ਵਿਸ਼ਵਾਸ ਮਿਲੇ। 'ਮੈਂ ਪੰਜਾਬ ਬੋਲ ਰਿਹਾ' ਇਸੇ ਸੰਕਲਪ ਦੀ ਇੱਕ ਭਾਵਨਾਤਮਕ ਆਵਾਜ਼ ਹੈ।"

ਆਵਾਜ਼ਿ ਕੌਮ AWAZE QAUM International Newspaper & WEB TV

## ਇਤਿਹਾਸਿਕ ਗੁਰਦੁਆਰਾ ਸੀਸ ਗੰਜ ਸਾਹਿਬ ਵਿਖੇ ਸਿੱਖ ਮਰਿਆਦਾ ਦੀ ਉਲੰਘਣਾ ਬਰਦਾਸ਼ਤ ਨਹੀਂ—ਦੋਸ਼ੀਆਂ ਖ਼ਿਲਾਫ਼ ਹੋਵੇ ਸਖ਼ਤ ਕਾਰਵਾਈ: ਪਰਮਜੀਤ ਸਿੰਘ ਵੀਰਜੀ





**ਨਵੀਂ ਦਿੱਲੀ, 17 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**-ਇਤਿਹਾਸਿਕ ਗੁਰਦੁਆਰਾ ਸ੍ਰੀ ਸੀਸ ਗੰਜ ਸਾਹਿਬ ਵਿਖੇ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਇੱਕ ਸਾਧ-ਵਿਅਕਤੀ ਅੱਗੇ ਲੋਕਾਂ ਵੱਲੋਂ ਮੱਥਾ ਟੇਕਣ ਅਤੇ ਉਸਦੇ ਨਾਲ ਆਏ ਵਿਅਕਤੀਆਂ ਵੱਲੋਂ ਚੁਨਰੀਆਂ ਵਾਲੀਆਂ ਸੋਟੀਆਂ ਲੈ ਕੇ ਗੁਰਦੁਆਰਾ ਸਾਹਿਬ ਵਿੱਚ ਦਾਖ਼ਲ ਹੋਣ ਦੀ ਵੀਡੀਓ ਵਾਇਰਲ ਹੋਣ ਤੋਂ ਬਾਅਦ ਸੰਗਤਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ। ਇਸ ਘਟਨਾ ਨੂੰ ਬੇਹੱਦ ਗੰਭੀਰ ਕਰਾਰ ਦਿੰਦਿਆਂ ਗੁਰੂਬਾਣੀ ਰਿਸਰਚ ਫਾਊਂਡੇਸ਼ਨ ਦੇ ਮੁਖੀ, ਦਿੱਲੀ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਕੋ-ਚੇਅਰਮੈਨ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਬੁਲਾਰੇ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਸ੍ਰੀ ਸੀਸ ਗੰਜ ਸਾਹਿਬ ਕੋਈ ਆਮ ਧਾਰਮਿਕ ਅਸਥਾਨ ਨਹੀਂ, ਸਗੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਮਹਾਨ ਸ਼ਹਾਦਤ ਨਾਲ ਸਿੱਧੇ ਤੌਰ 'ਤੇ ਜੁੜਿਆ ਪਵਿੱਤਰ ਇਤਿਹਾਸਿਕ ਅਸਥਾਨ ਹੈ। ਉਨ੍ਹਾਂ ਕਿਹਾ ਕਿ 1675 ਵਿੱਚ ਗੁਰੂ ਸਾਹਿਬ ਨੇ ਧਰਮ ਅਤੇ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਆਪਣਾ ਸੀਸ ਕੁਰਬਾਨ ਕੀਤਾ ਸੀ। ਅਜਿਹੇ ਮਹਾਨ ਸ਼ਹੀਦੀ ਅਸਥਾਨ ਵਿਖੇ ਸਿੱਖ ਰਹਿਤ-ਮਰਿਆਦਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਸੰਗਤ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ। ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਕਿਸੇ ਸਾਧ-ਵਿਅਕਤੀ ਜਾਂ ਹੋਰ ਧਾਰਮਿਕ ਪਰੰਪਰਾ ਨਾਲ ਸਬੰਧਤ ਚਿੰਨ੍ਹਾਂ ਨੂੰ ਇਸ ਤਰੀਕੇ ਨਾਲ ਲਿਆਉਣ ਅਤੇ ਮੱਥਾ ਟੇਕਣ ਦੀ ਇਜਾਜ਼ਤ ਦਿੱਤੇ ਜਾਣ ਸਬੰਧੀ ਪ੍ਰਬੰਧਕਾਂ ਨੂੰ ਸਪੱਸ਼ਟ ਜਵਾਬ ਦੇਣਾ ਚਾਹੀਦਾ ਹੈ। ਉਨ੍ਹਾਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਤੇ ਜਨਰਲ ਸਕੱਤਰ ਤੋਂ ਮੰਗ ਕੀਤੀ ਕਿ ਦੱਸਿਆ ਜਾਵੇ ਕਿ ਇਸ ਵਿਅਕਤੀ ਅਤੇ ਉਸਦੇ ਸਾਥੀਆਂ ਨੂੰ ਇਸ ਤਰੀਕੇ ਨਾਲ ਗੁਰਦੁਆਰਾ ਸਾਹਿਬ ਅੰਦਰ ਦਾਖ਼ਲ ਹੋਣ ਦੀ ਆਗਿਆ ਕਿਸ ਨੇ ਦਿੱਤੀ ਅਤੇ ਮੌਕੇ 'ਤੇ ਤਾਇਨਾਤ ਸੇਵਾਦਾਰਾਂ ਵੱਲੋਂ ਮਰਿਆਦਾ ਦੀ ਰਾਖੀ ਲਈ ਕੀ ਕਾਰਵਾਈ ਕੀਤੀ ਗਈ। ਉਨ੍ਹਾਂ ਕਿਹਾ ਕਿ ਘਟਨਾ ਦੀ ਤੁਰੰਤ ਅਤੇ ਨਿਰਪੱਖ ਜਾਂਚ ਕਰਵਾ ਕੇ ਜੇਕਰ ਕਿਸੇ ਦੀ ਲਾਪਰਵਾਹੀ ਜਾਂ ਮਰਿਆਦਾ ਦੀ ਉਲੰਘਣਾ ਸਾਹਮਣੇ ਆਉਂਦੀ ਹੈ ਤਾਂ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਨਿਯਮਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਜਾਂਚ ਦੇ ਨਤੀਜੇ ਸੰਗਤ ਸਾਹਮਣੇ ਰੱਖੇ ਜਾਣ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਸ਼ਹਾਦਤ ਨਾਲ ਜੁੜੇ ਇਸ ਪਵਿੱਤਰ ਅਸਥਾਨ ਦੀ ਮਰਿਆਦਾ ਦੀ ਰਾਖੀ ਦਿੱਲੀ ਕਮੇਟੀ ਦੀ ਮੁੱਢਲੀ ਜ਼ਿੰਮੇਵਾਰੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਨੌਜਵਾਨਾਂ ਦੇ ਚੰਗੇ ਭਵਿੱਖ ਲਈ ਵਾਰਿਸ ਪੰਜਾਬ ਦੀ ਸਰਕਾਰ ਬਣਾਉਣਾ ਜਰੂਰੀ ਹੈ: ਕਾਤਰੋਂ



**ਸੇਰਪੁਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੀ ਸਿਆਸਤ ਵਿੱਚ ਇਸ ਵੇਲੇ ਇਹ ਗੰਭੀਰ ਸਵਾਲ ਪੁੱਛਣ ਦੀ ਲੋੜ ਹੈ ਕਿ ਪੰਜਾਬ ਦੇ ਅਸਲ ਮੁੱਦੇ ਅੱਜ ਪਿੱਛੇ ਕਿਉਂ ਰਹਿ ਗਏ ਹਨ । ਨਸ਼ਿਆਂ ਦੀ ਸਮੱਸਿਆ, ਰੁਜ਼ਗਾਰ, ਕਿਸਾਨੀ, ਪੰਜਾਬ ਦੇ ਪਾਣੀਆਂ, ਵਾਤਾਵਰਨ, ਉਦਯੋਗ, ਪੰਜਾਬੀ ਭਾਸ਼ਾ ਅਤੇ ਨੌਜਵਾਨਾਂ ਦੇ ਭਵਿੱਖ ਵਰਗੇ ਮੁੱਦਿਆਂ 'ਤੇ ਲਗਾਤਾਰ ਅਤੇ ਠੋਸ ਵਿਚਾਰ-ਵਟਾਂਦਰਾ ਹੋਣਾ ਚਾਹੀਦਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਅਮਰੀਕ ਸਿੰਘ ਕਾਤਰੋਂ ਨੇ ਕੀਤਾ। ਉਨ੍ਹਾਂ ਕਿਹਾ ਕਿ ਪਿਛਲੇ ਦਿਨਾਂ ਵਿੱਚ ਪੰਜਾਬ ਦੀ ਸਿਆਸੀ ਚਰਚਾ ਵਿੱਚ ਭਾਈ ਅੰਮ੍ਰਿਤਪਾਲ ਸਿੰਘ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਨੂੰ ਲੈ ਕੇ ਬਿਆਨਬਾਜ਼ੀ ਕਾਫ਼ੀ ਵਧੀ ਹੈ। ਮੀਡੀਆ ਰਿਪੋਰਟਾਂ ਅਨੁਸਾਰ ਵੀ ਪੰਜਾਬ ਵਿੱਚ ਆਪਣੀ ਸਿਆਸੀ ਜ਼ਮੀਨ ਗਵਾ ਚੁੱਕੇ ਵੱਖ-ਵੱਖ ਸਿਆਸੀ ਆਗੂਆਂ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਬਾਰੇ ਬਿਆਨ ਸਾਹਮਣੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਸਿਆਸੀ ਮਤਭੇਦ ਆਪਣੀ ਥਾਂ ਹੋ ਸਕਦੇ ਹਨ, ਪਰ ਪੰਜਾਬ ਦੇ ਲੋਕਾਂ ਦੇ ਰੋਜ਼ਾਨਾ ਜੀਵਨ ਨਾਲ ਜੁੜੇ ਮੁੱਦਿਆਂ ਨੂੰ ਪਿੱਛੇ ਨਹੀਂ ਧੱਕਿਆ ਜਾਣਾ ਚਾਹੀਦਾ । ਉਨ੍ਹਾਂ ਸਵਾਲ ਕੀਤਾ ਕਿ ਜੇ ਪੰਜਾਬ ਵਿੱਚ ਨਸ਼ਾ, ਬੇਰੁਜ਼ਗਾਰੀ, ਕਿਸਾਨੀ ਦੀਆਂ ਸਮੱਸਿਆਵਾਂ, ਪਾਣੀਆਂ ਅਤੇ ਵਾਤਾਵਰਨ ਵਰਗੇ ਮੁੱਦੇ ਮੌਜੂਦ ਹਨ ਤਾਂ ਸਿਆਸੀ ਬਹਿਸ ਦਾ ਕੇਂਦਰ ਇਨ੍ਹਾਂ ਸ ਮੁੱਦਿਆਂ 'ਤੇ ਹੋਰ ਗੰਭੀਰਤਾ ਨਾਲ ਕਿਉਂ ਨਹੀਂ ਬਣਦਾ।

ਆਵਾਜ਼ਿ ਕੌਮ AWAZE QAUM International Newspaper & WEB TV

### ਲਹਿਰਾਗਾਗਾ ਹਸਪਤਾਲ ’ਚ ਦੂਰਬੀਨ ਰਾਹੀਂ ਗੁੰਝਲਦਾਰ ਆਪਰੇਸ਼ਨ ਅਤੇ ਇਲਾਜ ਸੇਵਾਵਾਂ ਸ਼ੁਰੂ

# ਹਲਕਾ ਵਾਸੀਆਂ ਨੂੰ ਮਿਲੇਗੀ ਵੱਡੀ ਰਾਹਤ : ਬਰਿੰਦਰ ਕੁਮਾਰ ਗੋਇਲ





**ਲਹਿਰਾਗਾਗਾ ( ਰਣਜੀਤ ਸਿੰਘ ਪੇਧਨੀ)**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਨੇੜੇ ਮਿਆਰੀ, ਆਧੁਨਿਕ ਅਤੇ ਕਿਫ਼ਾਇਤੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੀ ਵਚਨਬੱਧਤਾ ਤਹਿਤ ਵਿਧਾਨ ਸਭਾ ਹਲਕਾ ਲਹਿਰਾਗਾਗਾ ਵਿੱਚ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਇੱਕ ਹੋਰ ਅਹਿਮ ਕਦਮ ਪੁੱਟਿਆ ਗਿਆ ਹੈ। ਲਹਿਰਾਗਾਗਾ ਵਿਖੇ ਮੈਡੀਕਲ ਕਾਲਜ ਅਧੀਨ ਚੱਲ ਰਹੇ ਹਸਪਤਾਲ ਵਿੱਚ ਓ.ਪੀ.ਡੀ. ਸੇਵਾਵਾਂ ਤੋਂ ਬਾਅਦ ਹੁਣ ਮਰੀਜ਼ਾਂ ਨੂੰ ਦਾਖ਼ਲ ਕਰਨ ਦੇ ਨਾਲ-ਨਾਲ ਮੇਜਰ ਅਤੇ ਲੈਪਰੋਸਕੋਪਿਕ ਸਰਜਰੀਆਂ ਵੀ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਹਸਪਤਾਲ ਦਾ ਵਿਸ਼ੇਸ਼ ਦੌਰਾ ਕਰਕੇ ਇੱਥੇ ਮੁਹੱਈਆ ਕਰਵਾਈਆਂ ਜਾ ਰਹੀਆਂ ਸਿਹਤ ਸੇਵਾਵਾਂ ਦਾ ਜਾਇਜ਼ਾ ਲੈਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਦੇ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਲੰਮੇ ਸਮੇਂ ਤੋਂ ਉੱਚ ਪੱਧਰੀ ਸਿਹਤ ਸਹੂਲਤਾਂ ਦੀ ਘਾਟ ਨਾਲ ਜੂਝਦੇ ਲਹਿਰਾਗਾਗਾ ਅਤੇ ਆਸ-ਪਾਸ ਦੇ ਇਲਾਕਿਆਂ ਲਈ ਇਹ ਵੱਡੀ ਪ੍ਰਾਪਤੀ ਹੈ। ਉਨ੍ਹਾਂ ਕਿਹਾ ਕਿ ਹੁਣ ਹਲਕੇ ਦੇ ਲੋਕਾਂ ਨੂੰ ਕਈ ਤਰ੍ਹਾਂ ਦੇ ਆਪਰੇਸ਼ਨਾਂ ਅਤੇ ਮਾਹਿਰ ਡਾਕਟਰੀ ਇਲਾਜ ਲਈ ਸੰਗਰੂਰ, ਪਟਿਆਲਾ, ਹਿਸਾਰ, ਟੋਹਾਣਾ ਜਾਂ ਹੋਰ ਦੂਰ-ਦੁਰਾਡੇ ਸ਼ਹਿਰਾਂ ਦੇ ਮਹਿੰਗੇ ਹਸਪਤਾਲਾਂ ਵੱਲ ਰੁਖ਼ ਕਰਨ ਦੀ ਲੋੜ ਨਹੀਂ ਪਵੇਗੀ। ਕੈਬਨਿਟ ਮੰਤਰੀ ਨੇ ਦੱਸਿਆ ਕਿ 15 ਅਪ੍ਰੈਲ ਤੋਂ ਹਸਪਤਾਲ ਵਿੱਚ ਓ.ਪੀ.ਡੀ. ਸੇਵਾਵਾਂ ਸ਼ੁਰੂ ਕੀਤੀਆਂ ਗਈਆਂ ਸਨ ਅਤੇ ਹੁਣ ਇਨਡੋਰ ਪੇਸ਼ੈਂਟ ਡਿਪਾਰਟਮੈਂਟ (ਆਈ.ਪੀ.ਡੀ.) ਅਤੇ ਮੇਜਰ ਸਰਜਰੀਆਂ ਦੀਆਂ ਸੇਵਾਵਾਂ ਵੀ ਸ਼ੁਰੂ ਹੋ ਗਈਆਂ ਹਨ। ਉਨ੍ਹਾਂ ਦੱਸਿਆ ਕਿ ਹਸਪਤਾਲ ਵਿੱਚ ਨਾਰਮਲ ਡਿਲੀਵਰੀ ਰਾਹੀਂ ਇੱਕ ਬੱਚੀ ਦਾ ਜਨਮ ਹੋਇਆ ਹੈ, ਜਦਕਿ ਇੱਕ ਹੋਰ ਮਰੀਜ਼ ਦੇ ਹਰਨੀਆ ਸਮੇਤ ਤਿੰਨ ਆਪਰੇਸ਼ਨ ਇੱਕੋ ਸਮੇਂ ਸਫ਼ਲਤਾਪੂਰਵਕ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਨਾਮਵਰ ਲੈਪਰੋਸਕੋਪਿਕ ਸਰਜਨ ਡਾ. ਨਿਤੀਸ਼ ਜੈਨ, ਜੋ ਪਹਿਲਾਂ ਮੈਕਸ ਹਸਪਤਾਲ ਦਿੱਲੀ ਵਿਖੇ ਆਪਣੀਆਂ ਸੇਵਾਵਾਂ ਨਿਭਾਅ ਚੁੱਕੇ ਹਨ, ਵੱਲੋਂ ਹਸਪਤਾਲ ਵਿੱਚ ਦੂਰਬੀਨ ਰਾਹੀਂ ਪਿੱਤੇ ਦੀ ਥੈਲੀ ਕੱਢਣ ਦਾ ਸਫ਼ਲ ਆਪਰੇਸ਼ਨ ਵੀ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀ ਸਰਜਰੀ ਲਈ ਨਿੱਜੀ ਹਸਪਤਾਲਾਂ ਵਿੱਚ ਮਰੀਜ਼ਾਂ ਨੂੰ ਆਮ ਤੌਰ ’ਤੇ 60 ਤੋਂ 70 ਹਜ਼ਾਰ ਰੁਪਏ ਜਾਂ ਇਸ ਤੋਂ ਵੀ ਵੱਧ ਖ਼ਰਚ ਕਰਨਾ ਪੈਂਦਾ ਹੈ, ਜਦਕਿ ਇੱਥੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਸਬੰਧਤ ਮਰੀਜ਼ ਦਾ ਇਲਾਜ ਬਿਨਾਂ ਕਿਸੇ ਖ਼ਰਚੇ ਦੇ ਕੀਤਾ ਗਿਆ ਹੈ। ਐਡਵੋਕੇਟ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਕਿਸੇ ਵੀ ਪਰਿਵਾਰ ਨੂੰ ਪੈਸਿਆਂ ਦੀ ਘਾਟ ਕਾਰਨ ਇਲਾਜ ਤੋਂ ਵਾਂਝਾ ਨਾ ਰਹਿਣਾ ਪਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਯੋਗ ਲਾਭਪਾਤਰੀਆਂ ਨੂੰ ਆਪਰੇਸ਼ਨ, ਬੇਹੋਸ਼ੀ (ਐਨੇਸਥੀਸੀਆ), ਲੋੜੀਂਦੇ ਟੈਸਟ, ਦਵਾਈਆਂ, ਬੈੱਡ ਅਤੇ ਹੋਰ ਸਬੰਧਤ ਇਲਾਜ ਸਹੂਲਤਾਂ ਮੁਫ਼ਤ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮਰੀਜ਼ਾਂ ਨੂੰ ਦਵਾਈਆਂ ਲਈ ਬਾਹਰਲੇ ਮੈਡੀਕਲ ਸਟੋਰਾਂ ’ਤੇ ਭਟਕਣ ਤੋਂ ਬਚਾਉਣ ਲਈ ਲੋੜੀਂਦੀਆਂ ਦਵਾਈਆਂ ਹਸਪਤਾਲ ਪੱਧਰ ’ਤੇ ਹੀ ਉਪਲਬਧ ਕਰਵਾਉਣ ਦੇ ਪ੍ਰਬੰਧ ਕੀਤੇ ਗਏ ਹਨ। ਇਸ ਤੋਂ ਇਲਾਵਾ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਸਹੂਲਤ ਲਈ ਹਸਪਤਾਲ ਵਿੱਚ ਹੀ ਮੁੱਖ ਮੰਤਰੀ ਸਿਹਤ ਬੀਮਾ ਕਾਰਡ ਬਣਾਉਣ ਲਈ ਵਿਸ਼ੇਸ਼ ਕਾਊਂਟਰ ਸਥਾਪਿਤ ਕੀਤਾ ਗਿਆ ਹੈ ਤਾਂ ਜੋ ਯੋਗ ਵਿਅਕਤੀ ਬਿਨਾਂ ਕਿਸੇ ਬੇਲੋੜੀ ਖੱਜਲ-ਖੁਆਰੀ ਦੇ ਯੋਜਨਾ ਦਾ ਲਾਭ ਲੈ ਸਕਣ। ਮੈਡੀਕਲ ਕਾਲਜ ਦੇ ਬੁਨਿਆਦੀ ਢਾਂਚੇ ਬਾਰੇ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਮੈਡੀਕਲ ਕਾਲਜ ਕੈਂਪਸ ਲਗਭਗ 6 ਤੋਂ 7 ਲੱਖ ਵਰਗ ਫੁੱਟ ਰਕਬੇ ਵਿੱਚ ਵਿਕਸਤ ਕੀਤਾ ਜਾ ਰਿਹਾ ਹੈ ਅਤੇ ਇੱਥੇ 440 ਬੈੱਡਾਂ ਦੀ ਸਮਰੱਥਾ ਵਾਲਾ ਅਤਿ-ਆਧੁਨਿਕ ਹਸਪਤਾਲ ਸਥਾਪਿਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਮੁਕੰਮਲ ਹੋਣ ਨਾਲ ਲਹਿਰਾਗਾਗਾ ਹੀ ਨਹੀਂ ਸਗੋਂ ਮੂਨਕ, ਖਨੌਰੀ ਅਤੇ ਆਸ-ਪਾਸ ਦੇ ਵੱਡੇ ਦਿਹਾਤੀ ਖੇਤਰ ਦੇ ਲੋਕਾਂ ਨੂੰ ਵੀ ਉੱਚ ਪੱਧਰੀ ਸਿਹਤ ਸੇਵਾਵਾਂ ਦਾ ਲਾਭ ਮਿਲੇਗਾ। ਉਨ੍ਹਾਂ ਦੱਸਿਆ ਕਿ ਮੂਨਕ ਅਤੇ ਖਨੌਰੀ ਦੇ ਹਸਪਤਾਲਾਂ ਨੂੰ ਵੀ ਦਿਹਾਤੀ ਅਤੇ ਸ਼ਹਿਰੀ ਸਿਹਤ ਕੇਂਦਰਾਂ ਵਜੋਂ ਇਸ ਮੈਡੀਕਲ ਕਾਲਜ ਪ੍ਰੋਜੈਕਟ ਨਾਲ ਜੋੜਿਆ ਗਿਆ ਹੈ, ਜਿਸ ਨਾਲ ਸਮੁੱਚੇ ਇਲਾਕੇ ਵਿੱਚ ਇੱਕ ਮਜ਼ਬੂਤ ਸਿਹਤ ਸੇਵਾ ਨੈੱਟਵਰਕ ਵਿਕਸਤ ਹੋਵੇਗਾ। ਸ਼੍ਰੀ ਗੋਇਲ ਨੇ ਕਿਹਾ ਕਿ ਮੈਡੀਕਲ ਕਾਲਜ ਅਤੇ ਹਸਪਤਾਲ ਦੇ ਪੂਰੀ ਸਮਰੱਥਾ ਨਾਲ ਕਾਰਜਸ਼ੀਲ ਹੋਣ ਉਪਰੰਤ ਡਾਕਟਰਾਂ, ਪੈਰਾ-ਮੈਡੀਕਲ ਸਟਾਫ਼, ਤਕਨੀਕੀ ਮਾਹਿਰਾਂ ਅਤੇ ਹੋਰ ਕਰਮਚਾਰੀਆਂ ਸਮੇਤ ਲਗਭਗ 1100 ਵਿਅਕਤੀਆਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਹੋਣਗੇ। ਇਸ ਦੇ ਨਾਲ ਹੀ ਇਲਾਕੇ ਵਿੱਚ ਹੋਰ ਸਹਾਇਕ ਕਾਰੋਬਾਰਾਂ ਅਤੇ ਸੇਵਾਵਾਂ ਨੂੰ ਵੀ ਹੁਲਾਰਾ ਮਿਲੇਗਾ। ਉਨ੍ਹਾਂ ਕਿਹਾ ਕਿ ਮੈਡੀਕਲ ਕਾਲਜ ਦੀ ਸਥਾਪਨਾ ਸਿਰਫ਼ ਇੱਕ ਇਮਾਰਤ ਜਾਂ ਸਿਹਤ ਪ੍ਰੋਜੈਕਟ ਤਕ ਸੀਮਤ ਨਹੀਂ ਹੈ, ਸਗੋਂ ਇਹ ਲਹਿਰਾਗਾਗਾ ਦੇ ਸਮਾਜਿਕ ਅਤੇ ਆਰਥਿਕ ਵਿਕਾਸ ਲਈ ਵੀ ਅਹਿਮ ਸਾਬਤ ਹੋਵੇਗਾ। ਇਸ ਸੰਸਥਾ ਦੇ ਪੂਰੀ ਤਰ੍ਹਾਂ ਕਾਰਜਸ਼ੀਲ ਹੋਣ ਨਾਲ ਇਲਾਕੇ ਦੇ ਨੌਜਵਾਨਾਂ ਲਈ ਮੈਡੀਕਲ ਸਿੱਖਿਆ ਦੇ ਮੌਕੇ ਵਧਣਗੇ ਅਤੇ ਉਨ੍ਹਾਂ ਨੂੰ ਡਾਕਟਰੀ ਦੀ ਪੜ੍ਹਾਈ ਲਈ ਦੂਰ-ਦੁਰਾਡੇ ਇਲਾਕਿਆਂ ਜਾਂ ਵਿਦੇਸ਼ਾਂ ਵੱਲ ਜਾਣ ਦੀ ਨਿਰਭਰਤਾ ਘਟੇਗੀ। ਵਿਰੋਧੀ ਧਿਰਾਂ ਵੱਲੋਂ ਮੈਡੀਕਲ ਕਾਲਜ ਅਤੇ ਹਸਪਤਾਲ ਸਬੰਧੀ ਕੀਤੀ ਜਾ ਰਹੀ ਆਲੋਚਨਾ ਦਾ ਜਵਾਬ ਦਿੰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਸਮੇਂ ਇਸ ਖੇਤਰ ਵਿੱਚ ਮਿਆਰੀ ਸਿਹਤ ਸੇਵਾਵਾਂ ਦੀ ਭਾਰੀ ਘਾਟ ਸੀ ਅਤੇ ਗੰਭੀਰ ਮਰੀਜ਼ਾਂ ਨੂੰ ਅਕਸਰ ਸੰਗਰੂਰ, ਪਟਿਆਲਾ, ਹਿਸਾਰ ਜਾਂ ਟੋਹਾਣਾ ਵਿਖੇ ਰੈਫ਼ਰ ਕਰਨਾ ਪੈਂਦਾ ਸੀ। ਉਨ੍ਹਾਂ ਕਿਹਾ, “ਜੇਕਰ ਗ.ਰੀਬ ਅਤੇ ਆਮ ਪਰਿਵਾਰਾਂ ਨੂੰ ਮੁਫ਼ਤ ਦਵਾਈਆਂ, ਟੈਸਟ ਅਤੇ ਆਪਰੇਸ਼ਨਾਂ ਦੀ ਸਹੂਲਤ ਦੇਣਾ ਕਿਸੇ ਨੂੰ ‘ਡਰਾਮਾ’ ਲੱਗਦਾ ਹੈ ਤਾਂ ਉਹ ਲੋਕਾਂ ਨੂੰ ਇਹ ਵੀ ਦੱਸਣ ਕਿ ਆਪਣੇ ਕਾਰਜਕਾਲ ਦੌਰਾਨ ਉਨ੍ਹਾਂ ਨੇ ਅਜਿਹੀਆਂ ਸਹੂਲਤਾਂ ਮੁਹੱਈਆ ਕਰਵਾ ਕੇ ਲੋਕਾਂ ਨੂੰ ਰਾਹਤ ਕਿਉਂ ਨਹੀਂ ਦਿੱਤੀ।” ਸ਼੍ਰੀ ਗੋਇਲ ਨੇ ਕਿਹਾ ਕਿ ਸਿਹਤ ਅਤੇ ਸਿੱਖਿਆ ਵਰਗੇ ਬੁਨਿਆਦੀ ਮੁੱਦਿਆਂ ’ਤੇ ਸੌੜੀ ਸਿਆਸਤ ਕਰਨ ਦੀ ਬਜਾਏ ਲੋਕ ਹਿੱਤ ਵਿੱਚ ਕੀਤੇ ਜਾ ਰਹੇ ਕੰਮਾਂ ਨੂੰ ਸਵੀਕਾਰ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਧਿਆਨ ਸਿਆਸੀ ਬਿਆਨਬਾਜ਼ੀ ਦੀ ਬਜਾਏ ਲੋਕਾਂ ਨੂੰ ਜ਼ਮੀਨੀ ਪੱਧਰ ’ਤੇ ਸਹੂਲਤਾਂ ਦੇਣ ’ਤੇ ਕੇਂਦਰਿਤ ਹੈ। ਇਸ ਮੌਕੇ ਹਸਪਤਾਲ ਪ੍ਰਬੰਧਕਾਂ ਅਤੇ ਡਾਕਟਰਾਂ ਦੀ ਟੀਮ ਨੇ ਜਾਣਕਾਰੀ ਦਿੱਤੀ ਕਿ ਸਰਜਰੀ ਨਾਲ ਸਬੰਧਤ ਮਾਹਿਰ ਡਾਕਟਰ ਹਸਪਤਾਲ ਵਿੱਚ ਨਿਯਮਤ ਤੌਰ ’ਤੇ ਉਪਲਬਧ ਰਹਿਣਗੇ ਅਤੇ ਮਰੀਜ਼ਾਂ ਦੇ ਲੋੜੀਂਦੇ ਮੈਡੀਕਲ ਟੈਸਟ ਅਤੇ ਜਾਂਚਾਂ ਮੁਕੰਮਲ ਹੋਣ ਉਪਰੰਤ ਨਿਯਮਾਂ ਅਨੁਸਾਰ ਆਪਰੇਸ਼ਨ ਦੀ ਤਾਰੀਖ਼ ਤੈਅ ਕੀਤੀ ਜਾਵੇਗੀ। ਅਖ਼ੀਰ ਵਿੱਚ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਕੁਮਾਰ ਗੋਇਲ ਨੇ ਲਹਿਰਾਗਾਗਾ, ਮੂਨਕ, ਖਨੌਰੀ ਅਤੇ ਆਸ-ਪਾਸ ਦੇ ਇਲਾਕਿਆਂ ਦੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਉਹ ਇਲਾਜ ਲਈ ਦੂਰ-ਦੁਰਾਡੇ ਦੇ ਮਹਿੰਗੇ ਨਿੱਜੀ ਹਸਪਤਾਲਾਂ ਵੱਲ ਜਾਣ ਤੋਂ ਪਹਿਲਾਂ ਲਹਿਰਾਗਾਗਾ ਵਿਖੇ ਪੰਜਾਬ ਸਰਕਾਰ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਆਧੁਨਿਕ ਸਿਹਤ ਸੇਵਾਵਾਂ ਬਾਰੇ ਜਾਣਕਾਰੀ ਜ਼ਰੂਰ ਪ੍ਰਾਪਤ ਕਰਨ ਅਤੇ ਯੋਗਤਾ ਅਨੁਸਾਰ ਮੁਫ਼ਤ ਇਲਾਜ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ। ਇਸ ਮੌਕੇ ਡਾ. ਰਜਨੀਸ਼ ਜੈਨ ਸਮੇਤ ਵੱਖ ਵੱਖ ਅਹੁਦੇਦਾਰ ਅਤੇ ਪਤਵੰਤੇ ਹਾਜ਼ਰ ਸਨ।

**ਮੈਡੀਕਲ ਕਾਲਜ ਪ੍ਰੋਜੈਕਟ ਨਾਲ ਮੂਨਕ ਅਤੇ ਖਨੌਰੀ ਦੇ ਹਸਪਤਾਲ ਵੀ ਜੋੜੇ; ਪ੍ਰੋਜੈਕਟ ਮੁਕੰਮਲ ਹੋਣ ’ਤੇ ਕਰੀਬ 1100 ਲੋਕਾਂ ਨੂੰ ਮਿਲੇਗਾ ਰੁਜ਼ਗਾਰ**

ਆਵਾਜ਼ਿ ਕੌਮ AWAZE QAUM International Newspaper & WEB TV

### ਸ਼ੇਰਪੁਰ ’ਚ 24 ਸਤੰਬਰ ਨੂੰ ਭਾਜਪਾ ਦੀ

# ਨਸ਼ਾ ਮੁਕਤ ਯਾਤਰਾ ਦਾ ਸਵਾਗਤ ਕੀਤਾ ਜਾਵੇਗਾ : ਵਿੱਕੀ ਪਰੋਚਾ



ਧੂਰੀ ( ਰਣਜੀਤ ਸਿੰਘ ਪੇਧਨੀ ) ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਉਦੇਸ਼ ਨਾਲ ਕੱਢੀ ਜਾ ਰਹੀ ’ਨਸ਼ਾ ਮੁਕਤ ਯਾਤਰਾ’ 18 ਸਤੰਬਰ ਤੋਂ 30 ਸਤੰਬਰ ਤੱਕ ਪੰਜਾਬ ਦੇ ਵੱਖ-ਵੱਖ ਇਲਾਕਿਆਂ ਵਿੱਚ ਪਹੁੰਚੇਗੀ। ਇਸੇ ਤਹਿਤ ਇਹ ਯਾਤਰਾ 24 ਸਤੰਬਰ ਨੂੰ ਜ਼ਿਲ੍ਹਾ ਬਰਨਾਲਾ ਦੇ ਹਲਕਾ ਮਹਿਲ ਕਲਾਂ ਅਧੀਨ ਕਸਬਾ ਸ਼ੇਰਪੁਰ ਵਿਖੇ ਪਹੁੰਚੇਗੀ, ਜਿਸ ਦਾ ਜੋਰਦਾਰ ਤਰੀਕੇ ਨਾਲ ਸਵਾਗਤ ਕੀਤਾ ਜਾਵੇਗਾ ।ਨਸ਼ਾ ਮੁਕਤ ਯਾਤਰਾ ਦੇ ਸ਼ੇਰਪੁਰ ਦੌਰੇ ਸਬੰਧੀ ਤਿਆਰੀਆਂ ਅਤੇ ਪ੍ਰਬੰਧਾਂ ਨੂੰ ਲੈ ਕੇ ਅੱਜ ਭਾਜਪਾ ਆਗੂਆਂ ਵੱਲੋਂ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹਲਕਾ ਮਹਿਲ ਕਲਾਂ ਤੋਂ ਭਾਰਤੀ ਜਨਤਾ ਪਾਰਟੀ ਦੀ ਟਿਕਟ ਦੇ ਪ੍ਰਮੁੱਖ ਦਾਅਵੇਦਾਰ ਵਿੱਕੀ ਪਰੋਚਾ ਨੇ ਕੀਤਾ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਸਮਾਜ ਵਿੱਚ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਪੈਦਾ ਕਰਨ ਲਈ ਅਜਿਹੇ ਉਪਰਾਲਿਆਂ ਵਿੱਚ ਲੋਕਾਂ ਦੀ ਭਾਗੀਦਾਰੀ ਜ਼ਰੂਰੀ ਹੈ। ਉਨ੍ਹਾਂ ਸ਼ੇਰਪੁਰ ਵਿਖੇ ਪਹੁੰਚ ਰਹੀ ਨਸ਼ਾ ਮੁਕਤ ਯਾਤਰਾ ਵਿੱਚ ਵੱਧ ਤੋਂ ਵੱਧ ਲੋਕਾਂ ਨੂੰ ਸ਼ਾਮਲ ਹੋਣ ਦੀ ਅਪੀਲ ਕੀਤੀ ।ਇਸ ਮੌਕੇ ਨਸ਼ਾ ਮੁਕਤ ਯਾਤਰਾ ਦੇ ਇੰਚਾਰਜ ਅਤੇ ਸੀਨੀਅਰ ਆਗੂ ਭਾਜਪਾ ਹਲਕਾ ਮਹਿਲ ਕਲਾਂ, ਨਰਿੰਦਰਪਾਲ ਸਿੰਘ ਸੂਬਾ ਕਿਸਾਨ ਆਗੂ ਰਾਮਨਗਰ ਛੰਨਾ, ਹਰਬੰਸ ਸਿੰਘ ਸੈਨਿਕ ਵਿੰਗ ਇੰਚਾਰਜ ਖੇੜੀ ਚਹਿਲਾਂ, ਸੁਸ਼ੀਲ ਬਾਂਸਲ ਲੱਡੂ, ਪ੍ਰਿੰਸ ਗੋਇਲ, ਵਿੱਕੀ ਬੜੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਅੱਸੂ ਦੀ ਸੰਗਰਾਂਦ ਦਾ ਦਿਹਾੜਾ ਸ਼ਰਧਾ ਤੇ ਧੂਮ ਧਾਮ ਨਾਲ ਮਨਾਇਆ



**ਫ਼ਿਰੋਜ਼ਪੁਰ, 17 ਸਤੰਬਰ (ਮਨੋਹਰ ਲਾਲ)** :— ਗੁਰਦੁਆਰਾ ਠਾਠ ਨਾਨਕਸਰ ਛਾਂਗਾ ਵਿਖੇ ਦੇਸੀ ਮਹੀਨੇ ਅੱਸੂ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ, ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਧਾਰਮਿਕ ਸਮਾਗਮ ਵਿੱਚ ਵੱਡੀ ਗਿਣਤੀ ਸੰਗਤਾਂ ਨੇ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਸਮਾਗਮ ਦੀ ਸ਼ੁਰੂਆਤ ਵਿੱਚ ਸਭ ਤੋਂ ਪਹਿਲਾਂ ਰੱਖੇ ਗਏ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਸੰਪੂਰਨ ਭੋਗ ਪਾਏ ਗਏ। ਇਸ ਤੋਂ ਉਪਰੰਤ ਵਿਸ਼ੇਸ਼ ਕੀਰਤਨ ਦਰਬਾਰ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵੱਖ—ਵੱਖ ਰਾਗੀ ਜਥਿਆਂ ਨੇ ਸ਼ਿਰਕਤ ਕੀਤੀ। ਸਮਾਗਮ ਦੌਰਾਨ ਭਾਈ ਗੁਰਮੇਲ ਸਿੰਘ ਅਰਜਨ, ਭਾਈ ਹਰਨਾਮ ਸਿੰਘ, ਭਾਈ ਗੁਰਬਖਸ਼ ਸਿੰਘ ਚੰਨ, ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਰਮਨਦੀਪ ਸਿੰਘ ਅਤੇ ਭਾਈ ਬਲਜੀਤ ਸਿੰਘ ਬੱਬੂ ਨੇ ਆਪਣੀਆਂ ਮਧੁਰ ਬਾਣੀ ਨਾਲ ਗੁਰਬਾਣੀ ਦਾ ਮਨੋਹਰ ਕੀਰਤਨ ਕਰਕੇ ਆਈਆਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ਼੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਕਥਾ ਕਰਦਿਆਂ ਸਮੂਹ ਸੰਗਤਾਂ ਨੂੰ ਗੁਰਬਾਣੀ ਦੇ ਲੜ ਲੱਗਣ ਦੀ ਪ੍ਰੇਰਨਾ ਦਿੱਤੀ। ਆਪਣੇ ਸੰਬੋਧਨ ਵਿੱਚ ਸੰਤ ਬਾਬਾ ਸੁੱਚਾ ਸਿੰਘ ਨੇ ਆਖਿਆ ਕਿ ਸਾਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਵਿੱਚੋਂ ਸਮਾਂ ਕੱਢ ਕੇ ਵੱਧ ਤੋਂ ਵੱਧ ਗੁਰਬਾਣੀ ਪੜ੍ਹਨੀ ਅਤੇ ਸੁਣਨੀ ਚਾਹੀਦੀ ਹੈ। ਗੁਰਬਾਣੀ ਦੇ ਜਾਪ ਨਾਲ ਮਨੁੱਖ ਦੇ ਸਾਰੇ ਦੁੱਖ—ਕਲੇਸ਼, ਕਸ਼ਟ ਅਤੇ ਪਾਪ ਦੂਰ ਹੋ ਜਾਂਦੇ ਹਨ। ਉਨ੍ਹਾਂ ਸੰਗਤਾਂ ਨੂੰ ਅੰਮ੍ਰਿਤ ਵੇਲੇ ਦੀ ਸੰਭਾਲ ਕਰਨ ਦਾ ਉਪਦੇਸ਼ ਦਿੰਦਿਆਂ ਕਿਹਾ ਕਿ ਹਰ ਗੁਰਸਿੱਖ ਨੂੰ ਸਵੇਰੇ ਅੰਮ੍ਰਿਤ ਵੇਲੇ ਉੱਠ ਕੇ ਇਸ਼ਨਾਨ ਕਰਨ ਉਪਰੰਤ ਨਾਮ ਸਿਮਰਨ ਅਤੇ ਗੁਰਬਾਣੀ ਦਾ ਜਾਪ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਦੱਸੀ ਰਹਿਤ ਤੇ ਚੱਲ ਕੇ ਹੀ ਅਸੀਂ ਆਪਣੇ ਲੋਕ ਅਤੇ ਪਰਲੋਕ ਨੂੰ ਸੁਹੇਲਾ ਬਣਾ ਸਕਦੇ ਹਾਂ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ਼੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਸਮੂਹ ਇਲਾਕੇ ਦੀਆਂ ਸੰਗਤਾਂ ਪੰਜਾਬ ਭਰ ਦੀਆਂ ਹਰਿਆਣੇ ਦੀ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ 20 ਸਤੰਬਰ ਦਿਨ ਐਤਵਾਰ ਚਾਰ ਅੱਸੂ ਧੰਨ ਧੰਨ ਬਾਬਾ ਨੰਦ ਸਿੰਘ ਜੀ ਦੀ ਬਰਸੀ ਦੀ ਮਿੱਠੀ ਯਾਦ ਵਿੱਚ ਮਹਾਨ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈ ਤੇ ਭਾਰੀ ਅੰਮ੍ਰਿਤ ਸੰਚਾਰ ਕਰਵਾਇਆ ਜਾ ਰਿਹਾ ਸੰਗਤਾਂ ਅੱਗੇ ਬੇਨਤੀ ਹੈ ਕਿ ਉਹ ਭਾਰੀ ਗਿਣਤੀ ਵਿੱਚ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣੋ ਅਤੇ ਨਾਲ ਹੀ ਆਏ ਹੋਏ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਓ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜਸਵੀਰ ਸਿੰਘ ਜੱਸੂ ਨੇ ਸੰਗਤ ਦੀ ਹੱਥੀ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV






ਜਨਮ ਦਿਨ ਮੁਬਾਰਕ

ਭਰਤ ਅਤੇ ਮੇਘਾ ਨੂੰ ਵਿਆਹ ਦੀ 5ਵੀਂ ਵਰ੍ਹੇਗੰਢ ਤੇ ਸ਼ੁਭਕਾਮਨਾਵਾਂ।

ਫੋਟੋ : ਮਨੋਹਰ ਲਾਲ ਪੱਤਰਕਾਰ

ਆਵਾਜ਼ਿ ਕੌਮ AWAZE QAUM International Newspaper & WEB TV

### ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ

# ਧੂਰੀ ਹਲਕੇ ਦੇ ਵੱਖ-ਵੱਖ ਪਿੰਡਾਂ 'ਚ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ

**ਧੂਰੀ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਧੂਰੀ ਹਲਕੇ ਦੇ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਣ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਹੋਰ ਵਿਕਾਸ ਕਾਰਜਾਂ ਦੀ ਰੂਪ-ਰੇਖਾ ਉਲੀਕਣ ਦੇ ਮੰਤਵ ਨਾਲ ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਅੱਜ ਹਲਕੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਪਿੰਡ ਪੇਧਨੀ ਕਲਾਂ, ਕੱਕੜਵਾਲ, ਰੰਚਣਾ, ਈਸੀ, ਮੀਮਸਾ, ਖੇੜੀ ਜੱਟਾਂ, ਢਢੋਗਲ, ਸ਼ੇਰਪੁਰ ਸੋਢੀਆਂ ਅਤੇ ਭੁੱਲਰਹੇੜੀ ਵਿਖੇ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ ਚੱਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਓ.ਐਸ.ਡੀ. ਸੁਖਵੀਰ ਸਿੰਘ ਨੇ ਪਿੰਡਾਂ ਦੇ ਵਸਨੀਕਾਂ ਨਾਲ ਵਿਸਥਾਰਪੂਰਵਕ ਗੱਲਬਾਤ ਕਰਦਿਆਂ ਉਨ੍ਹਾਂ ਦੀਆਂ ਮੌਜੂਦਾ ਲੋੜਾਂ, ਬੁਨਿਆਦੀ ਸਹੂਲਤਾਂ ਨਾਲ ਸਬੰਧਤ ਸਮੱਸਿਆਵਾਂ ਅਤੇ ਭਵਿੱਖ ਵਿੱਚ ਕਰਵਾਏ ਜਾਣ ਵਾਲੇ ਵਿਕਾਸ ਕਾਰਜਾਂ ਬਾਰੇ ਸੁਝਾਅ ਲਏ। ਉਨ੍ਹਾਂ ਕਿਹਾ ਕਿ ਪਿੰਡਾਂ ਦਾ ਵਿਕਾਸ ਲੋਕਾਂ ਦੀਆਂ ਲੋੜਾਂ ਅਤੇ ਸਾਂਝੀ ਰਾਏ ਅਨੁਸਾਰ ਕੀਤਾ ਜਾਣਾ ਮਹੱਤਵਪੂਰਨ ਹੈ, ਤਾਂ ਜੋ ਵਿਕਾਸ ਕਾਰਜਾਂ ਦਾ ਲਾਭ ਹਰ ਵਰਗ ਤੱਕ ਪਹੁੰਚ ਸਕੇ। ਦੌਰੇ ਦੌਰਾਨ ਪਿੰਡਾਂ ਵਿੱਚ ਖੇਡਾਂ ਅਤੇ ਨੌਜਵਾਨਾਂ ਦੀ ਸਰੀਰਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਲਈ ਜਿਮ ਦੀਆਂ ਸਹੂਲਤਾਂ, ਲੋਕਾਂ ਨੂੰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਆਮ ਆਦਮੀ ਕਲੀਨਿਕਾਂ ਅਤੇ ਸਮਾਜਿਕ ਸਮਾਗਮਾਂ ਲਈ ਕਮਿਊਨਿਟੀ ਹਾਲਾਂ ਨਾਲ ਸਬੰਧਤ ਕਾਰਜਾਂ ਬਾਰੇ ਜਾਣਕਾਰੀ ਲਈ ਗਈ। ਇਸ ਤੋਂ ਇਲਾਵਾ ਸੀਵਰੇਜ ਪ੍ਰਬੰਧ, ਸੀ.ਸੀ.ਟੀ.ਵੀ. ਕੈਮਰੇ ਲਗਾਉਣ, ਸਟਰੀਟ ਲਾਈਟਾਂ ਅਤੇ ਪਾਰਕਾਂ ਦੇ ਵਿਕਾਸ ਵਰਗੇ ਅਹਿਮ ਮੁੱਦਿਆਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਓ.ਐਸ.ਡੀ. ਨੇ ਛੱਪੜਾਂ ਦੀ ਸਫ਼ਾਈ ਅਤੇ ਉਨ੍ਹਾਂ ਦੇ ਪਾਣੀ ਦੇ ਢੁਕਵੇਂ ਪ੍ਰਬੰਧਨ ਲਈ ਟਰੀਟਮੈਂਟ ਪਲਾਂਟਾਂ ਦੀ ਲੋੜ ਅਤੇ ਪੀਣ ਵਾਲੇ ਸਾਫ਼ ਪਾਣੀ ਦੀ ਸਪਲਾਈ ਨਾਲ ਸਬੰਧਤ ਮੁੱਦਿਆਂ ਬਾਰੇ ਵੀ ਪਿੰਡ ਵਾਸੀਆਂ ਤੋਂ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਕਿਹਾ ਕਿ ਸਾਫ਼-ਸੁਥਰਾ ਵਾਤਾਵਰਨ, ਸੁਚੱਜਾ ਪਾਣੀ ਨਿਕਾਸੀ ਪ੍ਰਬੰਧ ਅਤੇ ਪੀਣ ਵਾਲੇ ਸਾਫ਼ ਪਾਣੀ ਦੀ ਉਪਲਬਧਤਾ ਪਿੰਡਾਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣ ਲਈ ਅਹਿਮ ਹਨ। ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਪਿੰਡਾਂ ਵਿੱਚ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਣ ਲਈ ਲੋਕਾਂ ਨਾਲ ਸਿੱਧਾ ਸੰਪਰਕ ਕਰਨਾ ਅਤੇ ਉਨ੍ਹਾਂ ਦੀਆਂ ਲੋੜਾਂ ਨੂੰ ਸਮਝਣਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਵੱਲੋਂ ਦੱਸੀਆਂ ਗਈਆਂ ਮੰਗਾਂ ਅਤੇ ਸੁਝਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਕਾਸ ਕਾਰਜਾਂ ਸਬੰਧੀ ਲੋੜੀਂਦੀ ਜਾਣਕਾਰੀ ਇਕੱਠੀ ਕੀਤੀ ਜਾ ਰਹੀ ਹੈ, ਤਾਂ ਜੋ ਪਿੰਡਾਂ ਦੀਆਂ ਤਰਜੀਹਾਂ ਅਨੁਸਾਰ ਅਗਲੇਰੀ ਕਾਰਵਾਈ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਬਿਹਤਰ ਬੁਨਿਆਦੀ ਢਾਂਚਾ, ਸਿਹਤ ਸਹੂਲਤਾਂ, ਸਾਫ਼-ਸਫ਼ਾਈ, ਪੀਣ ਵਾਲੇ ਪਾਣੀ ਦੀ ਸਪਲਾਈ ਅਤੇ ਲੋਕਾਂ ਲਈ ਸਾਂਝੀਆਂ ਸਹੂਲਤਾਂ ਮੁਹੱਈਆ ਕਰਵਾਉਣਾ ਸਰਬਪੱਖੀ ਵਿਕਾਸ ਦਾ ਅਹਿਮ ਹਿੱਸਾ ਹੈ। ਸਰਕਾਰ ਵੱਲੋਂ ਪਿੰਡਾਂ ਦੇ ਵਿਕਾਸ ਲਈ ਕੀਤੇ ਜਾ ਰਹੇ ਯਤਨਾਂ ਦਾ ਮਕਸਦ ਲੋਕਾਂ ਨੂੰ ਉਨ੍ਹਾਂ ਦੇ ਆਪਣੇ ਪਿੰਡਾਂ ਵਿੱਚ ਹੀ ਬਿਹਤਰ ਸਹੂਲਤਾਂ ਪ੍ਰਦਾਨ ਕਰਨਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਲੋਕਾਂ ਦੀ ਭਾਗੀਦਾਰੀ ਨਾਲ ਵਿਕਾਸ ਕਾਰਜਾਂ ਦੀ ਯੋਜਨਾਬੰਦੀ ਕਰਨ ਨਾਲ ਪਿੰਡਾਂ ਦੀਆਂ ਅਸਲ ਲੋੜਾਂ ਨੂੰ ਸਮਝਣ ਅਤੇ ਉਨ੍ਹਾਂ ਅਨੁਸਾਰ ਕਾਰਜਾਂ ਨੂੰ ਤਰਜੀਹ ਦੇਣ ਵਿੱਚ ਮਦਦ ਮਿਲਦੀ ਹੈ। ਇਸ ਮੌਕੇ ਏ.ਡੀ.ਸੀ. ਸੁਖਚੈਨ ਸਿੰਘ, ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਰਛਪਾਲ ਸਿੰਘ ਭੁੱਲਰ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਅਮਰਦੀਪ ਸਿੰਘ ਧਾਂਦਰਾ, ਰੂਬਲ ਬਾਜਵਾ ਸਮੇਤ ਹੋਰ ਪਤਵੰਤੇ, ਸਬੰਧਤ ਅਧਿਕਾਰੀ ਅਤੇ ਪਿੰਡ ਵਾਸੀ ਮੌਜੂਦ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

**ਪਿੰਡ ਵਾਸੀਆਂ ਦੀ ਰਾਏ ਅਨੁਸਾਰ ਉਲੀਕੀ ਜਾ ਰਹੀ ਵਿਕਾਸ ਕਾਰਜਾਂ ਦੀ ਰੂਪ-ਰੇਖਾ: ਸੁਖਵੀਰ ਸਿੰਘ**

### ਕਿਸ਼ਾਊ ਡੈਮ ਅਤੇ ਉੱਪਰੀ ਯਮੁਨਾ ਦੀ ਨਵੀਂ ਵਿਵਸਥਾ ਵਿੱਚੋਂ ਪੰਜਾਬ ਨੂੰ ਬਾਹਰ ਰੱਖਣਾ ਗੰਭੀਰ ਸਵਾਲ ਖੜੇ ਕਰਦਾ ਹੈ — ਗਿਆਨੀ ਹਰਪ੍ਰੀਤ ਸਿੰਘ

# 1994 ਦੀ ਵਿਵਸਥਾ ਦੀ 2025 ਤੋਂ ਬਾਅਦ ਸਮੀਖਿਆ ਕਿਉਂ ਨਹੀਂ ? ਜਿਸ ਵਿੱਚ ਪੰਜਾਬ ਵੀ ਸ਼ਾਮਲ ਹੋਵੇ

**ਚੰਡੀਗੜ੍ਹ-: 17 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਕਿਸ਼ਾਊ ਬਹੁ-ਉਦੇਸ਼ੀ ਡੈਮ ਪ੍ਰੋਜੈਕਟ ਸਬੰਧੀ ਪੰਜਾਬ ਨੂੰ ਫ਼ੈਸਲਾ ਲੈਣ ਦੀ ਪ੍ਰਕਿਰਿਆ ਤੋਂ ਬਾਹਰ ਰੱਖੇ ਜਾਣ 'ਤੇ ਗੰਭੀਰ ਸਵਾਲ ਉਠਾਉਂਦਿਆਂ ਕਿਹਾ ਹੈ ਕਿ ਕੇਂਦਰ ਸਰਕਾਰ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਉੱਪਰੀ ਯਮੁਨਾ ਦੇ ਪਾਣੀਆਂ ਅਤੇ ਇਸ ਨਾਲ ਜੁੜੇ ਨਵੇਂ ਪ੍ਰੋਜੈਕਟਾਂ ਵਿੱਚ ਪੰਜਾਬ ਦੀ ਨੁਮਾਇੰਦਗੀ ਅਤੇ ਪੰਜਾਬ ਦੇ ਹਿੱਤਾਂ ਨੂੰ ਵਿਚਾਰਨ ਦੀ ਕੋਈ ਵਿਵਸਥਾ ਕਿਉਂ ਨਹੀਂ ਕੀਤੀ ਗਈ ? ਉਨ੍ਹਾਂ ਕਿਹਾ ਕਿ ਜਾਣਕਾਰੀ ਅਨੁਸਾਰ 15 ਸਤੰਬਰ 2026 ਨੂੰ ਕਿਸ਼ਾਊ ਬਹੁ-ਉਦੇਸ਼ੀ ਪ੍ਰੋਜੈਕਟ ਸਬੰਧੀ ਹਿਮਾਚਲ ਪ੍ਰਦੇਸ਼, ਉੱਤਰਾਖੰਡ, ਦਿੱਲੀ, ਉੱਤਰ ਪ੍ਰਦੇਸ਼, ਹਰਿਆਣਾ ਅਤੇ ਰਾਜਸਥਾਨ ਵੱਲੋਂ ਸਮਝੌਤਾ ਸਾਈਨ ਕੀਤਾ ਗਿਆ ਹੈ। ਇਹ ਪ੍ਰੋਜੈਕਟ ਟੌਂਸ ਨਦੀ 'ਤੇ ਬਣਾਇਆ ਜਾਣਾ ਹੈ, ਜੋ ਯਮੁਨਾ ਦੀ ਮਹੱਤਵਪੂਰਨ ਸਹਾਇਕ ਨਦੀ ਹੈ। ਕੇਂਦਰ ਦੇ ਨੱਬੇ ਫੀਸਦੀ ਖਰਚੇ ਨਾਲ ਬਣਨ ਵਾਲੇ ਇਸ ਪ੍ਰੋਜੈਕਟ ਵਿੱਚ ਲਗਭਗ 1,562 ਮਿਲੀਅਨ ਘਣ ਮੀਟਰ ਪਾਣੀ ਦੀ ਸਟੋਰੇਜ ਸਮਰੱਥਾ ਹੋਵੇਗੀ ਅਤੇ ਇਸ ਨਾਲ ਸਿੰਚਾਈ, ਪੀਣ ਵਾਲੇ ਪਾਣੀ ਅਤੇ ਬਿਜਲੀ ਉਤਪਾਦਨ ਦੇ ਲਾਭ ਸੰਬੰਧਿਤ ਰਾਜਾਂ ਨੂੰ ਮਿਲਣੇ ਹਨ। ਪੰਜਾਬ ਨੂੰ ਇਸ ਸਮਝੌਤੇ ਵਿੱਚ ਸ਼ਾਮਲ ਛੇ ਰਾਜਾਂ ਵਿੱਚ ਸ਼ੁਮਾਰ ਨਹੀਂ ਕੀਤਾ ਗਿਆ। ਜਦਕਿ ਪੰਜਾਬ ਦੇ ਪਾਣੀਆਂ 'ਤੇ ਹਰਿਆਣਾ ਅਤੇ ਰਾਜਸਥਾਨ ਦਾ ਦਾਅਵਾ ਲਗਤਾਰ ਬਰਕਰਾਰ ਰੱਖਿਆ ਜਾ ਰਿਹਾ ਹੈ।

ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਪੰਜਾਬ ਕਿਸੇ ਹੋਰ ਰਾਜ ਦੇ ਮੌਜੂਦਾ ਕਾਨੂੰਨੀ ਹੱਕ ਖੋਹਣ ਦੀ ਮੰਗ ਨਹੀਂ ਕਰ ਰਿਹਾ, ਪਰ ਇਹ ਸਵਾਲ ਜ਼ਰੂਰ ਪੁੱਛਣਾ ਬਣਦਾ ਹੈ ਕਿ ਉੱਪਰੀ ਯਮੁਨਾ ਦੀ 1994 ਦੀ ਵਿਵਸਥਾ ਵਿੱਚ ਹਿਮਾਚਲ ਪ੍ਰਦੇਸ਼ ਨੂੰ ਸਹਿ-ਬੇਸਿਨ ਰਾਜ ਵਜੋਂ ਸ਼ਾਮਲ ਕਰਕੇ 0.378 ਬਿਲੀਅਨ ਘਣ ਮੀਟਰ ਪਾਣੀ ਦੀ ਸਾਲਾਨਾ ਵੰਡ ਕੀਤੀ ਜਾ ਸਕਦੀ ਹੈ, ਤਾਂ ਪੰਜਾਬ ਨੂੰ ਉੱਪਰੀ ਯਮੁਨਾ ਨਾਲ ਜੁੜੇ ਨਵੇਂ ਸਟੋਰੇਜ ਪ੍ਰੋਜੈਕਟਾਂ ਬਾਰੇ ਆਪਣਾ ਪੱਖ ਰੱਖਣ ਦਾ ਮੌਕਾ ਕਿਉਂ ਨਹੀਂ ਦਿੱਤਾ ਗਿਆ ? 1994 ਦੇ ਸਮਝੌਤੇ ਵਿੱਚ ਹਰਿਆਣਾ ਲਈ 5.730 23$, ਉੱਤਰ ਪ੍ਰਦੇਸ਼ ਲਈ 4.032 23$, ਰਾਜਸਥਾਨ ਲਈ 1.119 23$, ਹਿਮਾਚਲ ਪ੍ਰਦੇਸ਼ ਲਈ 0.378 23$ ਅਤੇ ਦਿੱਲੀ ਲਈ 0.724 23$ ਦੀ ਵੰਡ ਦਰਜ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਇੱਕ ਹੋਰ ਬਹੁਤ ਮਹੱਤਵਪੂਰਨ ਤੱਥ ਸਾਹਮਣੇ ਆਉਂਦਾ ਹੈ। 1994 ਦੇ ਉੱਪਰੀ ਯਮੁਨਾ ਸਮਝੌਤੇ ਵਿੱਚ ਖੁਦ ਇਹ ਲਿਖਿਆ ਗਿਆ ਹੈ ਕਿ ਜੇਕਰ ਕਿਸੇ ਬੇਸਿਨ ਰਾਜ ਵੱਲੋਂ ਮੰਗ ਕੀਤੀ ਜਾਵੇ ਤਾਂ ਇਸ ਸਮਝੌਤੇ ਦੀ 2025 ਤੋਂ ਬਾਅਦ ਸਮੀਖਿਆ ਕੀਤੀ ਜਾ ਸਕਦੀ ਹੈ। ਹੁਣ 2026 ਚੱਲ ਰਿਹਾ ਹੈ। ਇਸ ਲਈ ਕੇਂਦਰ ਸਰਕਾਰ ਨੂੰ ਦੱਸਣਾ ਚਾਹੀਦਾ ਹੈ ਕਿ 2025 ਤੋਂ ਬਾਅਦ ਇਸ ਵਿਵਸਥਾ ਦੀ ਸਮੀਖਿਆ ਕੀਤੀ ਗਈ ਹੈ ਜਾਂ ਨਹੀਂ ਅਤੇ ਜੇ ਨਹੀਂ ਕੀਤੀ ਗਈ ਤਾਂ ਇਸ ਦਾ ਕਾਰਨ ਕੀ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਪੰਜਾਬ ਦਾ ਸਵਾਲ ਇਹ ਵੀ ਹੈ ਕਿ ਉੱਪਰੀ ਯਮੁਨਾ ਵਿੱਚ ਰਾਜਾਂ ਦੀ ਭੂਮਿਕਾ ਨਿਰਧਾਰਤ ਕਰਨ ਲਈ ਸਿਰਫ਼ ਮੌਜੂਦਾ ਰਿਪੇਰੀਅਨ ਸਥਿਤੀ ਹੀ ਮਾਪਦੰਡ ਹੈ ਜਾਂ ਬੇਸਿਨ, ਇਤਿਹਾਸਕ, ਪ੍ਰਸ਼ਾਸਕੀ ਅਤੇ ਅੰਤਰ-ਰਾਜੀ ਸਬੰਧਾਂ ਨੂੰ ਵੀ ਵਿਚਾਰਿਆ ਜਾਂਦਾ ਹੈ। ਕਿਉਂਕਿ ਰਾਇਪੇਰੀਅਨ ਨਾ ਹੋਣ ਦੇ ਬਾਵਜੂਦ ਹਿਮਾਚਲ ਪ੍ਰਦੇਸ਼ ਨੂੰ ਲਾਭਾਰਥੀ ਵਜੋਂ ਇਸ ਸਮਝੌਤੇ ਵਿੱਚ ਸ਼ਾਮਲ ਕੀਤਾ ਗਿਆ ਹੈ। ਇਸ ਲਈ ਪੰਜਾਬ ਨੂੰ ਇਹ ਸਪੱਸ਼ਟ ਕੀਤਾ ਜਾਣਾ ਚਾਹੀਦਾ ਹੈ ਕਿ ਪੰਜਾਬ ਨੂੰ ਉੱਪਰੀ ਯਮੁਨਾ ਦੀ ਫ਼ੈਸਲਾ ਲੈਣ ਵਾਲੀ ਵਿਵਸਥਾ ਵਿੱਚ ਸ਼ਾਮਲ ਨਾ ਕਰਨ ਦਾ ਸਹੀ ਭੂਗੋਲਿਕ ਅਤੇ ਕਾਨੂੰਨੀ ਮਾਪਦੰਡ ਕੀ ਹੈ। ਉਨ੍ਹਾਂ ਕਿਹਾ ਕਿ ਦੂਜੇ ਪਾਸੇ ਰਾਵੀ-ਬਿਆਸ ਦੇ ਪਾਣੀਆਂ ਸਬੰਧੀ ਇਤਿਹਾਸਕ ਵਿਵਸਥਾਵਾਂ ਇਹ ਦਰਸਾਉਂਦੀਆਂ ਹਨ ਕਿ ਅੰਤਰ-ਰਾਜੀ ਦਰਿਆਈ ਪਾਣੀਆਂ ਦੀ ਵੰਡ ਸਿਰਫ਼ ਮੌਜੂਦਾ ਦਰਿਆਈ ਹੱਦਾਂ ਦੇ ਆਧਾਰ 'ਤੇ ਨਹੀਂ ਹੋਈ। ਕੇਂਦਰ ਸਰਕਾਰ ਦੇ ਅਧਿਕਾਰਤ ਅੰਕੜਿਆਂ ਅਨੁਸਾਰ 1981 ਦੀ ਵਿਵਸਥਾ ਵਿੱਚ 17.17 $16 ਸਰਪਲੱਸ ਰਾਵੀ-ਬਿਆਸ ਪਾਣੀ ਵਿੱਚੋਂ ਪੰਜਾਬ ਨੂੰ 4.22 $16, ਹਰਿਆਣਾ ਨੂੰ 3.50 $16, ਰਾਜਸਥਾਨ ਨੂੰ 8.60 $16, ਦਿੱਲੀ ਨੂੰ 0.20 $16 ਅਤੇ ਜੰਮੂ-ਕਸ਼ਮੀਰ ਨੂੰ 0.65 $16 ਦੀ ਵੰਡ ਦਰਜ ਕੀਤੀ ਗਈ ਸੀ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਹਰਿਆਣਾ ਦੀ ਰਾਵੀ-ਬਿਆਸ ਸਬੰਧੀ ਹਿੱਸੇਦਾਰੀ ਨੂੰ ਪੰਜਾਬ ਪੁਨਰਗਠਨ ਤੋਂ ਬਾਅਦ ਬਣੇ ਕਾਨੂੰਨੀ ਅਤੇ ਅੰਤਰ-ਰਾਜੀ ਪ੍ਰਬੰਧਾਂ ਦੇ ਸੰਦਰਭ ਵਿੱਚ ਦੇਖਿਆ ਗਿਆ ਹੈ। ਇਸ ਲਈ ਪੰਜਾਬ ਇਹ ਪੁੱਛਣ ਦਾ ਹੱਕ ਰੱਖਦਾ ਹੈ ਕਿ ਜਦੋਂ ਇੱਕ ਦਰਿਆਈ ਪ੍ਰਣਾਲੀ ਵਿੱਚ ਇਤਿਹਾਸਕ ਅਤੇ ਪੁਨਰਗਠਨ ਨਾਲ ਜੁੜੇ ਤੱਥਾਂ ਨੂੰ ਵਿਚਾਰਿਆ ਜਾ ਸਕਦਾ ਹੈ ਤਾਂ ਦੂਜੀ ਦਰਿਆਈ ਪ੍ਰਣਾਲੀ ਵਿੱਚ ਬੇਸਿਨ ਸਬੰਧਾਂ ਨੂੰ ਵਿਚਾਰਨ ਤੋਂ ਇਨਕਾਰ ਕਿਉਂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਸੰਦਰਭ ਵਿੱਚ ਇੱਕ ਹੋਰ ਮਹੱਤਵਪੂਰਨ ਗੱਲ ਇਹ ਹੈ ਕਿ ਜੂਨ 2026 ਵਿੱਚ ਕੇਂਦਰ ਸਰਕਾਰ ਦੀ ਅਗਵਾਈ ਹੇਠ ਹੋਈ ਸਹਿਮਤੀ ਵਿੱਚ ਹਿਮਾਚਲ ਪ੍ਰਦੇਸ਼ ਦੇ ਪਾਣੀ ਦੇ ਹਿੱਸੇ ਨੂੰ ਦਿੱਲੀ ਅਤੇ ਰਾਜਸਥਾਨ ਨੂੰ ਦੇਣ ਅਤੇ ਇਸ ਦੇ ਬਦਲੇ ਹਿਮਾਚਲ ਪ੍ਰਦੇਸ਼ ਦੇ ਪਾਵਰ ਕੰਪੋਨੈਂਟ ਦੀ ਲਾਗਤ ਦੇਣ ਦੀ ਵਿਵਸਥਾ 'ਤੇ ਸਹਿਮਤੀ ਬਣੀ ਸੀ। ਇਸ ਤੋਂ ਇਹ ਸਪੱਸ਼ਟ ਹੁੰਦਾ ਹੈ ਕਿ ਯਮੁਨਾ ਬੇਸਿਨ ਵਿੱਚ ਪਾਣੀ ਅਤੇ ਪ੍ਰੋਜੈਕਟ ਦੀ ਲਾਗਤ ਸਬੰਧੀ ਅੰਤਰ-ਰਾਜੀ ਵਿਵਸਥਾਵਾਂ ਆਪਸੀ ਸਹਿਮਤੀ ਨਾਲ ਬਦਲੀਆਂ ਅਤੇ ਤੈਅ ਕੀਤੀਆਂ ਜਾ ਸਕਦੀਆਂ ਹਨ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਜਦੋਂ ਹਿਮਾਚਲ ਪ੍ਰਦੇਸ਼ ਦੇ ਪਾਣੀ ਦੇ ਹਿੱਸੇ ਦੀ ਵਰਤੋਂ ਦਿੱਲੀ ਅਤੇ ਰਾਜਸਥਾਨ ਲਈ ਕਰਨ ਦੀ ਵਿਵਸਥਾ ਬਣ ਸਕਦੀ ਹੈ, ਤਾਂ ਪੰਜਾਬ ਦੇ ਹਿੱਤਾਂ ਨੂੰ ਵਿਚਾਰਨ ਲਈ ਪੰਜਾਬ ਨੂੰ ਮੇਜ਼ 'ਤੇ ਬਿਠਾਉਣ ਵਿੱਚ ਕੀ ਮੁਸ਼ਕਲ ਹੈ ? ਪੰਜਾਬ ਸਿਰਫ਼ ਇਹ ਮੰਗ ਕਰਦਾ ਹੈ ਕਿ ਜਿੱਥੇ ਨਵੇਂ ਸਟੋਰੇਜ ਪ੍ਰੋਜੈਕਟ ਭਵਿੱਖ ਦੇ ਦਰਿਆਈ ਪਾਣੀਆਂ ਦੇ ਪ੍ਰਬੰਧ ਨੂੰ ਪ੍ਰਭਾਵਿਤ ਕਰ ਰਹੇ ਹਨ, ਉੱਥੇ ਪੰਜਾਬ ਦੀ ਆਵਾਜ਼ ਵੀ ਸੁਣੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜੇਕਰ 1994 ਦਾ ਉੱਪਰੀ ਯਮੁਨਾ ਸਮਝੌਤਾ 2025 ਤੋਂ ਬਾਅਦ ਸਮੀਖਿਆ ਲਈ ਖੁੱਲ੍ਹਾ ਹੈ, ਤਾਂ ਕੇਂਦਰ ਸਰਕਾਰ ਨੂੰ ਇਸ ਦੀ ਸਮੀਖਿਆ ਦੀ ਪ੍ਰਕਿਰਿਆ ਜਨਤਕ ਕਰਨੀ ਚਾਹੀਦੀ ਹੈ ਅਤੇ ਪੰਜਾਬ ਦੇ ਪ੍ਰਤੀਨਿਧੀਆਂ ਨੂੰ ਵੀ ਆਪਣਾ ਪੱਖ ਰੱਖਣ ਦਾ ਮੌਕਾ ਦੇਣਾ ਚਾਹੀਦਾ ਹੈ। ਪੰਜਾਬ ਦੀ ਸਰਕਾਰ ਨੂੰ ਇਹ ਮੰਗ ਜ਼ੋਰਦਾਰ ਢੰਗ ਨਾਲ ਉਠਾਉਣੀ ਚਾਹੀਦੀ ਹੈ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਪੰਜਾਬ ਨੂੰ ਉੱਪਰੀ ਯਮੁਨਾ ਨਾਲ ਸਬੰਧਤ ਭਵਿੱਖੀ ਨੀਤੀ, ਨਵੇਂ ਸਟੋਰੇਜ ਪ੍ਰੋਜੈਕਟਾਂ ਅਤੇ ਪਾਣੀ ਦੀ ਵੰਡ ਬਾਰੇ ਵਿਚਾਰ-ਵਟਾਂਦਰੇ ਵਿੱਚ ਆਪਣਾ ਪੱਖ ਰੱਖਣ ਲਈ ਅਧਿਕਾਰਤ ਮੌਕਾ ਦਿੱਤਾ ਜਾਵੇ। ਕਿਉਂਕਿ ਪੰਜਾਬ ਦੇ ਹੱਕਾਂ ਅਤੇ ਹਿੱਤਾਂ ਨੂੰ ਕਿਸੇ ਵੀ ਨਵੇਂ ਦਰਿਆਈ ਪ੍ਰਬੰਧ ਵਿੱਚ ਬਿਨਾਂ ਸੁਣੇ ਖਤਮ ਮੰਨ ਲੈਣਾ ਕਬੂਲ ਨਹੀਂ ਕੀਤਾ ਜਾ ਸਕਦਾ। ਦਰਿਆਈ ਪਾਣੀਆਂ ਦੇ ਮਾਮਲੇ ਵਿੱਚ ਮਾਪਦੰਡ ਇੱਕੋ ਜਿਹੇ, ਪਾਰਦਰਸ਼ੀ ਅਤੇ ਨਿਆਂਸੰਗਤ ਹੋਣੇ ਚਾਹੀਦੇ ਹਨ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ. ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।



ਆਵਾਜ਼ਿ ਕੌਮ AWAZE QAUM International Newspaper & WEB TV

# ਸਰਕਾਰ ਵੱਲੋਂ ਲੋਕਾਂ ਨੂੰ ਬਿਜਲੀ ਕੱਟਾਂ ਤੋਂ ਬਚਾਉਣ ਲਈ ਕੋਈ ਪੁਖਤਾ ਪ੍ਰਬੰਧ ਨਹੀਂ ਕੀਤੇ ਜਾ ਰਹੇ: ਰੰਧਾਵਾ ਕਾਤਰੋਂ


**ਧੂਰੀ ( ਰਣਜੀਤ ਸਿੰਘ ਪੇਧਨੀ )**-ਪਿਛਲੇ ਕਈ ਦਿਨਾਂ ਤੋਂ ਬਿਜਲੀ ਦੇ ਕੱਟਾਂ ਦੇ ਕਾਰਨ ਜਿੱਥੇ ਲੋਕਾਂ ਦਾ ਕੰਮ ਕਾਜ ਪ੍ਰਭਾਵਿਤ ਹੋ ਰਿਹਾ ਹੈ, ਉੱਥੇ ਹੀ ਸਕੂਲੀ ਵਿਦਿਆਰਥੀਆਂ ਦੀ ਪੜ੍ਹਾਈ ਉੱਤੇ ਇਹਨਾਂ ਕੱਟਾਂ ਦਾ ਕਾਫੀ ਜਿਆਦਾ ਅਸਰ ਪੈ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਸ੍ਰੋਮਣੀ ਅਕਾਲੀ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਕੀਤਾ। ਉਨ੍ਹਾਂ ਕਿਹਾ ਕਿ ਇੱਕ ਪਾਸੇ ਪੰਜਾਬ ਸਰਕਾਰ ਸਰਪਲੱਸ ਬਿਜਲੀ ਸੂਬਾ ਹੋਣ ਦਾ ਦਾਅਵਾ ਕਰ ਰਹੀ ਹੈ, ਦੂਜੇ ਪਾਸੇ ਰੋਜ਼ਾਨਾ ਵੱਡੇ ਬਿਜਲੀ ਕੱਟ ਲਗਾ ਕੇ ਲੋਕਾਂ ਨੂੰ ਪਰੇਸ਼ਾਨ ਕੀਤਾ ਜਾ ਰਿਹਾ ਹੈ। ਪੰਜਾਬ ਅੰਦਰ ਬਿਜਲੀ ਸੰਕਟ ਦਿਨੋ ਦਿਨ ਗੰਭੀਰ ਪੈਦਾ ਜਾ ਰਹਾ ਸੂਬੇ ਅੰਦਰ ਲੰਬੇ ਬਿਜਲੀ ਦੇ ਕੱਟ ਲੱਗ ਰਹੇ ਹਨ ਪਰ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਨੂੰ ਬਿਜਲੀ ਕੱਟ ਤੋਂ ਬਚਾਉਣ ਲਈ ਕੋਈ ਪੁਖਤਾ ਪ੍ਰਬੰਧ ਨਹੀਂ ਕੀਤੇ ਜਾ ਰਹੇ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਲੋਕਾਂ ਵੱਲੋਂ ਆਮ ਆਦਮੀ ਪਾਰਟੀ ਦੀ ਪਾਰਟੀ ਨੂੰ ਨਕਾਰ ਦਿੱਤਾ ਜਾਵੇਗਾ, ਕਿਉਂਕਿ ਹੁਣ ਤੱਕ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਨੂੰ ਸਿਰਫ ਗੁਮਰਾਹ ਹੀ ਕੀਤਾ ਹੈ ਅਤੇ ਵਿਕਾਸ ਦੇ ਵੱਡੇ ਵੱਡੇ ਦਾਅਵੇ ਕਰਨ ਵਾਲੀ ਸਰਕਾਰ ਦੇ ਦਾਅਵੇ ਖੋਖਲੇ ਨਜ਼ਰ ਆਉਂਦੇ ਹਨ। ਉਹਨਾਂ ਕਿਹਾ ਕਿ ਸਰਕਾਰ ਨੇ ਨਾ ਤਾਂ ਕਿਸਾਨਾਂ ਨਾਲ ਕੀਤੇ ਵਾਅਦੇ ਪੂਰੇ ਕੀਤੇ ਹਨ ਅਤੇ ਨਾ ਹੀ ਮੁਲਾਜ਼ਮਾਂ ਨਾਲ ਕੀਤਾ ਇੱਕ ਵੀ ਵਾਅਦਾ ਹੁਣ ਤੱਕ ਸਿਰੇ ਚੜ੍ਹਿਆ ਹੈ। ਪੰਜਾਬ ਦਿਨੋਂ ਦਿਨ ਵੱਧਦੇ ਕਰਜੇ ਦੇ ਬੋਝ ਹੇਠ ਦੱਬਦਾ ਜਾ ਰਿਹਾ ਅਤੇ ਸਰਕਾਰ ਸਿਰਫ ਇਸ਼ਿਤਹਾਰ ਦਿਖਾ ਕੇ ਡੰਗ ਟਪਾ ਰਹੀ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

# ਪਦਮ ਅਵਾਰਡਾਂ ਦੀ ਚੋਣ ਪ੍ਰਕਿਰਿਆ ਚ ਗੜਬੜੀ ਦੇ ਇਲਜ਼ਾਮ, 2013 ਤੋਂ 2027 ਤੱਕ ਦੇ ਮਾਮਲਿਆਂ ਦੀ ਉੱਚ ਪੱਧਰੀ ਨਿਰਪੱਖ ਜਾਂਚ ਦੀ ਮੰਗ—ਪੀ.ਸੀ ਕੁਮਾਰ

ਫ਼ਿਰੋਜ਼ਪੁਰ, 17 ਸਤੰਬਰ (ਮਨੋਹਰ ਲਾਲ) :— ਪਦਮ ਐਵਾਰਡਾਂ ਦੀ ਚੋਣ ਪ੍ਰਕਿਰਿਆ ਵਿਚ ਗੜਬੜੀ ਹੋਣ ਦੇ ਇਲਜਾਮ ਲਗਾਉਂਦਿਆਂ ਪੀ.ਸੀ ਕੁਮਾਰ ਸਮਾਜ ਸੇਵਕ ਨੇ ਕਿਹਾ ਕਿ ਸਾਲ 2013 ਤੋਂ 2027 ਤੱਕ ਦੇ ਮਾਮਲਿਆਂ ਦੀ ਉੱਚ ਪੱਧਰੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ ਤਾਂ ਜੋ ਐਵਾਰਡ ਦੇਣ ਵਿਚ ਹੋਈਆਂ ਧਾਂਦਲੀਆਂ ਜੱਗ ਜ਼ਾਹਿਰ ਹੋ ਸਕਣ। ਉਨ੍ਹਾਂ ਚੋਣ ਪ੍ਰਣਾਲੀ ਤੇ ਸਵਾਲ ਚੁੱਕਦਿਆਂ ਕਿਹਾ ਕਿ ਆਨਲਾਈਨ ਪ੍ਰਵਾਨ ਹੋਈਆਂ ਅਤੇ ਉਚਿਤ ਮਾਧਿਅਮ ਰਾਹੀਂ ਭੇਜੀਆਂ ਨਾਮਜ਼ਦਗੀਆਂ ਨੂੰ ਜ਼ਿਲ੍ਹਾ ਜਾਂ ਵਿਭਾਗੀ ਪੱਧਰ ਤੇ ਰੋਕਣ ਦੇ ਅਧਿਕਾਰਤ ਨਿਯਮਾਂ ਦੀ ਸਪੱਸ਼ਟਤਾ ਮੰਗੀ। ਉਨ੍ਹਾਂ ਕਿਹਾ ਕਿ ਪਿਛਲੇ ਅਤੇ ਅਗਲੇ ਸਾਲਾਂ ਦੀਆਂ ਨਾਮਜ਼ਦਗੀਆਂ ਦੀ ਨਿਰਪੱਖ ਜਾਂਚ ਕਰਵਾ ਕੇ ਸਥਿਤੀ ਸਪੱਸ਼ਟ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਮਕਸਦ ਕਿਸੇ ਵਿਅਕਤੀਗਤ ਇਨਾਮ ਲਈ ਨਹੀਂ, ਬਲਕਿ ਸਿਸਟਮ ਵਿੱਚ ਪਾਰਦਰਸ਼ਤਾ, ਨਿਆਂ ਅਤੇ ਸਭ ਲਈ ਸਮਾਨ ਮੌਕੇ ਯਕੀਨੀ ਬਣਾਉਣਾ ਹੈ।



ਗੱਲਬਾਤ ਕਰਦਿਆਂ ਪੀ.ਸੀ ਕੁਮਾਰ ਨੇ ਪਦਮ ਅਵਾਰਡ ਚੋਣ ਪ੍ਰਕਿਰਿਆ ਚ ਪਾਰਦਰਸ਼ਤਾ ਲਈ ਪ੍ਰਤੀਨਿਧਤਾ ਪੱਤਰ ਪੇਸ਼, ਲਿਖਤੀ ਕਾਰਨ ਅਤੇ ਨਿਯਮ ਜਨਤਕ ਕਰਨ ਦੀ ਮੰਗ ਕੀਤੀ ਅਤੇ ਕਿਹਾ ਕਿ ਪਦਮ ਪੁਰਸਕਾਰਾਂ ਦੀ ਚੋਣ ਪ੍ਰਕਿਰਿਆ ਨੂੰ ਪਾਰਦਰਸ਼ੀ, ਨਿਆਂਪੂਰਨ ਅਤੇ ਨਿਰਪੱਖ ਬਣਾਉਣ ਦੇ ਮਕਸਦ ਨਾਲ ਇੱਕ ਵਿਸ਼ੇਸ਼ ਪ੍ਰਤੀਨਿਧਤਾ ਪੱਤਰ ਪੇਸ਼ ਕੀਤਾ ਗਿਆ ਹੈ ਅਤੇ ਪੱਤਰ ਵਿੱਚ ਸਪੱਸ਼ਟ ਕੀਤਾ ਗਿਆ ਹੈ ਕਿ ਇਹ ਮੰਗ ਕਿਸੇ ਨਿੱਜੀ ਲਾਭ ਜਾਂ ਇਨਾਮ ਲਈ ਨਹੀਂ, ਸਗੋਂ ਸਰਕਾਰੀ ਪ੍ਰਣਾਲੀ ਵਿੱਚ ਸੁਧਾਰ ਅਤੇ ਸਾਰੇ ਯੋਗ ਦਾਅਵੇਦਾਰਾਂ ਨੂੰ ਸਮਾਨ ਅਵਸਰ ਦਿਵਾਉਣ ਲਈ ਉਠਾਈ ਗਈ ਹੈ। ਉਨ੍ਹਾਂ ਕਿਹਾ ਕਿ ਪ੍ਰਤੀਨਿਧਤਾ ਵਿੱਚ ਪ੍ਰਮੁੱਖ ਤੌਰ ਤੇ ਇਹ ਸਵਾਲ ਚੁੱਕਿਆ ਗਿਆ ਹੈ ਕਿ ਜਦੋਂ ਕਿਸੇ ਯੋਗ ਵਿਅਕਤੀ ਦੀ ਆਨਲਾਈਨ ਨਾਮਜ਼ਦਗੀ ਸਮੇਂ ਸਿਰ ਪ੍ਰਵਾਨ ਹੋ ਜਾਂਦੀ ਹੈ ਅਤੇ ਸਬੰਧਤ ਦਸਤਾਵੇਜ਼ ਵਿਭਾਗੀ ਚੈਨਲ ਰਾਹੀਂ ਭੇਜ ਦਿੱਤੇ ਜਾਂਦੇ ਹਨ ਤਾਂ ਕਿਸ ਨਿਯਮ ਜਾਂ ਧਾਰਾ ਅਧੀਨ ਉਸ ਮਾਮਲੇ ਨੂੰ ਜ਼ਿਲ੍ਹਾ ਜਾਂ ਰਾਜ ਪੱਧਰ ਤੇ ਅੱਗੇ ਭੇਜਣ ਤੋਂ ਰੋਕਿਆ ਜਾਂਦਾ ਹੈ ਜੇਕਰ ਅਜਿਹਾ ਕੋਈ ਲਿਖਤੀ ਰੋਕੂ ਨਿਯਮ ਨਹੀਂ ਹੈ ਤਾਂ ਬਿਨਾਂ ਕਾਰਨ ਨਾਮਜ਼ਦਗੀ ਰੋਕਣਾ ਪਾਰਦਰਸ਼ਤਾ ਦੇ ਸਿਧਾਂਤਾਂ ਦੇ ਖ਼ਿਲਾਫ਼ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਗੱਲਬਾਤ ਕਰਦਿਆਂ ਪੀ.ਸੀ ਕੁਮਾਰ ਨੇ ਕਿਹਾ ਕਿ ਪ੍ਰਤੀਨਿਧਤਾ ਪੱਤਰ ਵਿੱਚ ਰੱਖੀਆਂ ਗਈਆਂ ਪ੍ਰਮੁੱਖ ਮੰਗਾਂ ਜਿਵੇਂ ਸਾਲ 2013 ਤੋਂ 2027 ਤੱਕ ਪੇਸ਼ ਕੀਤੇ ਗਏ ਅਵਾਰਡ ਮਾਮਲਿਆਂ ਤੇ ਪ੍ਰਤੀਨਿਧਤਾਵਾਂ ਦੀ ਇੱਕ ਸੁਤੰਤਰ ਅਤੇ ਨਿਰਪੱਖ ਜਾਂਚ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਇਹ ਪਤਾ ਲਗਾਇਆ ਜਾਵੇ ਕਿ ਕਿਹੜੀਆਂ ਨਾਮਜ਼ਦਗੀਆਂ ਆਨਲਾਈਨ ਹੋਈਆਂ, ਕਿਹੜੀਆਂ ਪ੍ਰੋਪਰ ਚੈਨਲ ਅੱਗੇ ਗਈਆਂ ਅਤੇ ਕਿਹੜੀਆਂ ਜ਼ਿਲ੍ਹਾ ਜਾਂ ਰਾਜ ਪੱਧਰ ਤੇ ਰੋਕੀਆਂ ਗਈਆਂ ਅਤੇ ਰੋਕੇ ਗਏ ਮਾਮਲਿਆਂ ਦੇ ਲਿਖਤੀ ਕਾਰਨ ਅਤੇ ਲਾਗੂ ਮੈਨੂਅਲ ਤੇ ਨਿਯਮ ਦੀ ਧਾਰਾ ਦਰਜ ਕਰਕੇ ਜਾਣਕਾਰੀ ਦਿੱਤੀ ਜਾਵੇ ਤਾਂ ਜੋ ਆਮ ਲੋਕਾਂ ਨੂੰ ਇਲਮ ਹੋ ਸਕੇ ਕਿ ਕਿਸ ਐਵਾਰਡ ਲਈ ਕਿਵੇਂ ਅਪਲਾਈ ਕਰਨਾ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਅਵਾਰਡ ਮਿਲਣ ਜਾਂ ਨਾ ਮਿਲਣ ਦੇ ਆਧਾਰ ਤੇ ਕਿਸੇ ਦਾਅਵੇਦਾਰ ਨੂੰ ਅਗਲੀ ਵਿਚਾਰਧਾਰਾ ਤੋਂ ਬਿਨਾਂ ਸਪੱਸ਼ਟ ਨਿਯਮ ਬਾਹਰ ਨਾ ਕੀਤਾ ਜਾਵੇ ਅਤੇ ਹਾਰਡ ਕਾਪੀ ਰਿਕਾਰਡ, ਪ੍ਰਾਪਤੀ ਰਸੀਦਾਂ, ਆਨ—ਲਾਈਨ ਅਸੈਪਟ ਅਤੇ ਥਰੂ ਪ੍ਰੋਪਰ ਚੈਨਲ ਦਸਤਾਵੇਜ਼ਾਂ ਨੂੰ ਪੂਰੇ ਰਿਕਾਰਡ ਦਾ ਅਧਿਕਾਰਤ ਹਿੱਸਾ ਮੰਨਿਆ ਜਾਵੇ। ਉਨ੍ਹਾਂ ਕਿਹਾ ਕਿ ਸਾਰੇ ਮਾਮਲਿਆਂ ਦੀ ਛਾਂਟੀ ਸਿਫ਼ਾਰਸ਼ ਅੱਗੇ ਭੇਜਣ ਅਤੇ ਅੰਤਿਮ ਫੈਸਲੇ ਦੀ ਸਥਿਤੀ ਬਾਰੇ ਜਾਣਕਾਰੀ ਦਿੱਤੀ ਜਾਵੇ ਤਾਂ ਜੋ ਇਸ ਵਿਚ ਹੋਰ ਪਾਰਦਰਸ਼ਤਾ ਲਿਆਂਦੀ ਜਾ ਸਕੇ।

# ਡਾ. ਬਲਜੀਤ ਕੌਰ ਦੀ ਅਗਵਾਈ ਹੇਠ ਕਾਨੂੰਨੀ ਵਿਵਾਦਾਂ ਵਿੱਚ ਫਸੇ ਬੱਚਿਆਂ ਨੂੰ ਹੁਨਰਮੰਦ ਬਣਾਉਣ ਵੱਲ ਪੰਜਾਬ ਸਰਕਾਰ ਦਾ ਅਹਿਮ ਉਪਰਾਲਾ

**ਹੁਸ਼ਿਆਰਪੁਰ, 17 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜੁਵੇਨਾਇਲ ਜਸਟਿਸ ਐਕਟ ਅਧੀਨ ਰਜਿਸਟਰਡ ਹੋਮਾਂ ਵਿੱਚ ਰਹਿ ਰਹੇ ਬੱਚਿਆਂ ਨੂੰ ਸਿੱਖਿਆ, ਹੁਨਰ ਅਤੇ ਬਿਹਤਰ ਭਵਿੱਖ ਦੇ ਮੌਕੇ ਪ੍ਰਦਾਨ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਦਿਸ਼ਾ ਵਿੱਚ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੀ ਅਗਵਾਈ ਹੇਠ ਸਕਿੱਲ ਡਿਵੈਲਪਮੈਂਟ ਅਤੇ ਵੋਕੇਸ਼ਨਲ ਟ੍ਰੇਨਿੰਗ ਪ੍ਰੋਗਰਾਮ ਲਾਗੂ ਕੀਤੇ ਜਾ ਰਹੇ ਹਨ। ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀ ਇਸ ਵਿਸ਼ੇਸ਼ ਪਹਿਲਕਦਮੀ ਤਹਿਤ ਹੁਸ਼ਿਆਰਪੁਰ ਦੇ ਸਪੈਸ਼ਲ ਹੋਮ ਅਤੇ ਆਬਜ਼ਰਵੇਸ਼ਨ ਹੋਮ ਵਿੱਚ ਰਹਿ ਰਹੇ 48 ਬੱਚਿਆਂ ਨੇ ਸਫਲਤਾਪੂਰਵਕ ਰੋਜ਼ਗਾਰਮੁਖੀ ਸਕਿੱਲ ਡਿਵੈਲਪਮੈਂਟ ਕੋਰਸ ਪੂਰੇ ਕੀਤੇ ਹਨ। ਸਪੈਸ਼ਲ ਹੋਮ, ਹੁਸ਼ਿਆਰਪੁਰ ਦੇ 25 ਬੱਚਿਆਂ ਨੇ ਹੇਅਰ ਡਰੈਸਰ ਐਂਡ ਸਟਾਇਲਿਸਟ ਅਤੇ ਆਬਜ਼ਰਵੇਸ਼ਨ ਹੋਮ ਦੇ 23 ਬੱਚਿਆਂ ਨੇ ਮਲਟੀ ਸਕਿਲ ਟੈਕਨੀਸ਼ੀਅਕੋਰਸ ਮੁਕੰਮਲ ਕੀਤਾ। ਇਨ੍ਹਾਂ ਸਾਰੇ ਬੱਚਿਆਂ ਦੀ 100 ਫੀਸਦੀ ਸਿਖਲਾਈ ਪੂਰੀ ਹੋਣ ਦੇ ਨਾਲ ਉਨ੍ਹਾਂ ਦੀ ਅਸੈਸਮੈਂਟ ਅਤੇ ਸਰਟੀਫਿਕੇਸ਼ਨ ਪ੍ਰਕਿਰਿਆ ਵੀ ਸੰਪੂਰਨ ਹੋ ਚੁੱਕੀ ਹੈ। ਇਹ ਸਫਲਤਾ ਉਨ੍ਹਾਂ ਨੂੰ ਹੁਨਰ ਦੇ ਨਾਲ ਆਤਮ-ਵਿਸ਼ਵਾਸ ਅਤੇ ਸਵੈ-ਨਿਰਭਰ ਜੀਵਨ ਵੱਲ ਅੱਗੇ ਵਧਣ ਦਾ ਮੌਕਾ ਪ੍ਰਦਾਨ ਕਰੇਗੀ। ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੀਆਂ ਹਦਾਇਤਾਂ ਅਨੁਸਾਰ ਰਾਜ ਦੇ ਆਬਜ਼ਰਵੇਸ਼ਨ ਹੋਮਾਂ ਅਤੇ ਸਪੈਸ਼ਲ ਹੋਮਾਂ ਵਿੱਚ ਕੁੱਲ 187 ਬੱਚਿਆਂ ਲਈ ਵੱਖ-ਵੱਖ ਹੁਨਰ ਵਿਕਾਸ ਅਤੇ ਵੋਕੇਸ਼ਨਲ ਟ੍ਰੇਨਿੰਗ ਕੋਰਸ ਸ਼ੁਰੂ ਕੀਤੇ ਗਏ ਹਨ। ਇਨ੍ਹਾਂ ਕੋਰਸਾਂ ਦੀ ਚੋਣ ਬੱਚਿਆਂ ਦੀ ਰੁਚੀ, ਸਮਰੱਥਾ ਅਤੇ ਭਵਿੱਖੀ ਰੋਜ਼ਗਾਰ ਸੰਭਾਵਨਾਵਾਂ ਨੂੰ ਧਿਆਨ ਵਿੱਚ ਰੱਖ ਕੇ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਪੰਜਾਬ ਸਕਿੱਲ ਡਿਵੈਲਪਮੈਂਟ ਮਿਸ਼ਨ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਇਹ ਕੋਰਸ ਬੱਚਿਆਂ ਨੂੰ ਵਿਹਾਰਕ ਹੁਨਰ ਪ੍ਰਦਾਨ ਕਰਨ ਦੇ ਨਾਲ-ਨਾਲ ਸਮਾਜ ਵਿੱਚ ਮੁੜ ਵਸੇਬੇ ਲਈ ਤਿਆਰ ਕਰ ਰਹੇ ਹਨ। ਵਿਭਾਗ ਵੱਲੋਂ ਕੋਰਸ ਪੂਰਾ ਕਰਨ ਵਾਲੇ ਬੱਚਿਆਂ ਨੂੰ ਉਨ੍ਹਾਂ ਦੀ ਯੋਗਤਾ ਅਨੁਸਾਰ ਰੋਜ਼ਗਾਰ ਅਤੇ ਪਲੇਸਮੈਂਟ ਦੇ ਮੌਕੇ ਮੁਹੱਈਆ ਕਰਵਾਉਣ ਲਈ ਵੀ ਯਤਨ ਕੀਤੇ ਜਾ ਰਹੇ ਹਨ।

### ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ

# ਅੱਸੂ ਮਹੀਨੇ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ ਮਨਾਇਆ

## ਕੀਰਤਨ ਉਪਰੰਤ ਭਾਈ ਅਵਤਾਰ ਸਿੰਘ ਜੀ ਵੱਲੋਂ ਸੰਗਤਾਂ ਨੂੰ ਕਥਾ-ਵਿਚਾਰਾਂ ਰਾਹੀਂ ਗੁਰਮਤਿ ਨਾਲ ਜੋੜਿਆ ਗਿਆ ਅਤੇ ਗੁਰੂ ਸਾਹਿਬ ਦੇ ਉਪਦੇਸ਼ਾਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ ਗਿਆ













**ਪਿੰਡ ਰੋਡੇ (ਮੋਗਾ), 17 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਹਰ ਮਹੀਨੇ ਦੀ ਤਰ੍ਹਾਂ ਗੁਰਦੁਆਰਾ ਸੰਤ ਖਾਲਸਾ ਜਨਮ ਅਸਥਾਨ, ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਨਗਰ ਪਿੰਡ ਰੋਡੇ ਵਿਖੇ ਅੱਸੂ ਮਹੀਨੇ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ ਸ਼ਰਧਾ ਅਤੇ ਸਤਿਕਾਰ ਸਹਿਤ ਮਨਾਇਆ ਗਿਆ। ਇਸ ਮੌਕੇ ਅੰਮ੍ਰਿਤ ਵੇਲੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਕੀਰਤਨ ਦਰਬਾਰ ਸਜਾਇਆ ਗਿਆ, ਜਿਸ ਦੌਰਾਨ ਰਾਗੀ ਸਿੰਘਾਂ ਵੱਲੋਂ ਗੁਰਬਾਣੀ ਦਾ ਰਸਭਿੰਨਾ ਕੀਰਤਨ ਕੀਤਾ ਗਿਆ। ਕੀਰਤਨ ਉਪਰੰਤ ਭਾਈ ਅਵਤਾਰ ਸਿੰਘ ਜੀ ਵੱਲੋਂ ਸੰਗਤਾਂ ਨੂੰ ਕਥਾ-ਵਿਚਾਰਾਂ ਰਾਹੀਂ ਗੁਰਮਤਿ ਨਾਲ ਜੋੜਿਆ ਗਿਆ ਅਤੇ ਗੁਰੂ ਸਾਹਿਬ ਦੇ ਉਪਦੇਸ਼ਾਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ ਗਿਆ। ਸ੍ਰੀ ਅਖੰਡ ਪਾਠ ਸਾਹਿਬ ਅਤੇ ਸ੍ਰੀ ਜਪੁਜੀ ਸਾਹਿਬ ਦੀ ਸੇਵਾ ਇੰਗਲੈਂਡ ਨਿਵਾਸੀ ਸਰਦਾਰ ਸੁਰਿੰਦਰ ਸਿੰਘ ਜੀ ਅਤੇ ਸਮੂਹ ਪਰਿਵਾਰ ਵੱਲੋਂ ਕੀਤੀ ਗਈ। ਸਮਾਗਮ ਦੀ ਸਮਾਪਤੀ ਉਪਰੰਤ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਇਸ ਪਵਿੱਤਰ ਦਿਹਾੜੇ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਗੁਰਦੁਆਰਾ ਸਾਹਿਬ ਵਿਖੇ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ••

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243